Advocate
D-803, Nandgram,
Ghaziabad,
Uttar Pradesh 201003
roushan.rupesh@gmail.com

NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

Shyam Sharma (Adv)

PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DISTDHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

NAME CHANGE
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

ਅਸੀਂ ਆਪਣੇ ਕਰਮਚਾਰੀਆਂ ਨੂੰ ਮਹੱਤਵ ਦਿੰਦੇ ਹਾਂ
ਅਸੀਂ ਆਪਣੇ ਪੇਂਸ਼ਨਭੋਗੀਆਂ ਦਾ ਧਿਆਨ ਰਖਦੇ ਹਾਂ

ਉੱਤਰ ਰੇਲਵੇ

ਰਾਸ਼ਟਰਵਿਆਪੀ ਡਿਜਿਟਲ ਜੀਵਨ ਪ੍ਰਮਾਣ-ਪੱਤਰ ਮੁਹਿੰਮ 5.0

ਮੇਗਾ ਕੈਂਪ

ਦਾ ਆਯੋਜਨ ਕਰ ਰਿਹਾ ਹੈ।

ਮਿਤੀ:
19 ਨਵੰਬਰ, 2026 (ਸਮਾਂ:- ਸਵੇਰੇ 11:00 ਵਜੇ)

ਸਥਾਨ:
ਰੇਲਵੇ ਆਫਿਸਸ੍ਰ ਕਲਬ, ਪੀ.ਕੇ. ਰੋਡ,
ਰੇਲਵੇ ਕਾਲੋਨੀ, ਨਵੀਂ ਦਿੱਲੀ

ਬੈਕਾਂ ਵਿਚ ਜੀਵਨ ਪ੍ਰਮਾਣ-ਪੱਤਰ ਪੇਸ਼ ਕਰਨ ਵਿਚ
ਪੇਂਸ਼ਨਭੋਗੀਆਂ/ਪਾਰਿਵਾਰਿਕ ਪੇਂਸ਼ਨਭੋਗੀਆਂ ਦੀ ਸਹਾਇਤਾ ਅਤੇ ਸਹੂਲਤ ਦੇ ਲਈ

ਜਰੂਰੀ ਦਸਤਾਵੇਜ:-

- ਆਧਾਰ ਨੰਬਰ : ਸੁਰੱਖਿਅਤ ਪਹਿਚਾਨ ਤਸਦੀਕ ਦੇ ਲਈ ਵੈਲਿਡ ਆਧਾਰ ਨੰਬਰ ਜਰੂਰੀ ਹੈ।
- ਮੋਬਾਈਲ ਨੰਬਰ: ਓਟੀਪੀ ਪ੍ਰਾਪਤ ਕਰਨ ਸਮੇਤ ਵਖ-ਵਖ ਪ੍ਰਕਿਰਿਆਵਾਂ ਦੇ ਲਈ ਮੋਬਾਈਲ ਨੰਬਰ ਹੋਣਾ ਜਰੂਰੀ ਹੈ।
- ਪੇਂਸ਼ਨ ਦਾ ਵੇਰਵਾ : ਪੇਂਸ਼ਨਭੋਗੀਆਂ ਨੂੰ ਆਪਣੇ ਪੇਂਸ਼ਨ ਵੰਡ ਬੈਂਕ ਖਾਤੇ ਦੀ ਜਾਣਕਾਰੀ ਅਤੇ ਅਨੁਮੋਦਨਕਰਤਾ ਪ੍ਰਾਧਿਕਾਰੀ ਦਾ

ਡਾ. ਹਿਮਾਂਸ਼ੂ ਅਗਰਵਾਲ ਨੇ ਲੁਧਿਆਣਾ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਸੰਭਾਲਿਆ ਅਹੁਦਾ

ਲੁਧਿਆਣਾ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



2014 ਬੈਚ ਦੇ ਆਈਏਐੱਸ ਅਧਿਕਾਰੀ ਡਾ. ਹਿਮਾਂਸ਼ੂ ਅਗਰਵਾਲ ਨੇ ਲੁਧਿਆਣਾ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਜ਼ਮੀਨੀ ਪੱਧਰ 'ਤੇ ਅਸਲ ਲਾਭਪਾਤਰੀਆਂ ਤੱਕ ਪਹੁੰਚਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ।

ਉਨ੍ਹਾਂ ਕਿਹਾ ਕਿ ਪ੍ਰਸ਼ਾਸਨਿਕ ਸੁਧਾਰਾਂ, ਬੁਨਿਆਦੀ ਢਾਂਚੇ ਦੇ ਵਿਕਾਸ, ਸਫ਼ਾਈ, ਟ੍ਰੈਫਿਕ ਵਿਵਸਥਾ, ਨਸ਼ਾ ਮੁਕਤੀ, ਸਿੱਖਿਆ ਅਤੇ ਸਿਹਤ ਸਹੂਲਤਾਂ ਨੂੰ ਬਿਹਤਰ ਬਣਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਨਿੱਜੀ ਤੌਰ 'ਤੇ ਸਮੀਖਿਆ ਕਰਕੇ ਸਮੇਂ ਸਿਰ ਮੁਕੰਮਲ ਕਰਵਾਇਆ ਜਾਵੇਗਾ। ਉਨ੍ਹਾਂ ਪਾਰਦਰਸ਼ੀ ਅਤੇ ਸਮਾਂਬੱਧ ਸਰਕਾਰੀ ਸੇਵਾਵਾਂ ਦੇਣ ਦੇ ਨਾਲ ਲੋਕਾਂ ਦੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਦਾ ਭਰੋਸਾ ਵੀ ਦਿੱਤਾ।

ਡਾ. ਅਗਰਵਾਲ ਨੇ ਦੱਸਿਆ ਕਿ ਲੋਕ ਭਲਾਈ ਦੇ ਕੰਮਾਂ ਲਈ ਰੈੱਡ ਕਰਾਸ ਰਾਹੀਂ ਸਥਾਨਕ ਐੱਨਜੀਓਜ਼ ਦਾ ਸਹਿਯੋਗ ਵੀ ਲਿਆ ਜਾਵੇਗਾ। ਜ਼ਿਕਰਯੋਗ ਹੈ ਕਿ ਉਨ੍ਹਾਂ ਨੇ ਯੂਪੀਐੱਸਸੀ ਪ੍ਰੀਖਿਆ ਵਿੱਚ 28ਵਾਂ ਰੈਂਕ ਹਾਸਲ ਕੀਤਾ ਸੀ ਅਤੇ ਉਹ ਐੱਮਬੀਬੀਐੱਸ ਡਿਗਰੀ ਧਾਰਕ ਹਨ। ਇਸ ਤੋਂ ਪਹਿਲਾਂ ਉਹ ਜਲੰਧਰ, ਫਾਜ਼ਿਲਕਾ, ਗੁਰਦਾਸਪੁਰ ਅਤੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਸਮੇਤ ਕਈ ਅਹਿਮ ਪ੍ਰਸ਼ਾਸਨਿਕ ਅਹੁਦਿਆਂ 'ਤੇ ਸੇਵਾਵਾਂ ਨਿਭਾਅ ਚੁੱਕੇ ਹਨ।

ਅਹੁਦਾ ਸੰਭਾਲਣ ਮੌਕੇ ਉਨ੍ਹਾਂ ਦੇ ਪਿਤਾ ਸੁਰਿੰਦਰ ਅਗਰਵਾਲ ਅਤੇ ਭੈਣ ਨਿਸ਼ੂ ਅਗਰਵਾਲ ਵੀ ਮੌਜੂਦ ਸਨ। ਏਡੀਸੀ ਸਵਾਤੀ ਟਿਵਾਣਾ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਪੰਜਾਬ ਪੁਲਿਸ ਦੀ ਟੁਕੜੀ ਵੱਲੋਂ ਉਨ੍ਹਾਂ ਨੂੰ ਗਾਰਡ ਆਫ਼ ਆਨਰ ਦਿੱਤਾ ਗਿਆ। ਉਨ੍ਹਾਂ ਨੇ ਜ਼ਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਵੱਖ-ਵੱਖ ਯੋਜਨਾਵਾਂ ਦਾ ਜਾਇਜ਼ਾ ਲਿਆ ਅਤੇ ਡੀਸੀ ਦਫ਼ਤਰ ਕੰਪਲੈਕਸ ਦਾ ਦੌਰਾ ਵੀ ਕੀਤਾ।

2017 ਬੈਚ ਦੇ ਆਈ.ਏ.ਐਸ. ਅਧਿਕਾਰੀ ਹਿਮਾਂਸ਼ੂ ਜੈਨ ਨੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

ਮੰਡੀਆਂ ਵਿੱਚ ਕਿਸਾਨਾਂ ਦੀ ਵਿਕਣ ਲਈ ਆਈ ਝੋਨੇ ਦੀ ਫ਼ਸਲ ਦੀ ਨਿਰਵਿਘਨ ਖ਼ਰੀਦ ਯਕੀਨੀ ਬਣਾਈ ਜਾਵੇਗੀ : ਹਿਮਾਂਸ਼ੂ ਜੈਨ

ਪਟਿਆਲਾ, 16 ਨਵੰਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-



2017 ਬੈਚ ਦੇ ਆਈ.ਏ.ਐਸ. ਅਧਿਕਾਰੀ ਹਿਮਾਂਸ਼ੂ ਜੈਨ ਨੇ ਅੱਜ ਪਟਿਆਲਾ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ। ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਕੁਸ਼ਲ ਪ੍ਰਸ਼ਾਸਨਿਕ ਸੇਵਾਵਾਂ ਪ੍ਰਦਾਨ ਕਰਨ ਲਈ ਪ੍ਰਗਤੀਸ਼ੀਲ, ਪਾਰਦਰਸ਼ੀ ਅਤੇ ਲੋਕ-ਕੇਂਦਰਿਤ ਪ੍ਰਸ਼ਾਸਨ ਦੇਣ ਦੀ ਆਪਣੀ ਵਚਨਬੱਧਤਾ ਪ੍ਰਗਟਾਈ ਹੈ।

ਇਸ ਮੌਕੇ ਹਿਮਾਂਸ਼ੂ ਜੈਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਮੰਡੀਆਂ ਵਿੱਚ ਵਿਕਣ ਲਈ ਆਈ ਝੋਨੇ ਦੀ ਫ਼ਸਲ ਦੀ ਨਿਰਵਿਘਨ ਖ਼ਰੀਦ ਯਕੀਨੀ ਬਣਾਉਣ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਭਾਵੇਂ ਪਿਛਲੇ ਸਾਲਾਂ ਦੇ ਮੁਕਾਬਲੇ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਵੱਡੀ ਕਮੀ ਆਈ ਹੈ, ਪਰ ਕਿਸਾਨਾਂ ਨੂੰ ਹੋਰ ਜਾਗਰੂਕ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ, ਤਾਂ ਜੋ ਪਰਾਲੀ ਨੂੰ ਅੱਗ ਲਗਾਏ ਬਿਨਾਂ ਇਸ ਦਾ ਸੁਚੱਜਾ ਪ੍ਰਬੰਧਨ ਕੀਤਾ ਜਾ ਸਕੇ।

ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਹਿਮਾਂਸ਼ੂ ਜੈਨ ਲੁਧਿਆਣਾ ਅਤੇ ਰੂਪਨਗਰ ਦੇ ਡਿਪਟੀ ਕਮਿਸ਼ਨਰ, ਮੁੱਖ ਮੰਤਰੀ ਦਫ਼ਤਰ ਵਿੱਚ ਵਧੀਕ ਪ੍ਰਮੁੱਖ ਸਕੱਤਰ, ਹੁਸ਼ਿਆਰਪੁਰ ਨਗਰ ਨਿਗਮ ਦੇ ਕਮਿਸ਼ਨਰ ਅਤੇ ਜਲੰਧਰ ਵਿੱਚ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸਮੇਤ ਕਈ ਹੋਰ ਅਹਿਮ ਅਹੁਦਿਆਂ 'ਤੇ ਸੇਵਾਵਾਂ ਨਿਭਾ ਚੁੱਕੇ ਹਨ।

ਹਿਮਾਂਸ਼ੂ ਜੈਨ ਵੱਲੋਂ ਪਟਿਆਲਾ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਣ ਮੌਕੇ ਏ.ਡੀ.ਸੀ. (ਜ) ਅਨੁਪ੍ਰਿਤਾ ਜੌਹਲ, ਐਸ.ਪੀ. ਰਾਜੇਸ਼ ਛਿੱਬੜ, ਆਰ.ਟੀ.ਏ. ਪੂਨਮਪ੍ਰੀਤ ਕੌਰ, ਐਸ.ਡੀ.ਐਮਜ਼ ਗੁਰਦੇਵ ਸਿੰਘ ਅਤੇ ਹਰਜੋਤ ਕੌਰ ਮਾਵੀ, ਜ਼ਿਲ੍ਹਾ ਮਾਲ ਅਫ਼ਸਰ ਕਰਮਜੋਤ ਸਿੰਘ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਕੰਟਰੋਲਰ ਡਾ. ਰਵਿੰਦਰ ਕੌਰ ਸਮੇਤ ਡਿਪਟੀ ਕਮਿਸ਼ਨਰ ਦਫ਼ਤਰ ਦੇ ਹੋਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।

ਇਸ ਉਪਰੰਤ ਹਿਮਾਂਸ਼ੂ ਜੈਨ ਨੇ ਜ਼ਿਲ੍ਹਾ ਅਧਿਕਾਰੀਆਂ ਨਾਲ ਸੰਖੇਪ ਮੀਟਿੰਗ ਕਰਕੇ ਵੱਖ-ਵੱਖ ਮਹੱਤਵਪੂਰਨ ਯੋਜਨਾਵਾਂ ਅਤੇ ਪ੍ਰਸ਼ਾਸਨਿਕ ਕੰਮਕਾਜ ਦੀ ਸਮੀਖਿਆ ਕੀਤੀ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਉਨ੍ਹਾਂ ਦੇ ਪੁੱਜਣ 'ਤੇ ਪਟਿਆਲਾ ਪੁਲਿਸ ਦੀ ਟੁਕੜੀ ਵੱਲੋਂ ਗਾਰਡ ਆਫ਼ ਆਨਰ ਪੇਸ਼ ਕਰਕੇ ਸਲਾਮੀ ਦਿੱਤੀ ਗਈ।

ਪਟਿਆਲਾ ਵਿਖੇ ਚੌਥੀ ਕੈਡੇਟ ਜੂਨੀਅਰ ਸਟੇਟ ਕੁਰਾਸ਼ ਚੈਂਪੀਅਨਸ਼ਿਪ ਕਰਵਾਈ

ਪਟਿਆਲਾ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਸ. ਹਰਸਨਦੀਪ ਸਿੰਘ ਗਿੱਲ ਮੈਮੋਰੀਅਲ ਚੈਰੀਟੇਬਲ ਸੁਸਾਇਟੀ (ਰਜਿ.) ਵੱਲੋਂ ਸਪੋਰਟਸ ਕਲੱਬ, ਸਾਹਿਬ ਨਗਰ ਥੇੜੀ, ਅਰਬਨ ਅਸਟੇਟ, ਫੇਜ਼ 1, ਪਟਿਆਲਾ ਵਿਖੇ ਦੋ-ਰੋਜ਼ਾ 'ਚੌਥੀ ਕੈਡੇਟ ਜੂਨੀਅਰ ਸਟੇਟ ਕੁਰਾਸ਼ ਚੈਂਪੀਅਨਸ਼ਿਪ 2026' ਦਾ ਬਹੁਤ ਹੀ ਸ਼ਾਨਦਾਰ ਆਯੋਜਨ ਕੀਤਾ ਗਿਆ। ਇਹ ਚੈਂਪੀਅਨਸ਼ਿਪ 10 ਅਤੇ 11 ਨਵੰਬਰ ਨੂੰ ਕਰਵਾਈ ਗਈ। ਇਹ ਟੂਰਨਾਮੈਂਟ ਸ. ਜਗਜੀਤ ਸਿੰਘ ਗਿੱਲ (ਰਿਟਾਇਰਡ ਐੱਸ.ਪੀ.) ਜੀ ਦੇ ਹੋਣਹਾਰ ਸਪੁੱਤਰ, ਸ. ਹਰਸਨਦੀਪ ਸਿੰਘ ਗਿੱਲ (ਸਾਬਕਾ ਐੱਸ.ਐੱਚ.ਓ. ਸਦਰ ਸਮਾਣਾ) ਜੀ ਦੇ 40ਵੇਂ ਜਨਮ ਦਿਨ ਨੂੰ ਸਮਰਪਿਤ ਸੀ। ਇਸ ਚੈਂਪੀਅਨਸ਼ਿਪ ਵਿੱਚ ਅੰਡਰ 14, ਅੰਡਰ 18 ਅਤੇ ਓਪਨ ਵਰਗ ਦੇ ਲੜਕੇ ਅਤੇ ਲੜਕੀਆਂ ਦੇ ਵੱਖ-ਵੱਖ ਭਾਰ ਵਰਗ ਦੇ ਰੋਮਾਂਚਕ ਮੁਕਾਬਲੇ ਕਰਵਾਏ ਗਏ। 10 ਨਵੰਬਰ ਨੂੰ ਖਿਡਾਰੀਆਂ ਦਾ ਵਜ਼ਨ ਕੀਤਾ ਗਿਆ ਸੀ ਅਤੇ ਅੱਜ 11 ਨਵੰਬਰ ਨੂੰ ਫਾਈਨਲ ਮੁਕਾਬਲੇ ਅਤੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।

ਛੇ ਮਹੀਨਿਆਂ 'ਚ ਨਸ਼ਾ ਤੇ ਸਿਹਤ ਸੇਵਾਵਾਂ ਨਾ ਸੁਧਰੀਆਂ ਤਾਂ ਦੇਵਾਂਗਾ ਅਸਤੀਫ਼ਾ: ਅਰਸ਼ ਸੱਚਰ

ਫਰੀਦਕੋਟ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਆਮ ਆਦਮੀ ਪਾਰਟੀ ਪੰਜਾਬ ਦੇ ਵਪਾਰ ਵਿੰਗ ਦੇ ਸੂਬਾ ਮੀਤ ਪ੍ਰਧਾਨ ਅਰਸ਼ ਸੱਚਰ ਨੇ ਮਿਸ਼ਨ 2027 ਤਹਿਤ ਕਿਹਾ ਕਿ ਜੇਕਰ ਉਹ ਹਲਕਾ ਫ਼ਰੀਦਕੋਟ ਤੋਂ ਵਿਧਾਇਕ ਚੁਣੇ ਜਾਂਦੇ ਹਨ ਤਾਂ ਨਸ਼ਿਆਂ ਦੀ ਸਮੱਸਿਆ ਖ਼ਤਮ ਕਰਨਾ ਅਤੇ ਸਰਕਾਰੀ ਸਿਹਤ ਸੇਵਾਵਾਂ ਵਿੱਚ ਸੁਧਾਰ ਲਿਆਉਣਾ ਉਨ੍ਹਾਂ ਦੀਆਂ ਮੁੱਖ ਤਰਜੀਹਾਂ ਹੋਣਗੀਆਂ।

ਉਨ੍ਹਾਂ ਐਲਾਨ ਕੀਤਾ ਕਿ ਵਿਧਾਇਕ ਬਣਨ ਤੋਂ ਛੇ ਮਹੀਨਿਆਂ ਅੰਦਰ ਜੇਕਰ ਉਹ ਇਨ੍ਹਾਂ ਦੋਵਾਂ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਅਸਫ਼ਲ ਰਹੇ ਤਾਂ ਅਸਤੀਫ਼ਾ ਦੇ ਦੇਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਲਈ ਕੁਰਸੀ ਨਾਲੋਂ ਲੋਕਾਂ ਦਾ ਭਰੋਸਾ ਵੱਡਾ ਹੈ। ਸੱਚਰ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਅਤੇ ਆਮ ਲੋਕਾਂ ਨੂੰ ਸਰਕਾਰੀ ਹਸਪਤਾਲਾਂ ਵਿੱਚ ਬਿਹਤਰ ਇਲਾਜ ਮੁਹੱਈਆ ਕਰਵਾਉਣਾ ਸਮੇਂ ਦੀ ਮੁੱਖ ਲੋੜ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਦੇ ਇਸ ਵਾਅਦੇ ਨੂੰ ਯਾਦ ਰੱਖਣ ਅਤੇ ਵਿਧਾਇਕ ਬਣਨ ਤੋਂ ਛੇ ਮਹੀਨੇ ਬਾਅਦ ਉਨ੍ਹਾਂ ਕੋਲੋਂ ਜਵਾਬਦੇਹੀ ਮੰਗਣ।

ਬਰਿੰਦਰ ਗੋਇਲ ਨੇ ਹਾਦਸਾਗ੍ਰਸਤ ਪੀਆਰਟੀਸੀ ਬੱਸ ਦੀਆਂ ਜ਼ਖ਼ਮੀ ਸਵਾਰੀਆਂ ਦਾ ਰਾਜਿੰਦਰਾ ਹਸਪਤਾਲ ਵਿਖੇ ਦਾ ਹਾਲ-ਚਾਲ ਜਾਣਿਆ

ਪੰਜਾਬ ਸਰਕਾਰ ਪੀੜਤ ਪਰਿਵਾਰਾਂ ਨੂੰ ਹਰ ਸੰਭਵ ਵਿੱਤੀ ਸਹਾਇਤਾ ਦੇਵੇਗੀ: ਬਰਿੰਦਰ ਗੋਇਲ

ਪਟਿਆਲਾ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਦੇ ਜਲ ਸਰੋਤ, ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਪਾਣੀ ਦੀ ਸੰਭਾਲ ਮੰਤਰੀ ਸ੍ਰੀ ਬਰਿੰਦਰ ਗੋਇਲ ਅੱਜ ਸਰਕਾਰੀ ਰਾਜਿੰਦਰਾ ਹਸਪਤਾਲ, ਪਟਿਆਲਾ ਵਿਖੇ ਸੰਗਰੂਰ ਨੇੜੇ ਵਾਪਰੇ ਪੀਆਰਟੀਸੀ ਬੱਸ ਹਾਦਸੇ ਦੇ ਜ਼ਖ਼ਮੀਆਂ ਦਾ ਹਾਲ-ਚਾਲ ਪੁੱਛਣ ਲਈ ਪਹੁੰਚੇ। ਇਸ ਮੌਕੇ ਉਨ੍ਹਾਂ ਜ਼ਖ਼ਮੀਆਂ ਦੇ ਇਲਾਜ ਸਬੰਧੀ ਡਾਕਟਰਾਂ ਤੋਂ ਜਾਣਕਾਰੀ ਹਾਸਲ ਕੀਤੀ ਅਤੇ ਉਨ੍ਹਾਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਓਹਨਾ ਦੇ ਨਾਲ ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ, ਵਾਈਸ ਚੇਅਰਮੈਨ ਸ੍ਰੀ ਗੁਰਵਿੰਦਰ ਸਿੰਘ ਅਤੇ ਪੀਆਰਟੀਸੀ ਦੇ ਐਡੀਸ਼ਨਲ ਮੈਨੇਜਿੰਗ ਡਾਇਰੈਕਟਰ ਸ਼੍ਰੀ ਨਵਦੀਪ ਕੁਮਾਰ, ਐਸ.ਡੀ.ਐਮ. ਗੁਰਦੇਵ ਸਿੰਘ ਵੀ ਮੌਜੂਦ ਸਨ।

ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਗੋਇਲ ਨੇ ਦੱਸਿਆ ਕਿ ਧੂਰੀ ਤੋਂ ਪਟਿਆਲਾ ਹੁੰਦੇ ਹੋਏ ਚੰਡੀਗੜ੍ਹ ਜਾ ਰਹੀ ਪੀਆਰਟੀਸੀ ਦੀ ਬੱਸ ਸੰਗਰੂਰ ਨੇੜੇ ਹਾਦਸੇ ਦਾ ਸ਼ਿਕਾਰ ਹੋ ਗਈ, ਜਿਸ ਵਿੱਚ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚ ਦੋ ਔਰਤਾਂ ਅਤੇ ਇੱਕ ਪੁਰਸ਼ ਸ਼ਾਮਲ ਹਨ, ਜਦਕਿ ਕਰੀਬ 25 ਵਿਅਕਤੀ ਜ਼ਖ਼ਮੀ ਹੋਏ ਹਨ। ਹਾਦਸੇ ਤੋਂ ਬਾਅਦ 14 ਜ਼ਖ਼ਮੀਆਂ ਨੂੰ ਸੰਗਰੂਰ ਦੇ ਹਸਪਤਾਲ ਅਤੇ 11 ਨੂੰ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ ਸੀ। ਸੰਗਰੂਰ ਵਿਖੇ ਦਾਖ਼ਲ 14 ਜ਼ਖ਼ਮੀਆਂ ਵਿੱਚੋਂ 13 ਨੂੰ ਛੁੱਟੀ ਦੇ ਦਿੱਤੀ ਗਈ ਹੈ, ਜਦਕਿ ਰਾਜਿੰਦਰਾ ਹਸਪਤਾਲ ਵਿਖੇ ਦਾਖ਼ਲ 11 ਮਰੀਜ਼ਾਂ ਵਿੱਚੋਂ 6 ਨੂੰ ਛੁੱਟੀ ਮਿਲ ਚੁੱਕੀ ਹੈ ਅਤੇ ਬਾਕੀ 5 ਮਰੀਜ਼ਾਂ ਦਾ ਇਲਾਜ ਜਾਰੀ ਹੈ।

ਉਨ੍ਹਾਂ ਦੱਸਿਆ ਕਿ ਜਿਨ੍ਹਾਂ ਮਰੀਜ਼ਾਂ ਦੇ ਫ੍ਰੈਕਚਰ ਹੋਏ ਹਨ, ਉਨ੍ਹਾਂ ਦੇ ਲੋੜੀਂਦੇ ਆਪ੍ਰੇਸ਼ਨ ਕਰਨ ਲਈ ਡਾਕਟਰਾਂ ਦੀਆਂ ਟੀਮਾਂ ਤਾਇਨਾਤ ਹਨ ਅਤੇ ਸਾਰੇ ਜ਼ਖ਼ਮੀਆਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਇਸ ਹਾਦਸੇ ਨੂੰ ਬੇਹੱਦ ਦੁਖਦਾਈ ਦੱਸਦਿਆਂ ਕਿਹਾ ਕਿ ਹਾਦਸੇ ਵਿੱਚ ਇੱਕ ਮਾਂ ਦੀ ਮੌਤ ਹੋ ਗਈ, ਜਿਸ ਦਾ ਚਾਰ-ਪੰਜ ਸਾਲ ਦਾ ਬੱਚਾ ਕੈਂਸਰ ਦੀ ਬਿਮਾਰੀ ਨਾਲ ਜੂਝ ਰਿਹਾ ਹੈ ਅਤੇ ਆਪਣੀ ਮਾਂ ਨਾਲ ਇਲਾਜ ਲਈ ਜਾ ਰਿਹਾ ਸੀ। ਬੱਚੇ ਦੀ ਦਾਦੀ ਦੀ ਵੀ ਕੁਝ ਮਹੀਨੇ ਪਹਿਲਾਂ ਮੌਤ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਹ ਘਟਨਾ ਬੇਹੱਦ ਦਰਦਨਾਕ ਹੈ ਅਤੇ ਇਸ ਬੱਚੇ ਨੂੰ ਬਹੁਤ ਵੱਡੇ ਸਹਾਰੇ ਦੀ ਲੋੜ ਹੈ।ਓਹਨਾ ਚੋਪੜਾ ਵੀ ਹਾਜ਼ਰ ਸਨ।

ਦੱਸਿਆ ਕਿ ਬੱਸ ਦਾ ਡਰਾਈਵਰ ਡੀਐਮਸੀ ਹਸਪਤਾਲ ਵਿਖੇ ਅਤੇ ਕੰਡਕਟਰ ਮਾਲੇਰਕੋਟਲਾ ਵਿਖੇ ਜ਼ੇਰੇ ਇਲਾਜ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਵਿਅਕਤੀਆਂ ਨੂੰ ਵਾਪਸ ਤਾਂ ਨਹੀਂ ਲਿਆਂਦਾ ਜਾ ਸਕਦਾ ਪਰ ਪੰਜਾਬ ਸਰਕਾਰ ਅਤੇ ਪੀਆਰਟੀਸੀ ਦੇ ਨਿਯਮਾਂ ਅਨੁਸਾਰ ਪੀੜਤ ਪਰਿਵਾਰਾਂ ਨੂੰ ਹਰ ਸੰਭਵ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ। ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਸਾਰੇ ਪੀੜਤ ਪਰਿਵਾਰਾਂ ਦੇ ਨਾਲ ਖੜ੍ਹੀ ਹੈ ਅਤੇ ਜ਼ਖ਼ਮੀਆਂ ਦੇ ਇਲਾਜ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਮੈਡੀਕਲ ਕਾਲਜ ਦੇ ਡਾਇਰੈਕਟਰ-ਪ੍ਰਿੰ.ਸੀਪਲ ਡਾ. ਆਰ.ਪੀ.ਐੱਸ. ਸਿਬੀਆ ਅਤੇ ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਚੋਪੜਾ ਵੀ ਹਾਜ਼ਰ ਸਨ।

ਮਹਾਤਮਾ ਰਾਮਦਾਸ ਸਿੱਧ ਗੋਦੜੀ ਵਾਲਿਆਂ ਦੀ ਬਰਸੀ ਮੌਕੇ ਨੂਰਪੁਰ ਖੁਰਦ ਵਿਖੇ ਧਾਰਮਿਕ ਸਮਾਗਮ ਕਰਵਾਉਣ ਦਾ ਫੈਸਲਾ

ਨੂਰਪੁਰਬੇਦੀ 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਪਿੰਡ ਨੂਰਪੁਰ ਖੁਰਦ ਸਥਿਤ ਸਤੀ ਮਾਤਾ ਮੰਦਰ ਵਿਖੇ ਮਹਾਤਮਾ ਰਾਮਦਾਸ ਸਿੱਧ ਗੋਦੜੀ ਵਾਲਿਆਂ ਦੀ ਬਰਸੀ ਦੇ ਸਬੰਧ ਵਿੱਚ ਸਮੂਹ ਸਾਧ ਸੰਗਤ ਅਤੇ ਪ੍ਰਬੰਧਕਾਂ ਦੇ ਸਹਿਯੋਗ ਨਾਲ ਵਿਸ਼ਾਲ ਧਾਰਮਿਕ ਸਮਾਗਮ ਅਤੇ ਭੰਡਾਰਾ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਸੇਵਾਦਾਰ ਅਵਤਾਰ ਦਾਸ ਸਾਈਂ ਗੱਦੀ ਨਸ਼ੀਨ ਨੇ ਦੱਸਿਆ ਕਿ ਬਰਸੀ ਸਮਾਗਮ ਸਬੰਧੀ 21 ਨਵੰਬਰ ਨੂੰ ਮਹਿੰਦੀ ਦੀ ਰਸਮ ਅਦਾ ਕੀਤੀ ਜਾਵੇਗੀ, ਜਦਕਿ ਸਮਾਗਮ ਵਾਲੇ ਦਿਨ 22 ਨਵੰਬਰ ਨੂੰ ਵਿਸ਼ਾਲ ਭੰਡਾਰਾ ਕਰਵਾਇਆ ਜਾਵੇਗਾ। ਇਸ ਮੌਕੇ ਬੰਟੀ ਕਵਾਲ ਜਲੰਧਰ ਵਾਲੇ ਧਾਰਮਿਕ ਪ੍ਰੋਗਰਾਮ ਪੇਸ਼ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ।

ਉਨ੍ਹਾਂ ਦੱਸਿਆ

ਦਿਲੀ ਗੁਰਦੁਆਰਾ ਕਮੇਟੀ ਦੇ ਕਰਮਚਾਰੀਆਂ ਨੂੰ ਉਕਸਾਉਣ ਦੀ ਬਜਾਏ ਆਪਣਾ ਪਿਛਲਾ ਕਾਰਜਕਾਲ ਯਾਦ ਕਰਨ ਸਰਨਾ: ਕਾਲਕਾ, ਕਾਹਲੋਂ

ਕਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਦਿੱਲੀ ਕਮੇਟੀ ਵਚਨਬੱਧ, ਤਨਖ਼ਾਹਾਂ, ਭੱਤੇ ਅਤੇ ਪੀਐੱਫ ਦੀਆਂ ਅਦਾਇਗੀਆਂ ਨਿਯਮਿਤ ਤੌਰ 'ਤੇ ਕੀਤੀਆਂ ਜਾ ਰਹੀਆਂ ਹਨ: ਕਾਲਕਾ, ਕਾਹਲੋਂ

ਨਵੀਂ ਦਿੱਲੀ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਰਨਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਅੱਜ ਇੱਕ ਬਿਆਨ ਜਾਰੀ ਕਰਦਿਆਂ ਸਰਦਾਰ ਪਰਮਜੀਤ ਸਿੰਘ ਸਰਨਾ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਰਮਚਾਰੀਆਂ ਵੱਲੋਂ ਬਾਹਵਾਂ ਦੇ ਕਾਲੀ ਪੱਟੀ ਬੰਨ ਕੇ ਪ੍ਰਦਰਸ਼ਨ ਸਬੰਧੀ ਜਾਰੀ ਕੀਤੀ ਗਈ ਵੀਡੀਓ 'ਤੇ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਪਰਮਜੀਤ ਸਿੰਘ ਸਰਨਾ ਨੂੰ ਦੂਜਿਆਂ ਨੂੰ ਨਸੀਹਤ ਦੇਣ ਤੋਂ ਪਹਿਲਾਂ ਆਪਣੇ ਪ੍ਰਧਾਨਗੀ ਕਾਰਜਕਾਲ ਦੌਰਾਨ ਵਾਪਰੀਆਂ ਘਟਨਾਵਾਂ ਨੂੰ ਵੀ ਯਾਦ ਕਰਨਾ ਚਾਹੀਦਾ ਹੈ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋਵੇਂ ਆਗੂਆਂ ਨੇ ਕਿਹਾ ਕਿ ਪਰਮਜੀਤ ਸਿੰਘ ਸਰਨਾ ਵੱਲੋਂ ਕਰਮਚਾਰੀਆਂ ਦੇ ਬਾਂਹਾਂ 'ਤੇ ਕਾਲੀਆਂ ਪੱਟੀਆਂ ਬੰਨ੍ਹ ਕੇ ਕੰਮ ਕਰਨ ਦੀ ਘਟਨਾ ਨੂੰ ਜਿਸ ਤਰੀਕੇ ਨਾਲ ਪੇਸ਼ ਕੀਤਾ ਜਾ ਰਿਹਾ ਹੈ, ਉਹ ਬੇਹੱਦ ਹੈਰਾਨੀਜਨਕ ਹੈ।



ਕਾਲਕਾ ਅਤੇ ਕਾਹਲੋਂ ਨੇ ਦੋਸ਼ ਲਾਇਆ ਕਿ ਪਰਮਜੀਤ ਸਿੰਘ ਸਰਨਾ ਆਪਣੇ ਘਰ ਅਤੇ ਆਪਣੇ ਨਜ਼ਦੀਕੀ ਲੋਕਾਂ ਰਾਹੀਂ ਕੁਝ ਕਰਮਚਾਰੀਆਂ ਨੂੰ ਵਾਰ-ਵਾਰ ਬੁਲਾ ਕੇ ਉਨ੍ਹਾਂ ਨੂੰ ਮੌਜੂਦਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕਾਂ ਵਿਰੁੱਧ ਉਕਸਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਤਾਂ ਜੋ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਦਰ ਬੇਲੋੜਾ ਤਣਾਅ ਅਤੇ ਅਸਥਿਰਤਾ ਪੈਦਾ ਕੀਤੀ ਜਾ ਸਕੇ।

ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਪਰਮਜੀਤ ਸਿੰਘ ਸਰਨਾ ਨੂੰ ਉਨ੍ਹਾਂ ਦੇ ਪ੍ਰਧਾਨਗੀ ਕਾਰਜਕਾਲ ਦੀ ਯਾਦ ਦਿਵਾਉਂਦਿਆਂ ਕਿਹਾ ਕਿ ਜੇਕਰ ਉਹ ਇਤਿਹਾਸਕ ਘਟਨਾਵਾਂ ਦੀ ਗੱਲ ਕਰਦੇ ਹਨ ਤਾਂ ਉਨ੍ਹਾਂ ਨੂੰ ਉਹ ਦਿਨ ਵੀ ਯਾਦ ਕਰਨੇ ਚਾਹੀਦੇ ਹਨ, ਜਦੋਂ ਉਨ੍ਹਾਂ ਦੀ ਪ੍ਰਧਾਨਗੀ ਦੌਰਾਨ ਦਿੱਲੀ ਕਮੇਟੀ ਦੇ ਸਮੁੱਚੇ ਸਟਾਫ਼ ਨੇ ਬਹੁਤ ਹੀ ਅਪਮਾਨਜਨਕ ਅਤੇ ਅਸਾਧਾਰਨ ਢੰਗ ਨਾਲ ਵਿਰੋਧ ਪ੍ਰਦਰਸ਼ਨ ਕੀਤਾ ਸੀ। ਉਸ ਸਮੇਂ ਕਰਮਚਾਰੀ ਕੇਵਲ ਕਛਹਿਰੇ ਵਿੱਚ, ਗਾਤਰੇ ਸਜਾ ਕੇ ਅਤੇ ਦਸਤਾਰਾਂ ਬੰਨ੍ਹ ਕੇ ਉਨ੍ਹਾਂ ਦੇ ਘਰਾਂ ਦੇ ਬਾਹਰ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਏ ਸਨ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਦਾ ਹਵਾਲਾ ਦੇਣ ਤੋਂ ਪਹਿਲਾਂ ਸਰਨਾ ਨੂੰ ਆਪਣੇ ਕਾਰਜਕਾਲ ਦੇ ਤੱਥਾਂ 'ਨੂੰ ਵੀ ਯਾਦ ਕਰਨਾ ਚਾਹੀਦਾ ਹੈ।

ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਉਨ੍ਹਾਂ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਰਮਚਾਰੀਆਂ 'ਤੇ ਹਮੇਸ਼ਾ ਮਾਣ ਰਿਹਾ ਹੈ, ਜਿਨ੍ਹਾਂ ਨੇ ਦਿੱਲੀ ਗੁਰਦੁਆਰਾ ਕਮੇਟੀ ਦੀ ਬਿਹਤਰੀ ਅਤੇ ਇਸ ਦੇ ਪ੍ਰਬੰਧਕੀ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੂਰੀ ਵਚਨਬੱਧਤਾ ਨਾਲ ਸਹਿਯੋਗ ਦਿੱਤਾ ਹੈ। ਦੋਵੇਂ ਆਗੂਆਂ ਨੇ ਕਿਹਾ ਕਿ ਮੌਜੂਦਾ ਪ੍ਰਬੰਧਕਾਂ ਵੱਲੋਂ ਵੀ ਕਰਮਚਾਰੀਆਂ ਦੇ ਮਾਣ-ਸਨਮਾਨ ਅਤੇ ਹੱਕਾਂ ਦੀ ਰਾਖੀ ਨੂੰ ਹਮੇਸ਼ਾ ਤਰਜੀਹ ਦਿੱਤੀ ਗਈ ਹੈ।

ਉਨ੍ਹਾਂ ਸਰਨਾ ਵੱਲੋਂ ਕਰਮਚਾਰੀਆਂ ਦੀਆਂ ਮੰਗਾਂ ਬਾਰੇ ਉਠਾਏ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਕਮੇਟੀ ਵੱਲੋਂ ਕਰਮਚਾਰੀਆਂ ਦੀਆਂ ਤਨਖ਼ਾਹਾਂ, ਭੱਤਿਆਂ ਅਤੇ ਹੋਰ ਵਿੱਤੀ ਹੱਕਾਂ ਦੀ ਅਦਾਇਗੀ ਨਿਯਮਿਤ ਤੌਰ 'ਤੇ ਕੀਤੀ ਜਾ ਰਹੀ ਹੈ। ਇਸ ਮਹੀਨੇ ਵੀ ਕਰਮਚਾਰੀਆਂ ਦੇ ਪ੍ਰੋਵੀਡੈਂਟ ਫੰਡ (ਪੀਐੱਫ) ਵਿੱਚ ਕਰੋੜਾਂ ਰੁਪਏ ਜਮ੍ਹਾਂ ਕਰਵਾਏ ਗਏ ਹਨ।

ਉਨ੍ਹਾਂ ਸਵਾਲ ਕੀਤਾ ਕਿ ਜਦੋਂ ਕਰਮਚਾਰੀਆਂ ਦੇ ਵਿੱਤੀ ਹਿੱਤਾਂ ਦੀ ਰਾਖੀ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ ਤਾਂ ਫਿਰ ਉਨ੍ਹਾਂ ਨੂੰ ਗੁੰਮਰਾਹ ਕਰਕੇ ਸੰਸਥਾ ਦੇ ਅੰਦਰ ਅਸ਼ਾਂਤੀ ਪੈਦਾ ਕਰਨ ਦਾ ਕੀ ਮਕਸਦ ਹੈ?

ਸਰਦਾਰ ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਸਰਨਾ ਨੂੰ ਕਰਮਚਾਰੀਆਂ ਦੀਆਂ ਸਮੱਸਿਆਵਾਂ ਦੀ ਚਿੰਤਾ ਹੋਣ ਦਾ ਦਾਅਵਾ ਕਰਨ ਤੋਂ ਪਹਿਲਾਂ ਆਪਣੇ 12 ਸਾਲਾਂ ਦੇ ਕਾਰਜਕਾਲ ਦਾ ਵੀ ਆਤਮ-ਮੰਥਨ ਕਰਨਾ ਚਾਹੀਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਉਸ ਸਮੇਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਤਾਨਾਸ਼ਾਹੀ ਵਾਲਾ ਰਵੱਈਆ ਅਪਣਾਇਆ ਗਿਆ ਅਤੇ ਕਰਮਚਾਰੀਆਂ ਦੀਆਂ ਭਾਵਨਾਵਾਂ ਤੇ ਹੱਕਾਂ ਨੂੰ ਉਹ ਸਨਮਾਨ ਨਹੀਂ ਮਿਲਿਆ, ਜਿਸ ਦੀ ਉਨ੍ਹਾਂ ਨੂੰ ਉਮੀਦ ਸੀ। ਇਸ ਦੇ ਵਿਰੁੱਧ ਮੌਜੂਦਾ ਦਿਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕਾਂ ਨੇ ਕਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਕਈ ਅਹਿਮ ਕਦਮ ਚੁੱਕੇ ਹਨ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਨ ਲਈ ਯਤਨਸ਼ੀਲ ਹਨ।

ਉਨ੍ਹਾਂ ਕਿਹਾ ਕਿ ਕੁਝ ਗਿਣਤੀ ਦੇ ਲੋਕਾਂ ਵੱਲੋਂ ਵਾਰ-ਵਾਰ ਕਰਮਚਾਰੀਆਂ ਨੂੰ ਇਕੱਠਾ ਕਰਕੇ ਪ੍ਰਬੰਧਕੀ ਮਾਹੌਲ ਖ਼ਰਾਬ ਕਰਨ ਦੇ ਯਤਨ ਕੀਤੇ ਜਾ ਰਹੇ ਹਨ, ਪਰ ਅਜਿਹੀਆਂ ਕੋਸ਼ਿਸ਼ਾਂ ਨਾਲ ਨਾ ਤਾਂ ਕਮੇਟੀ ਦਾ ਕੰਮਕਾਜ ਪ੍ਰਭਾਵਿਤ ਹੋਵੇਗਾ ਅਤੇ ਨਾ ਹੀ ਸੰਗਤ ਦਾ ਮੌਜੂਦਾ ਪ੍ਰਬੰਧਕਾਂ ਪ੍ਰਤੀ ਵਿਸ਼ਵਾਸ ਡੋਲ੍ਹੇਗਾ।

ਸਰਨਾ 'ਤੇ ਸਿਆਸੀ ਦੋਹਰੇ ਮਾਪਦੰਡ ਅਪਣਾਉਣ ਦਾ ਦੋਸ਼ ਲਾਉਂਦਿਆਂ ਕਾਲਕਾ ਨੇ ਕਿਹਾ ਕਿ ਜਿਹੜੇ ਲੋਕ ਕਈ ਸਾਲਾਂ ਤੱਕ ਬਾਦਲ ਪਰਿਵਾਰ ਵਿਰੁੱਧ ਬਿਆਨਬਾਜ਼ੀ ਕਰਦੇ ਰਹੇ, ਅੱਜ ਉਹੀ ਉਸ ਪਰਿਵਾਰ ਦੇ ਨਾਲ ਖੜ੍ਹੇ ਦਿਖਾਈ ਦੇ ਰਹੇ ਹਨ। ਉਨ੍ਹਾਂ ਸਵਾਲ ਕੀਤਾ ਕਿ ਅਜਿਹੇ ਬਦਲਦੇ ਰਾਜਨੀਤਿਕ ਰੁਖ਼ ਦੇ ਮੱਦੇਨਜ਼ਰ ਸੰਗਤ ਉਨ੍ਹਾਂ 'ਤੇ ਭਰੋਸਾ ਕਿਵੇਂ ਕਰੇ?

ਉਨ੍ਹਾਂ ਕਿਹਾ ਕਿ ਦਿੱਲੀ ਦੇ ਸਿੱਖ ਭਾਈਚਾਰੇ ਵਿੱਚ ਆਪਸੀ ਸਦਭਾਵਨਾ ਅਤੇ ਸਿੱਖ ਸੰਸਥਾਵਾਂ ਦੀ ਮਜ਼ਬੂਤੀ ਬਹੁਤ ਜ਼ਰੂਰੀ ਹੈ। ਸਿੱਖ ਸੰਸਥਾਵਾਂ ਨੂੰ ਆਪਸੀ ਟਕਰਾਅ ਅਤੇ ਨਿੱਜੀ ਰਾਜਨੀਤਿਕ ਹਿੱਤਾਂ ਦੀ ਭੇਟ ਚੜ੍ਹਾਉਣ ਦੀ ਬਜਾਏ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਸੇਵਾ, ਸਿਮਰਨ ਅਤੇ ਸੰਗਤ ਦੇ ਹਿੱਤਾਂ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ।

ਗੋਲਡ ਮੈਡਲ ਜੇਤੂ ਬਿਕਰਮ ਸਿੰਘ ਦੇ ਸਨਮਾਨ ਮੌਕੇ ਦਿਵਾਨਵਾਲਾ 'ਚ ਉਮੜਿਆ ਜਨ ਸੈਲਾਬ

ਅਜਿਹੇ ਖਿਡਾਰੀ ਹੀ ਹੋਰਨਾਂ ਨੌਜਵਾਨਾਂ ਲਈ ਬਣਦੇ ਹਨ ਮਾਰਗਦਰਸ਼ਕ: ਰਣਜੋਧ ਸਿੰਘ ਹਡਾਣਾ



ਦੇਵੀਗੜ੍ਹ, 16 ਨਵੰਬਰ-ਵਿਜੈ ਸ਼ਰਮਾ-
-ਕੌਮੀ ਪੱਤ੍ਰਿਕਾ ਬਿਊਰੋ-

ਨੈਸ਼ਨਲ ਗੇਮਜ਼ ਐਥਲੈਟਿਕਸ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਗਮਾ (ਗੋਲਡ ਮੈਡਲ) ਜਿੱਤ ਕੇ ਪੂਰੇ ਦੇਸ਼ ਵਿੱਚ ਪੰਜਾਬ ਅਤੇ ਹਲਕਾ ਸਨੌਰ ਦਾ ਨਾਮ ਰੌਸ਼ਨ ਕਰਨ ਵਾਲੇ ਪਿੰਡ ਦਿਵਾਨਵਾਲਾ ਦੇ ਹੋਣਹਾਰ ਨੌਜਵਾਨ ਅਥਲੀਟ ਬਿਕਰਮ ਸਿੰਘ ਦਾ ਪਿੰਡ ਪਹੁੰਚਣ 'ਤੇ ਬੇਮਿਸਾਲ ਅਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਇਤਿਹਾਸਕ ਪਲ ਦੇ ਗਵਾਹ ਬਣਨ ਅਤੇ ਆਪਣੇ ਚਹੇਤੇ ਖਿਡਾਰੀ ਦੀ ਹੌਸਲਾ-ਅਫ਼ਜ਼ਾਈ ਲਈ ਪਿੰਡ ਦਿਵਾਨਵਾਲਾ ਵਿਖੇ ਭਾਰੀ ਇਕੱਠ ਦੇਖਣ ਨੂੰ ਮਿਲਿਆ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਦਾ ਜਨ ਸੈਲਾਬ ਉਮੜ ਪਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਬਿਕਰਮ ਸਿੰਘ ਦਾ ਮੂੰਹ ਮਿੱਠਾ ਕਰਵਾਇਆ ਅਤੇ ਸਿਰੋਪਾਓ ਪਹਿਨਾ ਕੇ ਹੋਣਹਾਰ ਅਥਲੀਟ ਦੀ ਪਿੱਠ ਥਾਪੜੀ।

ਇਸ ਮੌਕੇ ਉਮੜੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਬਿਕਰਮ ਸਿੰਘ ਵਰਗੇ ਮਿਹਨਤੀ ਅਤੇ ਜੁਝਾਰੂ ਨੌਜਵਾਨ ਸਾਡੇ ਸਮਾਜ ਦਾ ਅਸਲ ਸਰਮਾਇਆ ਹਨ ਅਤੇ ਹੋਰਨਾਂ ਨੌਜਵਾਨਾਂ ਲਈ ਮਾਰਗਦਰਸ਼ਕ ਵੀ ਹਨ, ਜਿਨ੍ਹਾਂ ਨੇ ਆਪਣੀ ਅਣਥੱਕ ਮਿਹਨਤ ਸਦਕਾ ਰਾਸ਼ਟਰੀ ਪੱਧਰ 'ਤੇ ਵੱਡੀ ਪ੍ਰਾਪਤੀ ਹਾਸਲ ਕਰਕੇ ਪਿੰਡ ਅਤੇ ਸਮੁੱਚੇ ਹਲਕੇ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ, ਪਿੰਡਾਂ ਵਿੱਚ ਖੇਡ ਮੈਦਾਨ ਮੁਹੱਈਆ ਕਰਵਾਉਣ ਅਤੇ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਸਰਦਾਰ ਹਡਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਖਿਡਾਰੀਆਂ ਨੂੰ ਬਿਹਤਰ ਸਹੂਲਤਾਂ, ਨਕਦ ਇਨਾਮ ਅਤੇ ਨੌਕਰੀਆਂ ਦੇ ਕੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰ ਰਹੀ ਹੈ ਤਾਂ ਜੋ ਪੰਜਾਬ ਮੁੜ ਖੇਡਾਂ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣ ਸਕੇ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਪੜ੍ਹਾਈ ਵੱਲ ਧਿਆਨ ਦੇਣ ਦਾ ਸੱਦਾ ਦਿੱਤਾ।

ਇਸ ਮੌਕੇ ਗੋਲਡ ਮੈਡਲ ਜੇਤੂ ਬਿਕਰਮ ਸਿੰਘ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਨੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਅਤੇ ਸਮੂਹ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਸਮਾਗਮ ਦੌਰਾਨ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਸਰਪੰਚ ਮਲਕੀਤ ਸਿੰਘ, ਨਿਰਮਲ ਸਿੰਘ ਬੂਥ ਇੰਚਾਰਜ, ਗੁਰਭੇਜ ਸਿੰਘ ਬੂਥ ਇੰਚਾਰਜ ਤੋਂ ਇਲਾਵਾ ਪਿੰਡ ਦੀ ਪੰਚਾਇਤ, ਪਤਵੰਤੇ ਸੱਜਣ, ਪਾਰਟੀ ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਉਦਯੋਗ ਦੀਆਂ ਲੋੜਾਂ ਮੁਤਾਬਕ ਹੁਨਰਮੰਦ ਬਣਾਉਣ ਅਤੇ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨ ਲਈ ਦੋ ਅਹਿਮ ਸਮਝੌਤੇ ਸਹੀਬੱਧ

ਭਾਰੀ ਮੰਗ ਵਾਲੇ ਫੁੱਟਵੀਅਰ ਅਤੇ ਆਟੋਮੋਟਿਵ ਖੇਤਰਾਂ ਵਿੱਚ ਵਿਸ਼ਵ ਪੱਧਰੀ ਅਤੇ ਉਦਯੋਗ ਆਧਾਰਤ ਸਿਖਲਾਈ ਪ੍ਰਦਾਨ ਕਰਨ ਲਈ ਐਫ.ਡੀ.ਡੀ.ਆਈ, ਐਨ.ਆਈ.ਆਈ.ਐਫ.ਟੀ ਅਤੇ ਐਸ.ਆਈ.ਏ.ਡੀ.ਐਸ. ਨਾਲ ਕੀਤੀ ਭਾਈਵਾਲੀ: ਅਮਨ ਅਰੋੜਾ

ਚੰਡੀਗੜ੍ਹ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਨੌਜਵਾਨਾਂ ਨੂੰ ਉਦਯੋਗਾਂ ਦੀਆਂ ਜ਼ਰੂਰਤਾਂ ਮੁਤਾਬਕ ਹੁਨਰਮੰਦ ਬਣਾਉਣ ਅਤੇ ਰੋਜ਼ਗਾਰ ਲਈ ਤਿਆਰ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਹੁਨਰ ਵਿਕਾਸ ਮਿਸ਼ਨ (ਪੀਐਸਡੀਐਮ) ਨੇ ਦੋ ਮਹੱਤਵਪੂਰਨ ਸਮਝੌਤੇ ਸਹੀਬੱਧ ਕੀਤੇ ਹਨ। ਪਹਿਲਾ ਸਮਝੌਤਾ ਭਾਰੀ ਮੰਗ ਵਾਲੇ ਆਟੋਮੋਟਿਵ ਅਤੇ ਡਰਾਈਵਿੰਗ ਟਰੇਡਾਂ ਲਈ ਸਟੇਟ ਇੰਸਟੀਚਿਊਟ ਆਫ਼ ਆਟੋਮੋਟਿਵ ਐਂਡ ਡਰਾਈਵਿੰਗ ਸਕਿੱਲਜ਼ (ਐਸ.ਆਈ.ਏ.ਡੀ.ਐਸ), ਮਾਹੂਆਣਾ ਨਾਲ ਸਹੀਬੱਧ ਕੀਤਾ ਗਿਆ ਹੈ ਅਤੇ ਦੂਜਾ ਸਮਝੌਤਾ ਵਿਸ਼ੇਸ਼ ਫੁੱਟਵੀਅਰ ਅਤੇ ਫੈਸ਼ਨ ਨਿਰਮਾਣ ਭੂਮਿਕਾਵਾਂ ਲਈ ਨਾਰਦਰਨ ਇੰਡੀਆ ਇੰਸਟੀਚਿਊਟ ਆਫ਼ ਫੈਸ਼ਨ ਟੈਕਨਾਲੋਜੀ (ਐਨ.ਆਈ.ਆਈ.ਐਫ.ਟੀ), ਉਦਯੋਗ ਅਤੇ ਵਣਜ ਵਿਭਾਗ (ਪੰਜਾਬ ਸਰਕਾਰ) ਅਤੇ ਫੁੱਟਵੀਅਰ ਡਿਜ਼ਾਈਨ ਐਂਡ ਡਿਵੈਲਪਮੈਂਟ ਇੰਸਟੀਚਿਊਟ (ਐਫ.ਡੀ.ਡੀ.ਆਈ) ਨਾਲ ਸਹੀਬੱਧ ਕੀਤਾ ਗਿਆ ਹੈ।



ਇਨ੍ਹਾਂ ਸਮਝੌਤਿਆਂ ਦੀ ਰਣਨੀਤਕ ਮਹੱਤਤਾ ਲਈ ਪੀਐਸਡੀਐਮ ਟੀਮ ਨੂੰ ਵਧਾਈ ਦਿੰਦਿਆਂ, ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ, ਇਹ ਭਾਈਵਾਲੀ ਪੰਜਾਬ ਦੇ ਹੁਨਰ ਵਿਕਾਸ ਦੇ ਦ੍ਰਿਸ਼ਟੀਕੋਣ ਵਿੱਚ ਇੱਕ ਨਵਾਂ ਅਧਿਆਇ ਲਿਖੇਗੀ। ਆਪਣੇ ਸਿਖਲਾਈ ਪ੍ਰੋਗਰਾਮਾਂ ਨੂੰ ਆਟੋਮੋਟਿਵ ਅਤੇ ਫੁੱਟਵੀਅਰ ਵਰਗੇ ਉੱਚ-ਵਿਕਾਸ ਵਾਲੇ ਖੇਤਰਾਂ ਦੀਆਂ ਖਾਸ ਜ਼ਰੂਰਤਾਂ ਨਾਲ ਜੋੜ ਕੇ, ਅਸੀਂ ਨੌਕਰੀ ਲੱਭਣ ਵਾਲੇ ਨੌਜਵਾਨਾਂ ਨੂੰ ਸਿਖਲਾਈ ਦੇ ਕੇ ਭਵਿੱਖੀ ਹੁਨਰਾਂ ਨਾਲ ਲੈਸ ਕਰ ਰਹੇ ਹਾਂ। ਐਫਡੀਡੀਆਈ ਅਤੇ ਐਨਆਈਆਈਐਫਟੀ ਵਰਗੇ ਪ੍ਰਮੁੱਖ ਰਾਸ਼ਟਰੀ ਸੰਸਥਾਨਾਂ ਦੀ ਸਾਡੇ ਨਾਲ ਭਾਈਵਾਲੀ ਇਹ ਯਕੀਨੀ ਬਣਾਉਂਦੀ ਹੈ ਕਿ ਸਾਡੇ ਨੌਜਵਾਨਾਂ ਨੂੰ ਵਿਸ਼ਵ ਪੱਧਰੀ ਸਿਖਲਾਈ ਮਿਲੇ, ਜੋ ਸਿੱਧੇ ਤੌਰ 'ਤੇ ਬਿਹਤਰ ਕਰੀਅਰ ਸੰਭਾਵਨਾਵਾਂ ਵਿੱਚ ਮਦਦ ਕਰਦੀ ਹੈ ਅਤੇ ਪੰਜਾਬ ਦੇ ਉਦਯੋਗਿਕ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੀ ਹੈ।

ਇਸ ਭਾਈਵਾਲੀ ਦੇ ਮੁੱਖ ਉਦੇਸ਼ਾਂ ਨੂੰ ਉਜਾਗਰ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਭਾਈਵਾਲੀ ਤਹਿਤ ਫੁੱਟਵੀਅਰ ਸੈਕਟਰ ਵਿੱਚ ਰਾਸ਼ਟਰੀ ਮਹੱਤਤਾ ਦੀ ਇੱਕ ਪ੍ਰਮੁੱਖ ਸੰਸਥਾ ਵਜੋਂ ਐਫਡੀਡੀਆਈ ਦੀ ਮੁਹਾਰਤ, ਪਹਿਰਾਵੇ ਅਤੇ ਫੈਸ਼ਨ ਵਿੱਚ ਐਨਆਈਆਈਐਫਟੀ ਦੀ ਖਾਸੀਅਤ ਅਤੇ ਆਟੋਮੋਟਿਵ ਅਤੇ ਡਰਾਈਵਿੰਗ ਵਿੱਚ ਐਸਆਈਏਡੀਐਸ ਦੀ ਮੁਹਾਰਤ ਦਾ ਲਾਭ ਲੈਣਗੀਆਂ।

ਇਹਨਾਂ ਭਾਈਵਾਲੀਆਂ ਦਾ ਉਦੇਸ਼ ਸੰਸਥਾਗਤ ਸਹਿਯੋਗ ਨੂੰ ਮਜ਼ਬੂਤ ਕਰਨਾ, ਉਦਯੋਗ-ਆਧਾਰਿਤ ਹੁਨਰ ਸਿਖਲਾਈ ਨ

ਸੰਪਾਦਕੀ

ਦੇਸ਼-ਪੱਧਰੀ ਚੈਕਿੰਗ ਮੁਹਿੰਮ ਦੌਰਾਨ ਲਗਪਗ 3,280 ਟਨ ਖ਼ੁਰਾਕੀ ਪਦਾਰਥ ਜ਼ਬਤ

ਭਾਰਤੀ ਖ਼ੁਰਾਕ ਸੁਰੱਖਿਆ ਅਤੇ ਮਿਆਰ ਅਥਾਰਿਟੀ (ਐੱਫ ਐੱਸ ਐੱਸ ਏ ਆਈ) ਵੱਲੋਂ ਦੇਸ਼-ਪੱਧਰੀ ਚੈਕਿੰਗ ਮੁਹਿੰਮ ਦੌਰਾਨ ਲਗਪਗ 3,280 ਟਨ ਖ਼ੁਰਾਕੀ ਪਦਾਰਥ (ਜਿਨ੍ਹਾਂ ਦੀ ਕੀਮਤ 81.8 ਕਰੋੜ ਰੁਪਏ ਬਣਦੀ ਹੈ) ਜ਼ਬਤ ਕੀਤੇ ਜਾਣ ਦੀ ਘਟਨਾ ਜਿੰਨੀ ਪ੍ਰੇਸ਼ਾਨ ਕਰਨ ਵਾਲੀ ਹੈ, ਓਨੀ ਹੀ ਹੈਰਾਨ ਕਰਨ ਵਾਲੀ ਵੀ ਹੈ। 1 ਸਤੰਬਰ ਤੋਂ 5 ਨਵੰਬਰ ਦੇ ਵਿਚਕਾਰ, ਐੱਫ ਐੱਸ ਐੱਸ ਏ ਆਈ ਨੇ 56,000 ਤੋਂ ਵੱਧ ਅਦਾਰਿਆਂ ਦੀ ਚੈਕਿੰਗ ਕੀਤੀ, 43,939 ਨਮੂਨੇ ਇਕੱਠੇ ਕੀਤੇ ਅਤੇ 10,000 ਤੋਂ ਵੱਧ ਸੁਧਾਰ ਨੋਟਿਸ ਜਾਰੀ ਕੀਤੇ। ਇਸ ਤੋਂ ਇਲਾਵਾ, 1,133 ਲਾਇਸੈਂਸ ਮੁਅੱਤਲ ਕੀਤੇ ਗਏ, 52 ਰੱਦ ਕੀਤੇ ਗਏ ਅਤੇ 410 ਮੁਕੱਦਮੇ ਦਰਜ ਕੀਤੇ ਗਏ। ਇਹ ਅੰਕੜੇ ਨਾ ਸਿਰਫ਼ ਸਖ਼ਤੀ ਵੱਲ ਇਸ਼ਾਰਾ ਕਰਦੇ ਹਨ, ਸਗੋਂ ਸਮੱਸਿਆ ਦੀ ਅਸਲ ਗੰਭੀਰਤਾ ਨੂੰ ਵੀ ਬੇਨਕਾਬ ਕਰਦੇ ਹਨ। ਇਹ ਖ਼ੁਲਾਸੇ ਖ਼ਾਸ ਤੌਰ 'ਤੇ ਪੰਜਾਬ ਅਤੇ ਹਰਿਆਣਾ ਲਈ ਚਿੰਤਾਜਨਕ ਹਨ, ਜਿੱਥੇ ਮਿਲਾਵਟਖੋਰੀ ਇਸ ਖੇਤਰ ਦੀ ਵੱਡੀ ਡੇਅਰੀ ਆਰਥਿਕਤਾ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਵੱਡੀ ਸੱਟ ਮਾਰ ਰਹੀ ਹੈ। ਪੰਜਾਬ ਵਿੱਚ ਦੁੱਧ ਅਤੇ ਡੇਅਰੀ ਉਤਪਾਦਾਂ ਦੇ ਨਮੂਨਿਆਂ ਵਿੱਚ ਗੰਭੀਰ ਖ਼ਾਮੀਆਂ ਪਾਈਆਂ ਗਈਆਂ, ਜਦੋਂਕਿ ਹਰਿਆਣਾ ਨੇ ਆਪਣੀ ਛਾਪੇਮਾਰੀ ਦੌਰਾਨ ਲਗਪਗ 50,000 ਕਿਲੋਗ੍ਰਾਮ ਮਿਲਾਵਟੀ ਮਠਿਆਈਆਂ ਅਤੇ ਪਨੀਰ ਨੂੰ ਨਸ਼ਟ ਕਰ ਦਿੱਤਾ।

ਨੂਹ ਵਿੱਚ ਕਥਿਤ ਤੌਰ 'ਤੇ ਖ਼ਤਰਨਾਕ ਚੀਜ਼ਾਂ ਨਾਲ ਬਣੇ ਸ਼ੱਕੀ ਮਿਲਾਵਟੀ ਪਨੀਰ ਦਾ ਫੜਿਆ ਜਾਣਾ ਇਹ ਦਰਸਾਉਂਦਾ ਹੈ ਕਿ ਮੋਟਾ ਮੁਨਾਫ਼ਾ ਕਮਾਉਣ ਲਈ ਮਿਲਾਵਟਖੋਰ ਕਿਸ ਹੱਦ ਤੱਕ ਡਿੱਗ ਸਕਦੇ ਹਨ। ਭੋਜਨ ਵਿੱਚ ਮਿਲਾਵਟ ਸਿਰਫ਼ ਪੈਸਿਆਂ ਦਾ ਅਪਰਾਧ ਨਹੀਂ ਹੈ, ਇਹ ਲੋਕਾਂ ਦੀ ਸਿਹਤ ਨਾਲ ਖਿਲਵਾੜ ਹੈ, ਜਿਸ ਦਾ ਖ਼ਮਿਆਜ਼ਾ ਅਜਿਹਾ ਮਿਲਾਵਟੀ ਭੋਜਨ ਖਾਣ ਵਾਲੇ ਆਮ ਲੋਕਾਂ ਨੂੰ ਭੁਗਤਣਾ ਪੈਂਦਾ ਹੈ। ਤਿਉਹਾਰਾਂ ਦੇ ਦਿਨਾਂ ਵਿੱਚ ਕੀਤੀ ਜਾਣ ਵਾਲੀ ਸਖ਼ਤੀ ਚੰਗੀ ਗੱਲ ਹੈ ਪਰ ਭੋਜਨ ਸੁਰੱਖਿਆ ਕੋਈ ਅਜਿਹਾ ਰਸਮੀ ਕੰਮ ਨਹੀਂ ਬਣਨਾ ਚਾਹੀਦਾ ਜੋ ਸਿਰਫ਼ ਤਿਉਹਾਰਾਂ ਜਾਂ ਲੋਕਾਂ ਦੀਆਂ ਸ਼ਿਕਾਇਤਾਂ ਆਉਣ 'ਤੇ ਹੀ ਕੀਤਾ ਜਾਵੇ। ਦੁੱਧ, ਖਾਣਾ ਬਣਾਉਣ ਵਾਲੇ ਤੇਲ, ਮਸਾਲਿਆਂ ਅਤੇ ਪੈਕੇਟਾਂ ਵਾਲੀਆਂ ਚੀਜ਼ਾਂ 'ਤੇ ਸਾਲ ਭਰ ਨਜ਼ਰ ਰੱਖਣ ਦੀ ਲੋੜ ਹੈ।

ਜ਼ੋਰ ਇਸ ਗੱਲ 'ਤੇ ਹੋਣਾ ਚਾਹੀਦਾ ਹੈ ਕਿ ਮਿਲਾਵਟਖੋਰਾਂ ਦੇ ਦਿਲਾਂ ਵਿੱਚ ਕਾਨੂੰਨ ਦਾ ਡਰ ਸਦਾ ਲਈ ਬਣਿਆ ਰਹੇ। ਸੂਬੇ ਦੇ ਭੋਜਨ ਸੁਰੱਖਿਆ ਵਿਭਾਗਾਂ ਨੂੰ ਵਧੀਆ ਲੈਬਾਰਟਰੀਆਂ, ਪੂਰੇ ਟੈਸਟਿੰਗ ਅਮਲੇ ਅਤੇ ਤੈਅ ਸਮਾਂਬੱਧ ਕਾਰਵਾਈ ਦੀ ਲੋੜ ਹੈ।

ਵਾਰ-ਵਾਰ ਗ਼ਲਤੀ ਕਰਨ ਵਾਲਿਆਂ ਅਤੇ ਮਿਲਾਵਟ ਦੇ ਇਸ ਵੱਡੇ ਨੈੱਟਵਰਕ ਨੂੰ ਚਲਾਉਣ ਵਾਲਿਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਖਪਤਕਾਰਾਂ ਨੂੰ ਵੀ ਫ਼ੇਲ੍ਹ ਹੋਏ ਨਮੂਨਿਆਂ, ਦੋਸ਼ੀ ਅਦਾਰਿਆਂ ਅਤੇ ਉਨ੍ਹਾਂ ਖ਼ਿਲਾਫ਼ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਲੈਣ ਦਾ ਪੂਰਾ ਹੱਕ ਹੈ। ਭਾਰਤ ਦਾ ਦੁਨੀਆ ਦਾ ਵੱਡਾ ਫੂਡ-ਪ੍ਰੋਸੈਸਿੰਗ ਹੱਬ ਬਣਨ ਦਾ ਸੁਪਨਾ ਉਦੋਂ ਤੱਕ ਪੂਰਾ ਨਹੀਂ ਹੋ ਸਕਦਾ ਜਦੋਂ ਤੱਕ ਇੱਥੇ ਮਿਆਰੀ ਗੁਣਵੱਤਾ ਅਤੇ ਸਖ਼ਤ ਕਾਨੂੰਨੀ ਸ਼ਿਕੰਜਾ ਨਹੀਂ ਕੱਸਿਆ ਜਾਂਦਾ। ਕਾਨੂੰਨੀ ਸਫਲਤਾ ਦਾ ਅਸਲ ਮਾਪਦੰਡ ਇਹੀ ਹੈ ਕਿ ਖਪਤਕਾਰਾਂ ਦੀ ਪਲੇਟ ਤੱਕ ਪਹੁੰਚਣ ਵਾਲਾ ਭੋਜਨ ਕਿੰਨਾ ਸੁਰੱਖਿਅਤ ਹੈ। ਲੋਕਾਂ ਦੀ ਸਿਹਤ ਦੀ ਰੱਖਿਆ ਨੂੰ ਵਪਾਰਕ ਲਾਲਚ ਨਾਲੋਂ ਹਮੇਸ਼ਾ ਪਹਿਲ ਮਿਲਣੀ ਚਾਹੀਦੀ ਹੈ।

ਪੰਜਾਬ ਵਿੱਚ ਇਸ ਸਾਲ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਕਰੀਬ 95 ਫ਼ੀਸਦੀ ਕਮੀ : ਅਮਨ ਅਰੋੜਾ

ਸੰਗਰੂਰ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਮੰਗਲਵਾਰ ਨੂੰ ਕੇਂਦਰੀ ਖੋਜ ਸੰਸਥਾਵਾਂ ਦੇ ਅੰਕੜਿਆਂ ਦਾ ਹਵਾਲਾ ਦਿੰਦਿਆਂ ਭਾਜਪਾ ਨੂੰ ਚੁਣੌਤੀ ਦਿੱਤੀ ਕਿ ਉਹ ਦੱਸੇ ਕਿ ਪੰਜਾਬ ਦੀ ਪਰਾਲੀ ਦਾ ਧੂੰਆਂ ਸਿਰਫ਼ 20 ਮਿੰਟਾਂ ਵਿੱਚ ਦਿੱਲੀ ਕਿਵੇਂ ਪਹੁੰਚ ਸਕਦਾ ਹੈ। ਉਨ੍ਹਾਂ ਕਿਹਾ ਕਿ 9 ਨਵੰਬਰ ਨੂੰ ਦਿੱਲੀ ਦੇ ਪੀ.ਐੱਮ. 2.5 ਪ੍ਰਦੂਸ਼ਣ ਵਿੱਚ ਪਰਾਲੀ ਦੇ ਧੂੰਏਂ ਦਾ ਯੋਗਦਾਨ ਮਹਿਜ਼ 5 ਫ਼ੀਸਦੀ ਸੀ, ਜਦਕਿ ਪੰਜਾਬ ਵਿੱਚ ਇਸ ਸਾਲ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਕਰੀਬ 95 ਫ਼ੀਸਦੀ ਕਮੀ ਆਈ ਹੈ।

ਅਰੋੜਾ ਨੇ ਇਸ ਕਮੀ ਦਾ ਸਿਹਰਾ ਕਿਸਾਨਾਂ ਦੇ ਸਹਿਯੋਗ ਅਤੇ ਭਗਵੰਤ ਮਾਨ ਸਰਕਾਰ ਦੇ ਨਿਰੰਤਰ ਯਤਨਾਂ ਨੂੰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਫ਼ਸਲੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ 1.62 ਲੱਖ ਤੋਂ ਵੱਧ ਮਸ਼ੀਨਾਂ ਮੁਹੱਈਆ ਕਰਵਾਈਆਂ ਹਨ। ਉਨ੍ਹਾਂ ਮੰਗ ਕੀਤੀ ਕਿ ਭਾਜਪਾ ਦਿੱਲੀ ਦੇ ਪ੍ਰਦੂਸ਼ਣ ਦੇ ਅਸਲ ਸਰੋਤਾਂ ਵੱਲ ਧਿਆਨ ਦੇਵੇ ਅਤੇ ਪੰਜਾਬ ਦੇ ਕਿਸਾਨਾਂ ਨੂੰ ਵਾਰ-ਵਾਰ ਬਦਨਾਮ ਕਰਨ ਲਈ ਬਿਨਾਂ ਸ਼ਰਤ ਮੁਆਫ਼ੀ ਮੰਗੇ। ਪਰਾਲੀ ਪ੍ਰਬੰਧਨ ਲਈ ਸੂਬਾ ਸਰਕਾਰ ਦੇ ਉਪਰਾਲਿਆਂ ਦਾ ਵੇਰਵਾ ਦਿੰਦਿਆਂ ਉਨ੍ਹਾਂ ਕੇਂਦਰ ਵੱਲੋਂ ਮਨਜ਼ੂਰਸ਼ੁਦਾ ਨਕਦ ਕਰਜ਼ਾ ਹੱਦ (ਸੀ.ਸੀ.ਐੱਲ.) ਵਿੱਚ ਤੁਰੰਤ ਵਾਧੇ ਦੀ ਮੰਗ ਵੀ ਕੀਤੀ, ਤਾਂ ਜੋ ਝੋਨੇ ਦੀ ਖ਼ਰੀਦ ਨਿਰਵਿਘਨ ਜਾਰੀ ਰਹੇ।

ਭਾਰਤੀ ਖੇਤੀਬਾੜੀ ਖੋਜ ਸੰਸਥਾ (ਆਈ.ਏ.ਆਰ.ਆਈ.) ਦੀ ਕ੍ਰੀਮਜ਼ ਪ੍ਰਯੋਗਸ਼ਾਲਾ ਦੇ ਅੰਕੜਿਆਂ ਦਾ



ਹਵਾਲਾ ਦਿੰਦਿਆਂ ਅਰੋੜਾ ਨੇ ਕਿਹਾ ਕਿ ਦੀਵਾਲੀ ਵਾਲੇ ਦਿਨ, 8 ਨਵੰਬਰ ਨੂੰ, ਦਿੱਲੀ ਦੇ ਪੀ.ਐੱਮ. 2.5 ਪ੍ਰਦੂਸ਼ਣ ਵਿੱਚ ਪਰਾਲੀ ਦੇ ਧੂੰਏਂ ਦਾ ਯੋਗਦਾਨ 7.8 ਫ਼ੀਸਦੀ ਸੀ, ਜੋ 9 ਨਵੰਬਰ ਨੂੰ ਘਟ ਕੇ ਮਹਿਜ਼ 5 ਫ਼ੀਸਦੀ ਰਹਿ ਗਿਆ। ਉਨ੍ਹਾਂ ਦੱਸਿਆ ਕਿ ਸੀਜ਼ਨ ਦੇ ਦੋ ਦਿਨਾਂ ਨੂੰ ਛੱਡ ਕੇ ਬਾਕੀ ਅਰਸੇ ਦੌਰਾਨ ਇਸ ਦਾ ਔਸਤ ਯੋਗਦਾਨ 4 ਤੋਂ 5 ਫ਼ੀਸਦੀ ਦੇ ਵਿਚਕਾਰ ਰਿਹਾ।

ਅਰੋੜਾ ਨੇ ਕਿਹਾ, ਊਰਜਾ, ਵਾਤਾਵਰਣ ਅਤੇ ਜਲ ਪ੍ਰੀਸ਼ਦ (ਸੀ.ਈ.ਈ.ਡਬਲਿਊ.) ਦੀ ਖੋਜ, ਕੁਲਕਰਨੀ ਅਤੇ ਉਨ੍ਹਾਂ ਦੇ ਸਹਿ-ਲੇਖਕਾਂ ਦੇ ਅਧਿਐਨ ਅਤੇ ਫ਼ੈਸਲਾ ਸਹਾਇਤਾ ਪ੍ਰਣਾਲੀ (ਡੀ.ਐੱਸ.ਐੱਸ.) ਦੀਆਂ ਰਿਪੋਰਟਾਂ ਦਿੱਲੀ ਦੇ ਪ੍ਰਦੂਸ਼ਣ ਵਿੱਚ ਸਥਾਨਕ ਸਰੋਤਾਂ ਦੇ ਅਹਿਮ ਯੋਗਦਾਨ ਨੂੰ ਉਜਾਗਰ ਕਰਦੀਆਂ ਹਨ। ਭਾਜਪਾ ਉਨ੍ਹਾਂ ਹੀ ਕਿਸਾਨਾਂ ਨੂੰ ਬਦਨਾਮ ਕਰਨ ਦੀ ਮੁਹਿੰਮ ਚਲਾ ਰਹੀ ਹੈ, ਜਿਨ੍ਹਾਂ ਨੇ ਪਰਾਲੀ ਸਾੜਨ ਦੇ ਮਾਮਲੇ ਘਟਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ।

ਹਵਾ ਦੀ ਗੁਣਵੱਤਾ ਅਤੇ ਮੌਸਮ ਦੀ ਭਵਿੱਖਬਾਣੀ ਤੇ ਖੋਜ ਪ੍ਰਣਾਲੀ (ਸਫ਼ਰ) ਅਤੇ ਭਾਰਤੀ ਉੱਸ਼ਣਕਟੀਬੰਧੀ ਮੌਸਮ ਵਿਗਿਆਨ ਸੰਸਥਾ (ਆਈ.ਆਈ.ਟੀ.ਐੱਮ.) ਦੇ ਅੰਕੜਿਆਂ ਦਾ

ਰਾਜ ਪੱਧਰੀ ਕਪਾਲਮੋਚਨ ਮੇਲੇ ਨੂੰ ਦਿੱਤਾ ਜਾਵੇ ਭਵ ਅਤੇ ਦਿਵ ਸਰੂਪ, ਸ਼ਰਧਾਲੂਆਂ ਦੀਆਂ ਸਹੂਲਤਾਂ ਵਿੱਚ ਨਾ ਰਹੇ ਕੋਈ ਕਮੀ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

ਚੰਡੀਗੜ੍ਹ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਯਮੁਨਾਨਗਰ ਜ਼ਿਲ੍ਹੇ ਦੇ ਬਿਲਾਸਪੁਰ ਵਿੱਚ ਆਯੋਜਿਤ ਹੋਣ ਵਾਲੇ ਰਾਜ ਪੱਧਰੀ ਕਪਾਲਮੋਚਨ ਮੇਲੇ ਨੂੰ ਸ਼ਾਨਦਾਰ, ਦਿਵਯ ਅਤੇ ਆਕਰਸ਼ਕ ਸਰੂਪ ਪ੍ਰਦਾਨ ਕੀਤਾ ਜਾਵੇ। ਮੇਲੇ ਵਿੱਚ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਨੂੰ ਅਧਿਆਤਮਿਕ ਵਾਤਾਵਰਣ ਦੇ ਨਾਲ-ਨਾਲ ਬਿਹਤਰ ਸਹੂਲਤਾਂ ਉਪਲਬਧ ਕਰਵਾਈਆਂ ਜਾਣ, ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਤਕਲੀਫ਼ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਮੇਲਾ ਸੂਬੇ ਦੀ ਅਮੀਰ ਧਾਰਮਿਕ, ਸੱਭਿਆਚਾਰਕ ਅਤੇ ਅਧਿਆਤਮਿਕ ਵਿਰਾਸਤ ਦਾ ਪ੍ਰਤੀਕ ਹੈ। ਇਸ ਦੀ ਗਰਿਮਾ ਅਤੇ ਇਤਿਹਾਸਕ ਮਹੱਤਤਾ ਦੇ ਅਨੁਕੂਲ ਸਾਰੀਆਂ ਤਿਆਰੀਆਂ ਸਮਾਂਬੱਧ ਢੰਗ ਨਾਲ ਪੂਰੀਆਂ ਕੀਤੀਆਂ ਜਾਣ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਮੰਗਲਵਾਰ ਨੂੰ ਰਾਜ ਪੱਧਰੀ ਕਪਾਲਮੋਚਨ ਮੇਲੇ ਦੀਆਂ ਤਿਆਰੀਆਂ ਦੀ ਸਮੀਖਿਆ ਲਈ ਆਯੋਜਿਤ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਬਿਲਾਸਪੁਰ ਵਿੱਚ ਲਗਭਗ 122 ਏਕੜ ਖੇਤਰ ਵਿੱਚ 20 ਤੋਂ 24 ਨਵੰਬਰ ਤੱਕ ਆਯੋਜਿਤ ਹੋਣ ਵਾਲੇ ਇਸ ਪੰਜ ਰੋਜ਼ਾ ਮੇਲੇ ਵਿੱਚ ਸ਼ਰਧਾਲੂਆਂ ਦੀ ਸਹੂਲਤ, ਸੁਰੱਖਿਆ, ਸਫ਼ਾਈ ਅਤੇ ਸੁਚਾਰੂ ਆਵਾਜਾਈ ਨੂੰ ਸਰਵਉੱਚ ਪਹਿਲ ਦਿੱਤੀ ਜਾਵੇ।

ਮੀਟਿੰਗ ਵਿੱਚ ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ, ਮੁੱਖ ਮੰਤਰੀ ਦੇ ਉਪ ਪ੍ਰਧਾਨ ਸਕੱਤਰ ਡਾ. ਯਸ਼ਪਾਲ ਯਾਦਵ, ਮੁੱਖ ਮੰਤਰੀ ਦੇ ਓ.ਐਸ.ਡੀ. ਸ਼੍ਰੀ ਬੀ.ਬੀ. ਭਾਰਤੀ, ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਨਿਰਦੇਸ਼ਕ ਡਾ. ਆਦਿੱਤਿਆ



ਦਹੀਆ, ਯਮੁਨਾਨਗਰ ਦੀ ਡਿਪਟੀ ਕਮਿਸ਼ਨਰ ਸ਼੍ਰੀਮਤੀ ਪ੍ਰੀਤੀ, ਵਿਭਾਗ ਦੇ ਵਧੀਕ ਨਿਰਦੇਸ਼ਕ ਸ਼੍ਰੀ ਵਿਵੇਕ ਕਾਲੀਆ ਅਤੇ ਯਮੁਨਾਨਗਰ ਦੇ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਨਵੀਨ ਆਹੂਜਾ ਸਮੇਤ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

ਮੇਲੇ ਵਿੱਚ ਦਿਸੇਗੀ ਸਿੱਖ ਗੁਰੂਆਂ ਦੀ ਗੌਰਵਸ਼ਾਲੀ ਵਿਰਾਸਤ, ਜਨ-ਕਲਿਆਣਕਾਰੀ ਯੋਜਨਾਵਾਂ ਦੀ ਵੀ ਮਿਲੇਗੀ ਜਾਣਕਾਰੀ:

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਪਾਲਮੋਚਨ ਮੇਲੇ ਵਿੱਚ ਇੱਕ ਭਵ ਅਤੇ ਆਕਰਸ਼ਕ ਪ੍ਰਦਰਸ਼ਨੀ ਲਗਾਈ ਜਾਵੇ, ਜਿਸ ਵਿੱਚ ਸਿੱਖ ਧਰਮ ਦੇ ਸਾਰੇ ਦਸ ਗੁਰੂਆਂ ਦੇ ਗੌਰਵਸ਼ਾਲੀ ਇਤਿਹਾਸ, ਉਨ੍ਹਾਂ ਦੇ ਜੀਵਨ ਦਰਸ਼ਨ, ਸਿੱਖਿਆਵਾਂ ਅਤੇ ਸਮਾਜ ਲਈ ਯੋਗਦਾਨ ਨੂੰ ਤਸਵੀਰਾਂ ਸਮੇਤ ਪ੍ਰਦਰਸ਼ਿਤ ਕੀਤਾ ਜਾਵੇ। ਇਸ ਦੇ ਨਾਲ ਹੀ ਕੇਂਦਰ ਅਤੇ ਰਾਜ ਸਰਕਾਰ ਦੀਆਂ ਵੱਖ-ਵੱਖ ਵਿਕਾਸਮੁਖੀ ਅਤੇ ਜਨ-ਕਲਿਆਣਕਾਰੀ ਯੋਜਨਾਵਾਂ ਦੀ ਜਾਣਕਾਰੀ ਵੀ ਆਮ ਲੋਕਾਂ ਤੱਕ ਪਹੁੰਚਾਈ ਜਾਵੇ। ਉਨ੍ਹਾਂ ਕਿਹਾ ਕਿ ਪ੍ਰਦਰਸ਼ਨੀ ਵਿੱਚ ਪਹਿਲੇ ਆਜ਼ਾਦੀ ਸੰਗਰਾਮ 1857 ਦੀ ਯਾਦ ਵਿੱਚ ਅੰਬਾਲਾ ਵਿੱਚ ਬਣਾਏ ਗਏ ਸ਼ਹੀਦੀ ਸਮਾਰਕ ਦੀ ਇਤਿਹਾਸਕ ਮਹੱਤਤਾ ਨੂੰ ਵੀ ਪ੍ਰਮੁੱਖਤਾ ਨਾਲ ਦਰਸਾਇਆ ਜਾਵੇ, ਤਾਂ ਜੋ ਸ਼ਰਧਾਲੂ ਦੇਸ਼ ਦੇ ਮਹਾਨ ਆਜ਼ਾਦੀ ਘੁਲਾਟੀਆਂ ਦੇ ਬਲੀਦਾਨ ਅਤੇ ਸੰਘਰਸ਼ ਤੋਂ ਜਾਣੂ ਹੋ ਸਕਣ। ਇਸ ਤੋਂ ਇਲਾਵਾ ਐਲ.ਈ.ਡੀ. ਸਕ੍ਰੀਨਾਂ ਰਾਹੀਂ ਲਘੂ ਫ਼ਿਲਮਾਂ ਦਾ ਪ੍ਰਦਰਸ਼ਨ ਕਰਕੇ ਸੂਬੇ ਦੀ ਵਿਕਾਸ ਯਾਤਰਾ ਅਤੇ ਵੱਖ-ਵੱਖ ਜਨ-ਕਲਿਆਣਕਾਰੀ ਯੋਜਨਾਵਾਂ ਦੀ ਜਾਣਕਾਰੀ ਦਿੱਤੀ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰ ਦੇ ਵਿਸ਼ੇਸ਼ ਮਹਿਮਾਨ ਵੀ ਇਸ ਪ੍ਰਦਰਸ਼ਨੀ ਦਾ ਨਿਰੀਖਣ ਕਰਨਗੇ। ਉਨ੍ਹਾਂ ਦੱਸਿਆ ਕਿ ਸੰਤ-ਮਹਾਪੁਰਸ਼ ਸਨਮਾਨ ਅਤੇ ਵਿਚਾਰ ਪ੍ਰਸਾਰ ਯੋਜਨਾ ਤਹਿਤ 24 ਨਵੰਬਰ ਨੂੰ ਸਿੱਖਾਂ ਦੇ ਪਹਿਲੇ ਗੁਰੂ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਰਾਜ ਪੱਧਰੀ ਪ੍ਰਕਾਸ਼ ਪੁਰਬ ਵੀ ਬਿਲਾਸਪੁਰ ਵਿੱਚ ਮਨਾਇਆ ਜਾਵੇਗਾ।

ਗੁਰੂ ਨਾਨਕ ਦੇਵ ਜੀ ਦੇ ਜੀਵਨ 'ਤੇ ਆਧਾਰਿਤ ਡਰੋਨ ਸ਼ੋਅ ਅਤੇ ਲਾਈਟ ਐਂਡ ਸਾਊਂਡ ਸ਼ੋਅ ਹੋਣਗੇ ਵਿਸ਼ੇਸ਼ ਖਿੱਚ:

ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਮੇਲੇ ਵਿੱਚ ਆਉਣ ਵਾਲੇ ਸ਼ਰਧਾਲੂਆਂ ਨੂੰ ਇੱਕ ਯਾਦਗਾਰ ਅਧਿਆਤਮਿਕ ਅਤੇ ਸੱਭਿਆਚਾਰਕ ਤਜਰਬਾ ਪ੍ਰਦਾਨ ਕਰਨ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ। ਇਸ ਮੌਕੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਸਿੱਖਿਆਵਾਂ ਅਤੇ ਮਾਨਵਤਾ ਲਈ ਉਨ੍ਹਾਂ ਦੇ ਸੰਦੇਸ਼ 'ਤੇ ਆਧਾਰਿਤ ਭਵ ਡਰੋਨ ਸ਼ੋਅ ਅਤੇ ਲਾਈਟ ਐਂਡ ਸਾਊਂਡ ਸ਼ੋਅ ਆਯੋਜਿਤ ਕੀਤੇ ਜਾਣ।

ਉਨ੍ਹਾਂ ਕਿਹਾ ਕਿ ਮੇਲੇ ਦੇ ਸਾਰੇ ਮੁੱਖ ਦਾਖਲਾ ਮਾਰਗਾਂ 'ਤੇ ਆਕਰਸ਼ਕ ਅਤੇ ਭਵ ਸੁਆਗਤੀ ਗੇਟ ਬਣਾਏ ਜਾਣ। ਇਹਨਾਂ ਸੁਆਗਤੀ ਗੇਟਾਂ ਦੇ ਨਾਂ ਸ਼੍ਰੀ ਗੁਰੂ ਨਾਨਕ ਦੇਵ ਜੀ, ਬਾਬਾ ਬੰਦਾ ਸਿੰਘ ਬਹਾਦਰ ਸਮੇਤ ਹੋਰ ਮਹਾਨ ਸੰਤਾਂ ਅਤੇ ਮਹਾਪੁਰਸ਼ਾਂ ਦੇ ਨਾਂ 'ਤੇ ਰੱਖੇ ਜਾਣ। ਸੁਆਗਤੀ ਗੇਟਾਂ ਅਤੇ ਮੇਲਾ ਪਰਿਸਰ ਵਿੱਚ ਗੁਰਬਾਣੀ ਦੇ ਪਵਿੱਤਰ ਬੋਲ ਗੂੰਜਦੇ ਰਹਿਣ, ਤਾਂ ਜੋ ਸ਼ਰਧਾਲੂਆਂ ਨੂੰ ਅਧਿਆਤਮਿਕ ਵਾਤਾਵਰਣ ਦੀ ਮਹਿਸੂਸਗੀ ਹੋਵੇ।

ਸ਼ਰਧਾਲੂਆਂ ਲਈ ਲੰਗਰ, ਰਹਿਣ, ਸਾਫ਼ ਪੀਣ ਵਾਲੇ ਪਾਣੀ ਅਤੇ ਪਖਾਨਿਆਂ ਦੇ ਹੋਣ ਯੋਗ ਪ੍ਰਬੰਧ:

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮੇਲੇ ਵਿੱਚ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਵਿਆਪਕ ਪੱਧਰ 'ਤੇ ਇੰਤਜ਼ਾਮ ਯਕੀਨੀ ਬਣਾਏ ਜਾਣ। ਸ਼ਰਧਾਲੂਆਂ ਲਈ ਲੰਗਰ/ਭੰਡਾਰੇ, ਠਹਿਰਨ ਲਈ ਢੁਕਵੀਆਂ ਥਾਵਾਂ, ਸਾਫ਼ ਪੀਣ ਵਾਲਾ ਪਾਣੀ ਅਤੇ ਔਰਤਾਂ ਤੇ ਮਰਦਾਂ ਲਈ ਅਲੱਗ-ਅਲੱਗ ਪਖਾਨਿਆਂ ਦਾ ਪ੍ਰਬੰਧ ਕੀਤਾ ਜਾਵੇ।

ਉਨ੍ਹਾਂ ਨਿਰਦੇਸ਼ ਦਿੱਤੇ ਕਿ ਮੇਲਾ ਖੇਤਰ ਵਿੱਚ ਸਾਫ਼-ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਅਤੇ ਨਿਰਧਾਰਿਤ ਥਾਵਾਂ 'ਤੇ ਕਾਫ਼ੀ ਗਿਣਤੀ ਵਿੱਚ ਕੂੜੇਦਾਨ ਰੱਖੇ ਜਾਣ। ਸਫ਼ਾਈ ਵਿਵਸਥਾ ਅਜਿਹੀ ਹੋਵੇ ਕਿ ਪੂਰੇ ਮੇਲਾ ਖੇਤਰ ਵਿੱਚ ਕਿਤੇ ਵੀ ਕੂੜਾ-ਕਰਕਟ ਨਜ਼ਰ ਨਾ ਆਵੇ।

ਮੁੱਖ ਮੰਤਰੀ ਨੇ ਕਿਹਾ ਕਿ ਮੇਲੇ ਵਿੱਚ ਸਵੈ-ਸਹਾਇਤਾ ਸਮੂਹਾਂ ਵੱਲੋਂ ਤਿਆਰ ਕੀਤੇ ਸਵਦੇਸ਼ੀ ਉਤਪਾਦਾਂ ਦੀ ਪ੍ਰਦਰਸ਼ਨੀ ਅਤੇ ਵਿਕਰੀ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾਣ। ਇਸ ਨਾਲ ਸ਼ਰਧਾਲੂਆਂ ਨੂੰ ਸਥਾਨਕ ਅਤੇ ਸਵਦੇਸ਼ੀ ਉਤਪਾਦਾਂ ਤੋਂ ਜਾਣੂ ਹੋਣ ਦਾ ਮੌਕਾ ਮਿਲੇਗਾ। ਇਸ ਤੋਂ ਇਲਾਵਾ ਵੱਖ-ਵੱਖ ਥਾਵਾਂ 'ਤੇ ਐਲ.ਈ.ਡੀ. ਸਕ੍ਰੀਨਾਂ ਲਗਾਈਆਂ ਜਾਣ, ਤਾਂ ਜੋ ਸ਼ਰਧਾਲੂ ਮੇਲੇ ਦੇ ਮੁੱਖ ਪ੍ਰੋਗਰਾਮਾਂ ਦਾ ਆਨੰਦ ਮਾਣ ਸਕਣ।

ਕਪਾਲਮੋਚਨ ਮੇਲੇ ਦਾ ਵਿਸ਼ੇਸ਼ ਧਾਰਮਿਕ ਅਤੇ ਪੌਰਾਣਿਕ ਮਹੱਤਵ, ਕਈ ਰਾਜਾਂ ਤੋਂ ਪਹੁੰਚਦੇ ਹਨ ਲੱਖਾਂ ਸ਼ਰਧਾਲੂ :

ਮੁੱਖ ਮੰਤਰੀ ਨੇ ਕਿਹਾ ਕਿ ਕੱਤਕ ਦੀ ਪੂਰਨਮਾਸ਼ੀ ਅਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਆਯੋਜਿਤ ਹੋਣ ਵਾਲਾ ਇਤਿਹਾਸਕ ਕਪਾਲਮੋਚਨ ਮੇਲਾ ਸ਼ਰਧਾ, ਅਕੀਦਤ ਅਤੇ ਅਧਿਆਤਮਿਕ ਪਰੰਪਰਾਵਾਂ ਦਾ ਮਹੱਤਵਪੂਰਨ ਕੇਂਦਰ ਹੈ। ਇਸ ਮੇਲੇ ਵਿੱਚ ਹਰ ਸਾਲ ਹਰਿਆਣਾ ਤੋਂ ਇਲਾਵਾ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਸਮੇਤ ਵੱਖ-ਵੱਖ ਰਾਜਾਂ ਤੋਂ ਲੱਖਾਂ ਸ਼ਰਧਾਲੂ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਕਪਾਲਮੋਚਨ ਤੀਰਥ ਦਾ ਵਿਸ਼ੇਸ਼ ਪੌਰਾਣਿਕ ਮਹੱਤਵ ਹੈ। ਇੱਥੇ ਸਥਿਤ ਸ਼੍ਰੀ ਕਪਾਲਮੋਚਨ, ਸ਼੍ਰੀ ਰਿਣਮੋਚਨ ਅਤੇ ਸ਼੍ਰੀ ਸੂਰਜਕੁੰਡ ਸਰੋਵਰ ਸ਼ਰਧਾਲੂਆਂ ਦੀ ਡੂੰਘੀ ਅਕੀਦਤ ਦੇ ਕੇਂਦਰ ਹਨ। ਸ਼ਰਧਾਲੂ ਇਹਨਾਂ ਪਵਿੱਤਰ ਸਰੋਵਰਾਂ ਵਿੱਚ ਸ਼ਰਧਾ ਦੀ ਡੁੱਬਕੀ ਲਗਾਉਂਦੇ ਹਨ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਹਨਾਂ ਸਰੋਵਰਾਂ ਦੀ ਲੋੜੀਂਦੀ ਮੁਰੰਮਤ ਅਤੇ ਇਸ਼ਨਾਨ ਲਈ ਸਾਫ਼ ਜਲ ਦੀ ਢੁਕਵੀਂ ਵਿਵਸਥਾ ਯਕੀਨੀ ਬਣਾਈ ਜਾਵੇ।

ਮੇਲੇ ਵੱਲ ਜਾਣ ਵਾਲੀਆਂ ਸੜਕਾਂ ਦੀ ਹੋਵੇ ਮੁਰੰਮਤ, ਰੋਸ਼ਨੀ ਦੇ ਪ੍ਰਬੰਧ ਅਤੇ ਸੀ.ਸੀ.ਟੀ.ਵੀ. ਕੈਮਰਿਆਂ ਨਾਲ ਹੋਵੇਗੀ ਨਿਗਰਾਨੀ:

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮੇਲੇ ਵੱਲ ਜਾਣ ਵਾਲੀਆਂ ਸਾਰੀਆਂ ਸੜਕਾਂ ਦੀ ਲੋੜੀਂਦੀ ਮੁਰੰਮਤ ਸਮਾਂ ਰਹਿੰਦੇ ਪੂਰੀ ਕਰਵਾਈ ਜਾਵੇ।

ਸਾਰੇ ਮੁੱਖ ਮਾਰਗਾਂ 'ਤੇ ਰੋਸ਼ਨੀ ਦੇ ਢੁਕਵੇਂ ਪ੍ਰਬੰਧ ਯਕੀਨੀ ਬਣਾਏ ਜਾਣ ਅਤੇ ਸੁਰੱਖਿਆ ਦੇ ਲਿਹਾਜ਼ ਨਾਲ ਮਹੱਤਵਪੂਰਨ ਥਾਵਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ। ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰਾਂ ਤੋਂ ਮੇਲੇ ਵਿੱਚ ਆਉਣ ਵਾਲੇ ਸ਼ਰਧਾਲੂਆਂ ਲਈ ਵੀ ਆਵਾਜਾਈ ਅਤੇ ਟ੍ਰੈਫਿਕ ਦਾ ਸੁਚਾਰੂ ਪ੍ਰਬੰਧ ਕੀਤਾ ਜਾਵੇ। ਮੇਲਾ ਪਰਿਸਰ ਦੇ ਹਰੇਕ ਸੈਕਟਰ ਵਿੱਚ ਵਾਹਨਾਂ ਲਈ ਪਾਰਕਿੰਗ ਦੀ ਵਿਵਸਥਾ ਹੋਵੇ ਅਤੇ ਟ੍ਰੈਫਿਕ ਨੂੰ ਸੁਚਾਰੂ ਬਣਾਈ ਰੱਖਣ ਲਈ ਪ੍ਰਭਾਵਸ਼ਾਲੀ ਇੰਤਜ਼ਾਮ ਕੀਤੇ ਜਾਣ।

ਮੁੱਖ ਮੰਤਰੀ ਨੇ ਇਤਿਹਾਸਕ ਅਜਾਇਬ ਘਰ ਦੀ ਦੇਖਭਾਲ ਅਤੇ ਲੋੜੀਂਦੀ ਮੁਰੰਮਤ ਦੇ ਵੀ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮੇਲੇ ਦੌਰਾਨ ਸਿਹਤ/ਮੈਡੀਕਲ ਸਹੂਲਤਾਂ ਦੀ ਪਰਿਆਪਤ ਉਪਲਬਧਤਾ ਯਕੀਨੀ ਬਣਾਈ ਜਾਵੇ, ਤਾਂ ਜੋ ਲੋੜ ਪੈਣ 'ਤੇ ਸ਼ਰਧਾਲੂਆਂ ਨੂੰ ਤੁਰੰਤ ਡਾਕਟਰੀ ਸਹਾਇਤਾ ਮਿਲ ਸਕੇ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਸਬੰਧਿਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਮੇਲੇ ਨਾਲ ਜੁੜੇ ਹਰੇਕ ਪ੍ਰਬੰਧ ਨੂੰ ਸਮਾਂ ਰਹਿੰਦੇ ਅੰਤਿਮ ਰੂਪ ਦੇਣ। ਉਨ੍ਹਾਂ ਕਿਹਾ ਕਿ ਰਾਜ ਪੱਧਰੀ ਕਪਾਲਮੋਚਨ ਮੇਲੇ ਦੀ ਇਤਿਹਾਸਕ ਗਰਿਮਾ, ਧਾਰਮਿਕ ਅਕੀਦਤ ਅਤੇ ਸੱਭਿਆਚਾਰਕ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਇਸ ਆਯੋਜਨ ਨੂੰ ਭਵ ਅਤੇ ਸੁਚੱਜਾ ਬਣਾਇਆ ਜਾਵੇ, ਤਾਂ ਜੋ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਉਣ ਵਾਲੇ ਸ਼ਰਧਾਲੂ ਸੁਖਦ ਅਨੁਭਵ ਲੈ ਕੇ ਵਾਪਸ ਮੁੜਨ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਖੇਡਾਂ ਨੂੰ ਮਿਲੀ ਨਵੀਂ ਪਛਾਣ ਅਤੇ ਨਵੀਂ ਦਿਸ਼ਾ : ਗੌਰਵ ਗੌਤਮ

ਚੰਡੀਗੜ੍ਹ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਹਰਿਆਣਾ ਦੇ ਖੇਡ ਅਤੇ ਯੁਵਾ ਅਧਿਕਾਰਤਾ ਰਾਜ ਮੰਤਰੀ ਸ਼੍ਰੀ ਗੌਰਵ ਗੌਤਮ ਨੇ ਪਲਵਲ ਸਥਿਤ ਲਕਸ਼ਮਣ ਮਹਿਲਾਵਤ ਕ੍ਰਿਕਟ ਅਕੈਡਮੀ ਵਿੱਚ ਮੰਗਲਵਾਰ ਨੂੰ ਸ਼੍ਰੀਲੰਕਾ ਦੀ ਅੰਡਰ-14 ਕ੍ਰਿਕਟ ਟੀਮ ਅਤੇ ਸਰਸਵਤੀ ਕ੍ਰਿਕਟ ਅਕੈਡਮੀ ਦੀ ਅੰਡਰ-14 ਕ੍ਰਿਕਟ ਟੀਮ ਵਿਚਕਾਰ ਕ੍ਰਿਕਟ ਮੈਚ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਸ਼੍ਰੀ ਗੌਰਵ ਗੌਤਮ ਨੇ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਵਿਕਾਸ ਦਾ ਮਾਧਿਅਮ ਨਹੀਂ ਹਨ, ਸਗੋਂ ਇਹ ਅਨੁਸ਼ਾਸਨ, ਆਤਮ-ਵਿਸ਼ਵਾਸ, ਲੀਡਰਸ਼ਿਪ ਸਮਰੱਥਾ, ਆਪਸੀ ਭਾਈਚਾਰੇ ਅਤੇ ਅੰਤਰਰਾਸ਼ਟਰੀ ਸਦਭਾਵਨਾ ਨੂੰ ਵੀ ਉਤਸ਼ਾਹਿਤ ਕਰਦੀਆਂ ਹਨ।

ਸ਼੍ਰੀਲੰਕਾ ਅਤੇ ਭਾਰਤ ਦੇ ਨੌਜਵਾਨ ਖਿਡਾਰੀਆਂ ਵਿਚਕਾਰ ਆਯੋਜਿਤ ਇਹ ਫਰੈਂਡਲੀ ਮੁਕਾਬਲਾ ਦੋਵਾਂ ਦੇਸ਼ਾਂ ਦੇ ਖੇਡ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਸ਼ਲਾਘਾਯੋਗ ਪਹਿਲਕਦਮੀ ਹੈ। ਅਜਿਹੇ ਆਯੋਜਨਾਂ ਨਾਲ ਨੌਜਵਾਨ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀਆਂ ਨਾਲ ਖੇਡਣ ਅਤੇ ਉਨ੍ਹਾਂ ਤੋਂ ਸਿੱਖਣ ਦਾ ਮੌਕਾ ਮਿਲਦਾ ਹੈ।

ਖੇਡ ਰਾਜ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਖੇਡਾਂ ਨੂੰ ਨਵੀਂ ਪਛਾਣ ਅਤੇ ਨਵੀਂ ਦਿਸ਼ਾ ਮਿਲੀ ਹੈ। ਪ੍ਰਧਾਨ ਮੰਤਰੀ ਦੇ ਵਿਜ਼ਨ ਅਨੁਸਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਅਤੇ ਖੇਡਾਂ ਲਈ ਬਿਹਤਰ ਸਹੂਲਤਾਂ ਉਪਲਬਧ ਕਰਵਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸੂਬਾ ਸਰਕਾਰ ਵੀ ਖੇਡ ਪ੍ਰਤਿਭਾਵਾਂ ਨੂੰ ਅੱਗੇ ਵਧਾਉਣ ਲਈ ਨਿਰੰਤਰ ਯਤਨਸ਼ੀਲ ਹੈ।

ਖੇਡ ਰਾਜ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਦੀ ਖੇਡ ਨੀਤੀ, ਖਿਡਾਰੀਆਂ ਨੂੰ ਹੱਲਾਸ਼ੇਰੀ ਅਤੇ ਆਧੁਨਿਕ ਖੇਡ ਸਹੂਲਤਾਂ ਦੇ ਚਲਦਿਆਂ ਸੂਬੇ ਦੇ ਖਿਡਾਰੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾ ਰਹੇ ਹਨ।

ਹਰਿਆਣਾ ਦੀ ਖੇਡ ਨੀਤੀ ਦੀ ਸ਼ਲਾਘਾ ਪੂਰੇ ਦੇਸ਼ ਵਿੱਚ ਹੋ ਰਹੀ ਹੈ। ਹਰਿਆਣਾ ਇੱਕੋ-ਇੱਕ ਅਜਿਹਾ ਰਾਜ ਹੈ ਜਿੱਥੋਂ ਦੇ ਖਿਡਾਰੀ ਦੇਸ਼-ਦੁਨੀਆ ਵਿੱਚ ਰਾਜ ਦਾ ਨਾਂ ਰੋਸ਼ਨ ਕਰ ਰਹੇ ਹਨ। ਪੂਰੀ ਦੁਨੀਆ ਵਿੱਚ ਲੋਕ ਹਰਿਆਣਾ ਨੂੰ ਖੇਡਾਂ ਦੇ ਨਾਂ ਨਾ

ਮਿੰਨੀ ਕਹਾਣੀ

ਕਰਮਾਂ ਵਾਲੀ



ਪ੍ਰਤੀਕ ਨੇ ਦਫ਼ਤਰ ’ਚੋਂ ਸਿੱਧਾ ਘਰ ਜਾਣ ਦੀ ਬਜਾਏ ਬਜ਼ਾਰ ਚੋਂ ਕੁਝ ਮਿਠਾਈਆਂ ਤੇ ਫਲ ਖਰੀਦ ਕੇ ਗੱਡੀ ਬਿਰਧ ਆਸ਼ਰਮ ਵੱਲ ਮੋੜ ਲਈ। ਉਹ ਮਨ ਹੀ ਮਨ ਸੋਚ ਰਿਹਾ ਸੀ ਕਿ ਉਸ ਦੀ ਮਾਂ ਉਸ ਨੂੰ ਪੂਰੇ ਸਾਲ ਬਾਅਦ ਵੇਖ ਕੇ ਬੜਾ ਖ਼ੁਸ਼ ਹੋਵੇਗੀ। ਹੋਇਆ ਵੀ ਇਓਂ ਹੀ ਜਦੋਂ ਪ੍ਰਤੀਕ ਨੇ ਮਾਂ ਕੋਲ ਜਾ ਕੇ ਮਾਂ ਕਹਿ ਕੇ ਨਮਸਕਾਰ ਬੁਲਾਈ ਤਾਂ ਮਾਂ ਦੀ ਖ਼ੁਸ਼ੀ ਦਾ ਟਿਕਾਣਾ ਨਾ ਰਿਹਾ। ਉਸ ਨੇ ਪੁੱਤ ਨੂੰ ਘੁੱਟ ਕੇ ਗਲਵਕੜੀ ’ਚ ਲੈ ਲਿਆ। ਉਸ ਨੂੰ ਇੰਜ ਮਹਿਸੂਸ ਹੋ ਰਿਹਾ ਸੀ ਜਿਵੇਂ ਚਿਰਾਂ ਦੀ ਗਵਾਚੀ ਚੀਜ਼ ਲੱਭ ਗਈ ਹੋਵੇ। ਪ੍ਰਤੀਕ ਨੇ ਮਿਠਾਈ ਤੇ ਫਲਾਂ ਦਾ ਲਿਫ਼ਾਫ਼ਾ ਕੋਲ ਰੱਖਦਿਆਂ ਕੁਝ ਸਮੇਂ ਬਾਅਦ ਕਿਹਾ ਕਿ ਘਰ ਲਈ ਲੇਟ ਹੋ ਰਿਹਾਂ, ਬੱਚੇ ਇੰਤਜ਼ਾਰ ਕਰਦੇ ਹੋਣਗੇ।

ਕੋਲ ਬੈਠੀ ਬਜ਼ੁਰਗ ਔਰਤ ਨੇ ਪ੍ਰਤੀਕ ਨੂੰ ਸਵਾਲੀਆ ਅੰਦਾਜ਼ ’ਚ ਆਖਿਆ ਕਿ ਇਹ ਤੇਰੀ ਬੁੜੀ ਮਾਂ ਵੀ ਤਾਂ ਪੂਰੇ ਵਰ੍ਹੇ ਦੀ ਤੇਰੀ ਰਾਹ ਦੇਖ ਰਹੀ ਹੈ। ਉਸ ਦੀ ਗੱਲ ਕੱਟਦਿਆਂ ਪ੍ਰਤੀਕ ਦੀ ਮਾਂ ਨੇ ਕਿਹਾ ਕਿ ਕੋਈ ਨਾ ਭੈਣੇ ਉਨ੍ਹਾਂ ਮਾਪਿਆਂ ਤੋਂ ਤਾਂ ਕਿਤੇ ਕਰਮਾਂ ਵਾਲੀ ਹਾਂ, ਜਿਨ੍ਹਾਂ ਦੀ ਔਲਾਦ ਮਰ ਮੁੱਕ ਜਾਂਦੀ ਏ। ਦਿਲ ਨੂੰ ਤਸੱਲੀ ਤਾਂ ਹੈ ਵੀ ਮੇਰਾ ਪੁੱਤ ਵੀ ਹੈ ਇਸ ਜਗ ’ਤੇ। ਇਸ ਗੱਲ ਨੇ ਪ੍ਰਤੀਕ ਦੇ ਦਿਲ ’ਤੇ ਅਜਿਹਾ ਅਸਰ ਕਰਿਆ ਕਿ ਉਸ ਦੀਆਂ ਅੱਖਾਂ ’ਚ ਪਾਣੀ ਆ ਗਿਆ। ਉਹ ਮਨ ਹੀ ਮਨ ਸੋਚ ਰਿਹਾ ਸੀ ਕਿ ਮੈਂ ਸੱਚ-ਮੁੱਚ ਜਿਉਂਦਾ ਹਾਂ? ਉਹ ਭੱਜ ਕੇ ਕਮਰੇ ’ਚੋਂ ਉੱਠਿਆ ਤੇ ਬਿਰਧ ਆਸ਼ਰਮ ਵਾਲਿਆਂ ਕੋਲ ਕਾਗਜ਼ ਪੱਤਰ ਦੀ ਕਾਰਵਾਈ ਪੂਰੀ ਕਰ ਕੇ ਮਾਂ ਨੂੰ ਆਪਣੇ ਨਾਲ ਚੱਲਣ ਲਈ, ਗੱਡੀ ’ਚ ਬੈਠਣ ਲਈ ਕਿਹਾ। ਮਾਂ ਦੇ ਹੰਝੂ ਰੋਕਿਆਂ ਨਹੀਂ ਸੀ ਰੁਕ ਰਹੇ। ਓਧਰ ਜਿਓਂ ਹੀ ਘਰ ਦੇ ਗੇਟ ’ਤੇ ਆ ਕੇ ਪ੍ਰਤੀਕ ਨੇ ਹਾਰਨ ਵਜਾਇਆ ਤਾਂ ਘਰਵਾਲੀ ਨੇ ਗੇਟ ਖੋਲ੍ਹਿਆ ਜਿਓਂ ਹੀ ਪ੍ਰਤੀਕ ਗੱਡੀ ’ਚੋਂ ਉਤਰਨ ਲੱਗਿਆ ਤਾਂ ਉਸ ਦੀ ਪਤਨੀ ਨੇ ਖਿਝ ਕੇ ਕਿਹਾ ‘ਕਿੱਧਰ ਮਰਨ ਗਿਆ ਸੀ, ਕਿਹੜਾ ਵੇਲਾ ਹੋ ਗਿਆ।

ਪ੍ਰਤੀਕ ਨੇ ਗੱਡੀ ’ਚੋਂ ਮਾਂ ਨੂੰ ਬਾਹਰ ਕੱਢਦਿਆਂ ਕਿਹਾ ਕਿ ਹੁਣ ਤਕ ਮਰਿਆ ਹੀ ਹੋਇਆ ਸੀ। ਅੱਜ ਤਾਂ ਮੈਂ ਜਿਉਂਦਾ ਹੋ ਕੇ ਆਇਆ ਹਾਂ। ਇਹ ਕਹਿ ਕੇ ਪ੍ਰਤੀਕ ਮਾਂ ਨੂੰ ਸੋਢੇ ਦਾ ਸਹਾਰਾ ਦਿੰਦਾ ਹੋਇਆ ਕਮਰੇ ਵੱਲ ਲੈ ਗਿਆ।

• ਹਰਪ੍ਰੀਤ ਕੌਰ ਘੁੰਨਸ, *ਮੋਬਾ. : 97795-20194*

ਗ਼ਜ਼ਲ



ਵੇਖਦਾ ਹਾਂ ਬੇਕਸੂਰ ’ਤੇ ਜਦੋਂ ਜ਼ੁਲਮ ਹੁੰਦਾ।
ਰਿਸਦਾ ਮੇਰੇ ਸੀਨੇ ’ਚ ਵੀ ਜ਼ਖ਼ਮ ਹੁੰਦਾ।

ਖੌਲ ਰਿਹੈ ਮੇਰੇ ਜਿਸਮ ਦਾ ਸਿਦਕ,
ਰੋਕ ਦਿੰਦਾ ਨਫ਼ਸ ਜੇਕਰ ਦਮ ਹੁੰਦਾ।

ਬਣ ਰਿਹੈ ਦੁਸ਼ਮਣ ਇਨਸਾਨ ਦਾ ਬੇਈਮਾਨ
ਰਿਸ਼ਤਾ ਮੁਹੱਬਤ ਦਾ ਪਵਿੱਤਰ ਨਜ਼ਮ ਹੁੰਦਾ।

ਪੰਛੀ ਵੀ ਆਪਸ ਵਿਚ ਕਰਨ ਗੁਫ਼ਤਗੂ,
ਸਿਤਮ ਦਫ਼ਨ ਕਰਨਾ ਇਨਸਾਨ ਦਾ ਧਰਮ ਹੁੰਦਾ।

ਜਿਨ੍ਹਾਂ ਦੀ ਬਦੌਲਤ ਮਾਣ ਰਹੇ ਹਾਂ ਅਜ਼ਾਦੀ,
ਕਦਰ ਕਰੀਏ ਕੁਝ ਸਾਡਾ ਵੀ ਕਰਮ ਹੁੰਦਾ।

• ਮੇਜਰ ਸਿੰਘ ਰਾਜਗੜ੍ਹ, *ਮੋਬਾਈਲ : 98766-64204*

ਮੋਹਖੋਰਾ ਤੇ ਬੀਬਾ ਲੇਖਕ ਸੀ ਬੰਤ ਸਿੰਘ ਚੱਠਾ



ਨਿਰੰਜਣ ਬੋਹਾ

ਮੋਬਾਈਲ : 89682-82700

ਬੰਤ ਸਿੰਘ ਚੱਠਾ ਜਿੰਨਾ ਮੋਹਖੋਰਾ ਬੰਦਾ ਸੀ ਓਨਾ ਹੀ ਕੋਰਾ ਕਰਾਰਾ ਵੀ। ਜੇ ਕਿਸੇ ਕਾਰਨ ਉਹ ਵਿਗੜ ਜਾਂਦਾ ਤਾਂ ਛੇਤੀ ਕੀਤਿਆਂ ਸੂਤ ਨਾ ਆਉਂਦਾ। ਉਸ ਦੇ ਪਿਆਰ ਵਿਚ ਬੱਚਿਆਂ ਜਿਹੀ ਮਾਸੂਮੀਅਤ ਤੇ ਨਿਰਛਲਤਾ ਸੀ ਪਰ ਵਿਗੜਣ ’ਤੇ ਉਹ ਹੈਂਕੜਖੋਰ ਥਣ ਜਾਂਦਾ। ਪਿਆਰ ਨਾਲ ਤੋਰੇ ਤਾਂ ਉਹ ਸੈਂਕੜੇ ਮੀਲ ਤੁਹਾਡੇ ਨਾਲ ਤੁਰਨ ਲਈ ਤਿਆਰ ਪਰ ਕੋਈ ਰੋਹਬ ਨਾਲ ਗੱਲ ਕਰੇ ਤਾਂ ਇਕ ਪੈਰ ਵੀ ਨਾ ਪੁੱਟਦਾ ਤੇ ਨਾ ਹੀ ਕਿਸੇ ਟੁੰਡੀ ਲਾਟ ਦੀ ਪਰਵਾਹ ਕਰਦਾ ਸੀ...

‘ਯਾਰ ਬੋਹੇ ! ਬੰਤ ਸਿੰਘ ਚੱਠਾ ਤੇਰੇ ਨਾਲ ਬਹੁਤ ਨਰਾਜ਼ ਐ, ਉਹ ਤਾਂ ਤੈਨੂੰ ਗਾਲ੍ਹਾਂ ਕੱਢਦੈ। ਸਾਡੇ ਸਾਂਝੇ ਦੋਸਤ ਕਹਾਣੀਕਾਰ ਦਰਸ਼ਨ ਜੋਗਾ ਨੇ ਇਕ ਦਿਨ ਮਿਲਣ ’ਤੇ ਮੈਨੂੰ ਦੱਸਿਆ ਤੇ ਮੇਰੀ ਪ੍ਰਤੀਕਿਰਿਆ ਜਾਣਨ ਲਈ ਮੇਰੇ ਮੂੰਹ ਵੱਲ ਵੇਖਣ ਲੱਗਾ’। ‘ਬਾਈ ਜਿਹੜੇ ਥੰਦੇ ਨਾਲ ਨੇੜਤਾ ਹੁੰਦੀ ਐ ਉਹ ਨਰਾਜ਼ ਵੀ ਹੁੰਦੇ ਤੇ ਗਾਲ੍ਹਾਂ ਵੀ ਉਹੀ ਕੱਢਦੈ। ਨਹੀਂ ਕਿਵੇਂ ਕੋਈ ਖਾ ਲੂ ਕਿਸੇ ਤੋਂ ਗਾਲ੍ਹਾਂ’। ਜੋਗੇ ਦੀ ਗੱਲ ਸੁਣ ਕੇ ਮੈਂ ਮੁਸਕਰਾ ਪਿਆ ਸਾਂ ਤੇ ਉਸ ਦੀਆਂ ਆਦਤਾਂ ਤੋਂ ਜਾਣੂ ਉਹ ਮੇਰੀ ਮੁਸਕਰਾਹਟ ਦੇ ਜਵਾਬ ਵਿਚ ਕੇਵਲ ਮੁਸਕਰਾਇਆ ਹੀ ਨਹੀਂ ਸਗੋਂ ਹੱਸਣ ਵੀ ਲੱਗ ਪਿਆ ਸੀ।

ਦਰਸ਼ਨ ਜੋਗਾ ਦੇ ਦੱਸਣ ਤੋਂ ਪਹਿਲਾਂ ਵੀ ਮੈਨੂੰ ਪਤਾ ਸੀ ਕਿ ਬੰਤ ਸਿੰਘ ਚੱਠਾ ਮੇਰੇ ਨਾਲ ਨਰਾਜ਼ ਹੈ। ਭਲਾ ਉਹ ਇਸ ਗੱਲ ਨੂੰ ਕਿਵੇਂ ਬਰਦਾਸ਼ਤ ਕਰ ਸਕਦਾ ਸੀ ਕਿ ਮੈਂ ਉਸ ਦੇ ਪਿੰਡ ਤੋਂ ਕੇਵਲ ਚਾਰ ਕੁ ਕਿਲੋ ਮੀਟਰ ਦੂਰ ਭੁੱਚੋ ਮੰਡੀ ਆਪਣੇ ਸਹੁਰੇ ਆ ਕੇ ਉਸ ਨੂੰ ਬਿਨਾਂ ਮਿਲੇ ਮਿਲ ਵਾਪਸ ਚੱਲਿਆ ਗਿਆ ਹੋਵਾਂ, ਜਦੋਂ ਕਿ ਉਹ ਮੈਨੂੰ ਆਪਣੇ ਨਵੇਂ ਮਕਾਨ ਦੀ ਉਸਾਰੀ ਦੀ ਸੂਚਨਾ ਵੀ ਫੋਨ ’ਤੇ ਦੇ ਚੁੱਕਾ ਸੀ। ਫਿਰ ਉਸ ਦਾ ਨਵਾਂ ਨਾਵਲ ਵੀ ਤਾਂ ਆਇਆ ਸੀ ਪਰ ਮੈਂ ਆਪਣੇ ਹੀ ਰੁਝੇਵਿਆਂ ਵਿਚ ਉਲਝਿਆ ਉਸ ਨੂੰ ਫੋਨ ’ਤੇ ਵਧਾਈ ਵੀ ਤਾਂ ਨਹੀਂ ਦੇ ਸਕਿਆ।

ਮੈਨੂੰ ਇਹ ਯਕੀਨ ਸੀ ਕਿ ਚੱਠਾ ਮੇਰੇ ਨਾਲ ਨਰਾਜ਼ ਤਾਂ ਹੋ ਸਕਦਾ ਹੈ ਪਰ ਲੰਮਾ ਸਮਾਂ ਨਰਾਜ਼ ਰਹਿ ਨਹੀਂ ਸਕਦਾ। ਫਿਰ ਉਸ ਨੂੰ ਮਨਾਉਣ ਦਾ ਗੁਰ ਵੀ ਤਾਂ ਮੈਨੂੰ ਆਉਂਦਾ ਸੀ। ਭੁੱਚੋ ਗਿਆ ਤਾਂ ਬਿਨਾਂ ਉਸ ਨੂੰ ਸੂਚਨਾ ਦਿੱਤੇ ਪੂਹਲੀ ਪਹੁੰਚ, ਉਸ ਦੇ ਘਰ ਦੀ ਬੈੱਲ ਜਾ ਖੜਕਾਈ। ਕਿੱਧਰ ਗਈ ਉਸ ਦੀ ਨਰਾਜ਼ਗੀ ਤੇ ਕਿੱਧਰ ਗਿਆ ਉਸ ਦਾ ਗੁੱਸਾ। ਉਸ ਦੀ ਜੱਫੀ ਦਾ ਨਿੱਘ ਮੈਨੂੰ ਅਹਿਸਾਸ ਕਰਵਾ ਰਿਹਾ ਸੀ ਕਿ ਉਸ ਦਾ ਮੇਰੇ ਪ੍ਰਤੀ ਪਿਆਰ ਤਾਂ ਅਸਲੀ ਹੈ ਪਰ ਨਰਾਜ਼ਗੀ ਬਿਲਕੁਲ ਨਕਲੀ।

ਬੰਤ ਸਿੰਘ ਚੱਠਾ ਜਿੰਨਾ ਮੋਹਖੋਰਾ ਬੰਦਾ ਸੀ ਓਨਾ ਹੀ ਕੋਰਾ ਕਰਾਰਾ ਵੀ ਸੀ। ਜੇ ਇਕ ਵਾਰ ਕਿਸੇ ਕਾਰਨ ਉਹ ਵਿਗੜ ਜਾਂਦਾ ਤਾਂ ਛੇਤੀ ਕੀਤਿਆਂ ਸੂਤ ਨਾ ਆਉਂਦਾ। ਉਸ ਦੇ ਪਿਆਰ ਵਿਚ ਬੱਚਿਆਂ ਜਿਹੀ ਮਾਸੂਮੀਅਤ ਤੇ ਨਿਰਛਲਤਾ ਹੈ ਪਰ ਵਿਗੜਣ ’ਤੇ ਉਹ ਹੈਂਕੜਖੋਰ ਵੀ ਬਣ ਜਾਂਦਾ ਹੈ। ਪਿਆਰ ਨਾਲ ਤੋਰੇ ਤਾਂ ਉਹ ਸੈਂਕੜੇ ਮੀਲ ਤੁਹਾਡੇ ਨਾਲ ਤੁਰਨ ਲਈ ਤਿਆਰ ਹੈ ਪਰ ਕੋਈ ਰੋਹਬ ਨਾਲ ਗੱਲ ਕਰੇ ਤਾਂ ਇਕ ਪੈਰ ਵੀ ਨਾ ਪੁੱਟਦਾ ਤੇ ਨਾ ਹੀ ਕਿਸੇ ਟੁੰਡੀ ਲਾਟ ਦੀ ਪਰਵਾਹ ਕਰਦਾ ਸੀ। ਜੇ ਕਿਸੇ ਕਾਰਨ ਉਹ ਵਿਗੜ ਜਾਂਦਾ ਤਾਂ ਛੇਤੀ ਕੀਤਿਆਂ ਸੂਤ ਨਾ ਆਉਂਦਾ। ਉਸ ਦੇ ਪਿਆਰ ਵਿਚ ਬੱਚਿਆਂ ਜਿਹੀ ਮਾਸੂਮੀਅਤ ਤੇ ਨਿਰਛਲਤਾ ਸੀ ਪਰ ਵਿਗੜਣ ’ਤੇ ਉਹ ਹੈਂਕੜਖੋਰ ਵੀ ਬਣ ਜਾਂਦਾ ਸੀ।

ਕਿਸੇ ਨਵੇਂ ਤੇ ਸਿਖਾਂਦਰੂ ਲੇਖਕ ਲਈ ਦੋ ਕਿਤਾਬਾਂ ਦਾ ਲੇਖਕ ਵਿਸ਼ੇਸ਼ ਖਿਚ ਰੱਖਦਾ ਹੈ ਤੇ ਇਸ ਖਿੱਚ ਕਾਰਨ ਹੀ ਮੈਂ ਸਿਰਦੇ ਸਿਰਦੇ ਆਪਣੀਆਂ ਕਵਿਤਾਵਾਂ ਦੀ ਡਾਇਰੀ ਲੈ ਕੇ ਉਸ ਕੋਲ ਗਿਆ ਸਾਂ। ਉਸ ਮੈਨੂੰ ਥਾਪੜਾ ਤਾਂ ਦਿੱਤਾ ਨਾਲੇ ਕਵਿਤਾ ਲਿਖਣ ਲਈ ਕੁਝ ਜ਼ਰੂਰੀ ਨੁਕਤੇ ਵੀ ਦੱਸੇ ਸਨ। ਉਸ ਦੇ ਸੁਝਾਅ ’ਤੇ ਹੀ ਮੈਂ ਪਿਆਰ ਕਵਿਤਾਵਾਂ ਦੇ ਨਾਲ ਤੇ ਲੋਕਾਂ ਦੇ ਦੁੱਖਾਂ-ਦਰਦਾਂ ਦੀ ਬਾਤ ਪਾਉਂਦੀਆਂ ਕਵਿਤਾਵਾਂ ਲਿਖਣ ਦੀ ਕੋਸ਼ਿਸ਼ ਵੀ ਕਰਨ ਲੱਗ ਪਿਆ ਸਾਂ। ਮੇਰੇ ਤੇ ਚੱਠੇ ਵਿਚਕਾਰ ਪਹਿਲਾਂ ਗੁਰੂ ਚੇਲੇ ਵਾਲੇ ਸਬੰਧ ਸਨ ਪਰ ਜਿਉਂ ਜਿਉਂ ਮੈਂ ਸਾਹਿਤ ਦੇ ਖੇਤਰ ਨਾਲ ਗੰਭੀਰਤਾ ਨਾਲ ਜੁੜਦਾ ਗਿਆ ਸਾਡੇ ਸਬੰਧ ਵੀ ਦੋਸਤਾਨਾ ਹੁੰਦੇ ਗਏ।

ਚੱਠਾ ਰਾਮ ਪੁਰ ਮੰਡੇਰ ਤੋਂ ਬਦਲੀ ਕਰਵਾਕੇ ਆਪਣੇ ਪਿੰਡ ਪੂਹਲੀ ਵੱਲ ਚੱਲਿਆ ਗਿਆ ਤੇ ਰੋਜ਼ੀ ਰੋਟੀ ਦਾ ਚੱਕਰ ਮੈਨੂੰ ਬਾਘੇਪਰਾਣੇ ਲੈ ਗਿਆ। ਅਸੀਂ ਕਦੇ ਕਦਾਈਂ ਸਾਹਿਤਕ ਸਮਾਗਮਾਂ ’ਤੇ ਜ਼ਰੂਰ ਮਿਲਦੇ ਪਰ ਪਹਿਲਾਂ ਵਾਂਗ ਨਹੀਂ ਬੱਸ ਰਸਮੀ ਜਿਹੀ ਮੁਲਾਕਾਤ ਹੀ ਹੁੰਦੀ ਸੀ ਸਾਡੀ। 1982 ਵਿਚ ਮੇਰਾ ਵਿਆਹ ਭੁੱਚੋ ਮੰਡੀ ਵਿਚ ਹੋ ਗਿਆ ਤਾਂ ਸਾਡੇ ਮਿਲਦੇ ਰਹਿਣ ਦਾ ਵੀ ਨਵਾਂ ਸਬੱਬ ਬਣ ਗਿਆ। ਸਹੁਰੇ ਜਾਂਦਾ ਤਾਂ ਦੋ ਤਿੰਨ ਘੰਟੇ ਚੱਠੇ ਕੋਲ ਵੀ ਲਾ ਆਉਂਦਾ। ਅਸੀਂ ਸਾਹਿਤ ਤੇ ਸਾਹਿਤਕਾਰਾਂ ਬਾਰੇ ਕਿਨੀਆਂ ਹੀ ਨਿੱਕੀਆਂ-ਨਿੱਕੀਆਂ ਗੱਲਾਂ ਕਰਦੇ ਤੇ ਆਪਣੀਆਂ ਰਚਨਾਵਾਂ ਵੀ ਇਕ ਦੂਜੇ ਨੂੰ ਸੁਣਾ ਕੇ ਉਨ੍ਹਾਂ ’ਤੇ ਚਰਚਾ ਕਰਦੇ। ਚੱਠੇ ਬਾਈ ਤੈਨੂੰ ਕਹਾਣੀਆਂ ਦੀਆਂ ਦੋ ਕਿਤਾਬਾਂ ਛਪਵਾਇਆਂ ਮੁਦਤਾਂ ਬੀਤ ਗਈਆਂ ਹਨ। ਅਖ਼ਬਾਰਾਂ, ਮੈਗਜ਼ੀਨਾਂ ਵਿਚ ਕਹਾਣੀਆਂ ਛਪਵਾ, ਸਾਂਭ ਰੱਖਣ ਨਾਲ ਕਿਸੇ ਨੇ ਇਨ੍ਹਾਂ ਦਾ ਗੰਭੀਰ ਨੋਟਿਸ ਨਹੀਂ ਲੈਣਾ। ਇਨ੍ਹਾਂ ਨੂੰ ਕਿਤਾਬੀ ਰੂਪ ਕਿਉਂ ਨਹੀਂ ਦਿੰਦੇ ਤੁਸੀਂ? ਉਸ ਨੂੰ ਮੇਰਾ ਸੁਆਲ ਸੀ।

ਥੋਹੋ ਯਾਰ ਕਿਤਾਬਾਂ ਛਪਵਾਉਣ ਬਾਰੇ ਮੈਨੂੰ ਬਹੁਤਾ ਤਜਰਬਾ ਨਹੀਂ। ਮੇਰਾ ਇਹ ਕੰਮ ਵੀ ਤੂੰ ਹੀ ਕਰ। ਕਹਾਣੀਆਂ ਦੀ ਇਕ ਇਕ ਕਾਪੀ ਮੈਂ ਸਾਂਭੀ ਹੋਈ ਹੈ, ਤੂੰ ਲੈ ਜਾ ਤੇ ਜਿੱਥੇ ਮਰਜ਼ੀ ਛਪਵਾ। ‘ਜਿਹੜਾ ਬੋਲੇ ਉਹੀ ਕੁੰਡਾ ਖੋਲ੍ਹੇ’ ਅਨੁਸਾਰ ਉਸ ਕਿਤਾਬ ਛਪਵਾਉਣ ਦੀ ਸਾਰੀ ਜ਼ਿੰਮੇਵਾਰੀ ਵੀ ਮੇਰੇ ’ਤੇ ਹੀ ਪਾ ਦਿੱਤੀ।

ਉਸ ਦੇ ਤੀਸਰੇ ਕਹਾਣੀ ਸੰਗ੍ਰਿਹ ‘ਸ਼ਹਿਰ ਨਾ ਜਾਹ’ ਦਾ ਖਰੜਾ ਮੈਂ ਉਸੇ ਦਿਨ ਲੈ ਲਿਆ। ਦੋ ਤਿੰਨ ਦਿਨ ਬਾਅਦ ਮੈਂ ਉਸ ਨੂੰ ਮਾਨਸਾ ਦਰਸ਼ਨ ਮਿਤਵੇ ਦੇ ਘਰ ਆਉਣ ਦਾ ਸੱਦਾ ਦੇ ਦਿੱਤਾ। ਅਸੀਂ ਉਸ ਵੇਲੇ ਉਡਾਨ ਪ੍ਰਕਾਸ਼ਨ ਦੇ ਬੈਨਰ ਹੇਠ ਕਿਤਾਬਾਂ ਛਾਪਦੇ ਕਹਾਣੀਕਾਰ ਦਰਸ਼ਨ ਮਿਤਵਾ ਨੂੰ ਉਸ ਦਾ ਖਰੜਾ ਫੜਾਇਆ ਤਾਂ ਉਹ ਖ਼ੁਸ਼ ਹੋ ਕੇ ਬੋਲਿਆ, ‘ਚੱਠਾ ਸਾਹਿਬ ਤੁਸੀਂ ਬਹੁਤ ਪੁਰਾਣੇ ਤੇ ਵਧੀਆ ਕਹਾਣੀਕਾਰ ਹੋ। ਤੁਹਾਡੀਆਂ ਤਾਂ ਹੁਣ ਨੂੰ ਕਈ ਕਿਤਾਬਾਂ ਆ ਜਾਣੀਆ ਚਾਹੀਦੀਆ ਸਨ। ਇਸ ਤਰ੍ਹਾਂ ਉਸ ਦੀ ਤੀਜੀ ਕਿਤਾਬ ਛਪ ਗਈ। ਨਿਰੋਲ ਨਸ਼ਿਆ ਦੇ ਵਿਸ਼ੇ ਨਾਲ ਸਬੰਧਤ ਕਹਾਣੀਆਂ ਦੀ ਇਸ ਕਿਤਾਬ ਨੂੰ ਪਾਠਕਾਂ ਵੱਲੋਂ ਇੰਨਾਂ ਹੁੰਗਾਰਾ ਮਿਲਿਆ ਕਿ ਉਸ ਨੂੰ ਲੱਗਣ ਲੱਗਾ ਕਿ ਇੰਨਾਂ ਸਮਾਂ ਕੋਈ ਕਿਤਾਬ ਨਾ ਛਪਵਾ ਕੇ ਉਸ ਭਾਰੀ ਗ਼ਲਤੀ ਕੀਤੀ ਹੈ। ਬੱਸ ਫਿਰ ਕੀ ਸੀ, ਉਹ ਕਿਤਾਬਾਂ ਛਪਵਾਉਣ ਦੇ ਅਜਿਹਾ ਰਾਹ ਪਿਆ ਕਿ ਇਕ ਸਾਲ ਵਿਚ ਉਸ ਦੀਆਂ ਦੋ ਕਿਤਾਬਾਂ ਛਪਣ ਲੱਗੀਆਂ। ਹੁਣ ਕਹਾਣੀ ਲਿਖਦਾ ਲਿਖਦਾ ਉਹ ਵੱਡ ਅਕਾਰੀ ਨਾਵਲ ਲਿਖਣ ਲੱਗ ਪਿਆ। ਉਸ ਦੇ ਨਾਵਲ ‘ਨਦੀ ਵਹਿਦੀ ਰਹੀ’, ‘ਤਿੰਨ ਕੁੜੀਆਂ’, ‘ਹਨੇਰੀ ਰਾਤ ਦੇ ਤਾਰੇ’ ਤੇ ‘ਪਹਿਲਾਂ ਪਾਣੀ ਜਿਉ ਹੈ’ ਮੇਰੀ ਨਜ਼ਰ ਵਿੱਚੋਂ ਲੰਘ ਕੇ ਹੀ ਪ੍ਰਕਾਸ਼ਕ ਤਕ ਪਹੁੰਚੇ। ਦਰਸ਼ਨ ਮਿਤਵਾ ਤਾਂ ਉਸ ਦੀ ਪਹਿਲੀ ਕਿਤਾਬ ਪ੍ਰੈਸ ਵਿੱਚੋਂ ਆਉਣ ਤੋਂ ਪਹਿਲਾਂ ਹੀ ਇਸ ਦੁਨੀਆ ਤੋਂ ਤੁਰ ਗਏ ਪਰ ਬਾਅਦ ਵਿਚ ਉਸ ਦੀ ਪ੍ਰਕਾਸ਼ਨ ਨੂੰ ਸੰਭਾਲਣ ਵਾਲੇ ਉਸ ਦੇ ਭਤੀਜੇ ਸੰਜੀਵ ਮਿਤਵਾ ਨਾਲ ਚੱਠੇ ਨੇ



ਯਾਰੀ ਪਾ ਲਈ। ਹੁਣ ਉਸ ਨੂੰ ਕਿਤਾਬਾਂ ਛਪਵਾਉਣ ਦਾ ਪੂਰਾ ਤਜਰਬਾ ਹੋ ਗਿਆ ਸੀ । ਭਾਵੇਂ ਉਡਾਨ ਪ੍ਰਕਾਸ਼ਨ ਤੋਂ ਬਿਨਾਂ ਉਸ ਸੰਗਮ ਪਬਲਿਕੇਸਨਜ਼ ਸਮਾਣਾ ਤੋਂ ਵੀ ਦੋ ਤਿੰਨ ਕਿਤਾਬਾਂ ਛਪਵਾਈਆ ਪਰ ਉਸ ਦੀ ਪੱਕੀ ਯਾਰੀ ਹੁਣ ਵੀ ਸੰਜੀਵ ਮਿਤਵਾ ਨਾਲ ਹੀ ਸੀ।

ਆਪਣੇ ਛੇ ਫੁੱਟ ਲੰਮੇ ਕੱਦ ਕਾਰਨ ਚੱਠਾ ਪੰਜਾਬੀ ਲੇਖਕਾਂ ਵਿੱਚੋਂ ਦੂਰੋਂ ਹੀ ਪਛਾਣਿਆਂ ਜਾਂਦਾ ਸੀ। ਜਦੋਂ ਉਹ ਸਾਹਿਤਕਾਰਾਂ ਨਾਲ ਕਿਸੇ ਵਿਸ਼ੇ ’ਤੇ ਬਹਿਸ ਰਿਹਾ ਹੁੰਦਾ ਤਾਂ ਹੀ ਉਹ ਸਾਹਿਤਕਾਰ ਜਾਪਦਾ ਨਹੀਂ ਤਾਂ ਆਪਣੇ ਪੁੱਤਰ ਤੇਜਵੰਤ ਚੱਠਾ (ਜੋ ਕੌਮੀ ਪੱਧਰ ਦਾ ਵੇਟ ਲਿਫਟਰ ਹੈ) ਦੇ ਨਾਲ ਖੇਤਾਂ ਵਿਚ ਕੰਮ ਕਰਦਾ ਪੂਰਾ ਕਿਸਾਨ ਹੀ ਹੁੰਦਾ ਸੀ। ਆਧੁਨਿਕ ਢੰਗ ਤਰੀਕਿਆਂ ਨਾਲ ਖੇਤੀਬਾੜੀ ਕਰਨ ਦਾ ਸੌਕ ਉਸ ਦੇ ਹੱਡੀ ਰਚਿਆ-ਮਿਚਿਆ ਸੀ। ਘਰੇ ਖਾਣ ਜੋਗੀਆਂ ਸਾਰੀਆਂ ਸਬਜ਼ੀਆਂ ਉਹ ਆਪਣੇ ਖੇਤ ਹੀ ਉਗਾਉਂਦਾ। ਖੇਤ ਵਿਚ ਕੰਮ ਨਾ ਵੀ ਹੋਵੇ, ਸਵੇਰੇ ਸ਼ਾਮ ਸੈਰ ਦੇ ਬਹਾਨੇ ਉਹ ਖੇਤ ਗੇੜਾ ਮਾਰਨਾ ਨਹੀਂ ਭੁੱਲਦਾ। ਜੇ ਕੋਈ ਲੇਖਕ ਦੋਸਤ ਉਸ ਨੂੰ ਮਿਲਣ ਆਵੇ ਤਾਂ ਉਸ ਨੂੰ ਵੀ ਖੇਤ ਲੈ ਤੁਰਦਾ। ਕਈ ਵਾਰ ਤਾਂ ਉਹ ਆਪਣੇ ਸਾਹਿਤਕਾਰ ਦੋਸਤਾਂ ਨੂੰ ਬੁਲਾ ਕੇ ਖੇਤ ਦੇ ਕਮਰੇ ਵਿਚ ਹੀ ਸਾਹਿਤਕ ਮਹਿਫ਼ਲ ਲਾ ਲੈਂਦਾ ਸੀ। ਘਰ ਆਏ ਲੇਖਕਾਂ ਦੀ ਸੇਵਾ ਉਹ ਉਨ੍ਹਾਂ ਨੂੰ ਰੱਬ ਸਮਝ ਕੇ ਹੀ ਕਰਦਾ ਸੀ।

ਪਿੱਛੇ ਜਿਹੇ ਉਸ ’ਤੇ ਟਾਈਫਾਇਡ ਦੇ ਬੁਖਾਰ ਨੇ ਜ਼ੋਰਦਾਰ ਹਮਲਾ ਕਰ ਦਿੱਤਾ। ਮੈਂ ਸ਼੍ਰੀਮਤੀ ਸਮੇਤ ਉਸ ਦਾ ਪਤਾ ਲੈਣ ਗਿਆ। ਬੁਖ਼ਾਰ ਨੇ ਉਸ ਦਾ ਸਾਰਾ ਸਰੀਰ ਝੰਬ ਦਿੱਤਾ ਸੀ ਤੇ ਉਸ ਦਾ ਭਾਰ ਪੈਦਰਾਂ ਕਿਲੋ ਦੇ ਲਗਪਗ ਘੱਟ ਗਿਆ। ਉਹ ਅਰਾਮ ਕਰ ਰਿਹਾ ਸੀ ਕਿ ਮੈਂ ਚਾਦਰੱਕ ਉਸ ਨੂੰ ਜਾ ਜਗਾਇਆ। ਮੈਨੂੰ ਵੇਖ ਕੇ ਉਹ ਕੇ ਉੱਠ ਕੇ ਬੈਠ ਗਿਆ। ਬੱਲੇ ਬੱਲੇ, ਮੇਰਾ ਡਾਕਟਰ ਆ ਗਿਆ ਬਈ। ਲੈ ਹੁਣ ਇਸ ਨਾਲ ਗੱਲਾਂ ਕਰ ਕੇ ਸਾਰੀ ਬਿਮਾਰੀ ਭੱਜਾ ਦੇਣੀ ਆਪਾਂ। ਉਸ ਨਾਹਰਾ ਜਿਹਾ ਲਾਇਆ ਤੇ ਕੈਮਜ਼ੋਰ ਸਿਹਤ ਦੇ ਬਾਵਜੂਦ ਡਾਕਟਰੀ ਹਦਾਇਤਾਂ ਨੂੰ

ਗਾਜ਼ਰ, ਮੂਲੀ ਅਤੇ ਸ਼ਲਗਮ ਜੜ੍ਹਾਂ ਵਾਲੀਆਂ ਸਬਜ਼ੀਆਂ ਹਨ। ਗਾਜਰ ਅਤੇ ਸ਼ਲਗਮ ਦੀ ਵਰਤੋਂ ਸਬਜ਼ੀ ਲਈ ਜਦੋਂ ਕਿ ਮੂਲੀ ਨੂੰ ਸਲਾਦ ਦੇ ਰੂਪ ਵਿਚ ਵਰਤਿਆ ਜਾਂਦਾ ਹੈ। ਗਾਜਰ ਦਾ ਰਸ ਅਤੇ ਗਾਜਰ ਪਾਕ ਮਠਿਆਈ ਵੀ ਬਣਾਈ ਜਾਂਦੀ ਹੈ। ਗਾਜਰ ਅਤੇ ਸ਼ਲਗਮ ਦਾ ਅਚਾਰ ਪਾਇਆ ਜਾਂਦਾ ਹੈ...

ਵਪਾਰਕ ਸਬਜ਼ੀਆਂ ਦੀ ਬਿਜਾਈ



• ਡਾ. ਰਣਜੀਤ ਸਿੰਘ

ਇਹ ਵੇਖਣ ਵਿਚ ਆਇਆ ਹੈ ਕਿ ਪਿੰਡਾਂ ਦੇ ਬਹੁਤੇ ਘਰਾਂ ਵਿਚ ਵੀ ਸਬਜ਼ੀ ਸ਼ਹਿਰੋਂ ਜਾਂ ਫੇਰੀ ਵਾਲੇ ਤੋਂ ਲੈ ਕੇ ਬਣਾਈ ਜਾਂਦੀ ਹੈ। ਬਿਮਾਰੀਆਂ ਵਿਚ ਨਿੱਤ ਹੋ ਰਹੇ ਵਾਧੇ ਦਾ ਇਕ ਕਾਰਨ ਇਹ ਸਬਜ਼ੀਆਂ ਵੀ ਹਨ। ਮੈਂ ਕਿਸਾਨ ਵੀਰਾਂ ਨੂੰ ਹਰ ਵਾਰ ਇਹ ਅਪੀਲ ਕਰਦਾ ਹਾਂ ਕਿ ਆਪਣੀ ਬੰਬੀ ਲਾਗੇ ਸਬਜ਼ੀ ਬਗ਼ੀਚੀ ਬਣਾਈ ਜਾਵੇ। ਜੇਕਰ ਹਵੇਲੀ ਦਾ ਵਿਹੜਾ ਖੁਲ੍ਹਾ ਹੈ ਤਾਂ ਉੱਥੇ ਵੀ ਸਬਜ਼ੀ ਲਗਾਈ ਜਾ ਸਕਦੀ ਹੈ। ਅੱਜ ਦਾ ਮਹੀਨਾ ਸਰਦੀਆਂ ਲਈ ਸਬਜ਼ੀਆਂ ਲਗਾਉਣ ਦਾ ਢੁਕਵਾਂ ਮਹੀਨਾ ਹੈ। ਸਰਦੀਆਂ ਦੀਆਂ ਸਬਜ਼ੀਆਂ ਵਿਚ ਮਟਰ, ਫੁਲਗੋਭੀ, ਬੰਦ ਗੋਭੀ, ਗੰਢ ਗੋਭੀ, ਗਾਜਰ, ਮੂਲੀ, ਸ਼ਲਗਮ, ਪਾਲਕ, ਆਲੂ ਅਤੇ ਮੇਥੀ ਮੁੱਖ ਸਬਜ਼ੀਆਂ ਹਨ। ਬੰਬੀ ਬਗ਼ੀਚੀ ਵਿਚ ਲਗਾਉਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੋਂ ਕਿਟ ਖ਼ਰੀਦੀ ਜਾ ਸਕਦੀ ਹੈ। ਜਿਸ ਵਿਚ ਇਨ੍ਹਾਂ ਸਾਰੀਆਂ ਸਬਜ਼ੀਆਂ ਦੇ ਥੋੜ੍ਹੇ ਥੋੜ੍ਹੇ ਬੀਜ ਹੁੰਦੇ ਹਨ।

ਸਬਜ਼ੀਆਂ ਦੀ ਬਿਜਾਈ ਚੰਗੀ ਤਰ੍ਹਾਂ ਤਿਆਰ ਕੀਤੇ ਖੇਤ ਵਿਚ ਕਰਨੀ ਚਾਹੀਦੀ ਹੈ। ਰੂੜੀ ਦੀ ਵਰਤੋਂ ਜ਼ਰੂਰੀ ਹੈ। ਖੇਤ ਤਿਆਰ ਕਰਦੇ ਸਮੇਂ 10 ਕੁ ਟਨ ਦੇਸੀ ਰੂੜੀ ਪ੍ਰਤੀ ਏਕੜ ਪਾਈ ਜਾਵੇ। ਨਦੀਨਾਂ ਦੀ ਰੋਕਥਾਮ ਲਈ ਗੋਡੀ ਕੀਤੀ ਜਾਵੇ ਅਤੇ ਨਦੀਨ ਨਾਸ਼ਕਾਂ ਦੀ ਵਰਤੋਂ ਨਾ ਕੀਤੀ ਜਾਵੇ।

ਮਟਰ ਸਭ ਤੋਂ ਵਧ ਪਸੰਦ ਕੀਤੀ ਜਾਣ ਵਾਲੀ ਸਬਜ਼ੀ ਹੈ। ਇਸ ਅਗੇਤੀ ਫ਼ਸਲ ਦੀ ਬਿਜਾਈ ਸਤੰਬਰ ਦੇ ਅਖੀਰ ਤੋਂ ਦਸੰਬਰ ਦੇ ਅਖੀਰ ਤਕ ਕੀਤੀ ਜਾ ਸਕਦੀ ਹੈ। ਮਟਰ ਅਗੇਤ-7, ਮਟਰ ਅਗੇਤ-6 ਅਤੇ ਅਰਕਲ ਅਗੇਤੀਆਂ ਕਿਸਮਾਂ ਹਨ। ਇਸ ਵਾਰ ਇਕ ਨਵੀਂ ਕਿਸਮ ਏ ਪੀ-3 ਦੀ ਵੀ ਕਾਸ਼ਤ ਲਈ ਸਿਫ਼ਾਰਸ਼ ਕੀਤੀ ਗਈ ਹੈ। ਜੇਕਰ ਇਸ ਦੀ ਅਗੇਤੀ ਬਿਜਾਈ ਕੀਤੀ ਜਾਵੇ ਤਾਂ ਬਿਮਾਰੀਆਂ ਦਾ ਹਮਲਾ ਘਟ ਹੁੰਦਾ ਹੈ। ਇਸ ਮੌਸਮ ਵਿਚ ਪੰਜਾਬ 89 ਅਤੇ ਮਿੱਠੀ ਫ਼ਲੀ ਸਿਫ਼ਾਰਸ਼ ਕੀਤੀ ਗਈ ਹੈ। ਅਗੇਤੀ ਬਿਜਾਈ ਲਈ 45 ਕਿਲੋ ਅਤੇ ਮੁੱਖ ਸਮੇਂ ਲਈ 30 ਕਿਲੋ ਬੀਜ ਵਰਤਿਆ ਜਾਵੇ।

ਬਿਜਾਈ ਸਮੇਂ ਅਗੇਤੀਆਂ ਕਿਸਮਾਂ ਦੀ ਬਿਜਾਈ 30-75 ਸੈਂਟੀ ਮੀਟਰ ਦੇ ਫ਼ਾਸਲੇ 'ਤੇ ਅਤੇ ਮੁੱਖ ਸਮੇਂ ਦੀ ਬਿਜਾਈ ਸਮੇਂ 30-10 ਸੈਂਟੀ ਮੀਟਰ ਫ਼ਾਸਲੇ 'ਤੇ ਕੀਤੀ ਜਾਵੇ। ਬੀਜ ਨੂੰ ਬੀਜਣ ਤੋਂ ਪਹਿਲਾਂ ਰਾਈਜ਼ੋਬੀਅਮ ਦਾ ਟੀਕਾ ਜ਼ਰੂਰ ਲਗਾਇਆ ਜਾਵੇ। ਮਟਰ ਧਰਤੀ ਦੀ ਸਿਹਤ ਵਿਚ ਸੁਧਾਰ ਕਰਦੇ ਹਨ। ਫਿਰ ਵੀ ਬਿਜਾਈ ਸਮੇਂ 45 ਕਿਲੋ ਯੂਰੀਆ ਅਤੇ 155 ਕਿਲੋ ਸੁਪਰਫਾਸਫ਼ੇਟ ਪ੍ਰਤੀ ਏਕੜ ਪਾਈ ਜਾਵੇ। ਮਟਰਾਂ ਦੀ ਬਿਜਾਈ ਤੋਂ ਇਕ ਮਹੀਨੇ ਪਿੱਛੋਂ ਤੇ ਫਿਰ ਦੂਜੇ ਮਹੀਨੇ ਗੋਡੀ ਜ਼ਰੂਰ ਕਰੋ। ਬਿਜਾਈ ਤੋਂ ਤਿੰਨ ਮਹੀਨਿਆਂ ਪਿੱਛੋਂ ਪਹਿਲੀ ਤੁੜਾਈ ਕੀਤੀ ਜਾ ਸਕਦੀ ਹੈ। ਇਕ ਏਕੜ ਵਿੱਚੋਂ 60 ਕੁਇੰਟਲ ਤਕ ਹਰੀਆਂ ਫ਼ਲੀਆਂ ਪ੍ਰਾਪਤ ਹੋ ਸਕਦੀਆਂ ਹਨ।

ਗੋਭੀ ਦੀ ਪਨੀਰੀ ਪੁਟ ਕੇ ਵੀ ਇਸੇ ਮਹੀਨੇ ਖੇਤ ਵਿਚ ਲਗਾਈ ਜਾ ਸਕਦੀ ਹੈ। ਪਨੀਰੀ ਲਗਾਉਣ ਸਮੇਂ ਬੂਟਿਆਂ ਤੇ ਲਾਈਨਾਂ ਵਿਚਕਾਰ 45 ਸੈਂਟੀ ਮੀਟਰ ਦਾ ਫ਼ਾਸਲਾ ਰੱਖਿਆ ਜਾਵੇ। ਬਿਜਾਈ ਸਮੇਂ 50 ਕਿਲੋ ਯੂਰੀਆ, 155 ਕਿਲੋ ਸੁਪਰਫਾਸਫ਼ੇਟ ਅਤੇ 40 ਕਿਲੋ ਮਿਊਰੇਟ ਆਫ਼ ਪੋਟਾਸ਼ ਪ੍ਰਤੀ ਏਕੜ ਪਾਈ ਜਾਵੇ। ਇਕ ਮਹੀਨੇ ਪਿੱਛੋਂ ਲੋੜ ਅਨੁਸਾਰ ਹੋਰ ਯੂਰੀਆ ਪਾਇਆ ਜਾ ਸਕਦਾ ਹੈ। ਪਨੀਰੀ ਲਗਾਉਣ ਤੋਂ ਤੁਰੰਤ ਪਿੱਛੋਂ ਪਾਣੀ ਲਾਇਆ ਜਾਵੇ।

ਬੰਦ ਗੋਭੀ ਦੀ ਲੁਆਈ ਵੀ ਇਸੇ ਤਰ੍ਹਾਂ ਕੀਤੀ ਜਾ ਸਕਦੀ ਹੈ। ਬਰੌਕਲੀ ਦੇ ਵੀ ਕੁਝ ਬੂਟੇ ਜ਼ਰੂਰ ਲਗਾਉਣੇ ਚਾਹੀਦੇ ਹਨ। ਇਸ ਵਿਚ ਵਿਟਾਮਿਨ, ਲੋਹਾ ਅਤੇ ਕੈਲਸ਼ੀਅਮ ਹੁੰਦੇ ਹਨ। ਪੰਜਾਬ ਬਰੌਕਲੀ-1 ਅਤੇ ਪਾਲਮ ਸਮਰਿਧੀ ਸਿਫ਼ਾਰਸ਼ ਕੀਤੀਆਂ ਕਿਸਮਾਂ ਹਨ। ਇਸ ਦੀ ਲੁਆਈ ਵੀ ਗੋਭੀ ਵਾਂਗ ਹੀ ਕੀਤੀ ਜਾਂਦੀ ਹੈ।

ਚੀਨੀ ਬੰਦ ਗੋਭੀ ਇਕ ਸਬਜ਼ੀ ਹੈ ਜਿਸ ਦਾ ਸਾਗ ਵਧੀਆ ਬਣਦਾ ਹੈ। ਪੰਜਾਬ ਵਿਚ ਕਾਸ਼ਤ ਲਈ ਸਾਗ ਸਰਸੋਂ ਅਤੇ ਚੀਨੀ ਸਰ੍ਹੋਂ-1 ਕਿਸਮਾਂ ਦੀ ਸਿਫ਼ਾਰਸ਼ ਕੀਤੀ ਗਈ ਹੈ। ਇਕ ਮਹੀਨੇ ਪਿੱਛੋਂ ਪੌਤਿਆਂ ਦੀ ਪਹਿਲੀ ਤੁੜਾਈ ਕੀਤੀ ਜਾ ਸਕਦੀ ਹੈ। ਇਸ ਦੀਆਂ ਅੱਠ ਕੁ ਤੁੜਾਈਆਂ ਕੀਤੀਆਂ ਜਾ ਸਕਦੀਆਂ ਹਨ। ਇਕ ਏਕੜ ਵਿੱਚੋਂ ਕੋਈ 200 ਕੁਇੰਟਲ ਤਕ ਸਾਗ ਪ੍ਰਾਪਤ ਕੀਤਾ ਜਾ ਸਕਦਾ ਹੈ। ਖਾਦਾਂ ਅਤੇ ਖੇਤ ਦੀ ਤਿਆਰੀ ਗੋਭੀ ਵਾਂਗ ਹੀ ਕੀਤੀ ਜਾਵੇ।

ਗਾਜ਼ਰ, ਮੂਲੀ ਅਤੇ ਸ਼ਲਗਮ ਜੜ੍ਹਾਂ ਵਾਲੀਆਂ ਸਬਜ਼ੀਆਂ ਹਨ। ਗਾਜਰ ਅਤੇ ਸ਼ਲਗਮ ਦੀ ਵਰਤੋਂ ਸਬਜ਼ੀ ਲਈ ਜਦੋਂ ਕਿ ਮੂਲੀ ਨੂੰ ਸਲਾਦ ਦੇ ਰੂਪ ਵਿਚ ਵਰਤਿਆ ਜਾਂਦਾ ਹੈ। ਗਾਜਰ ਦਾ ਰਸ ਅਤੇ ਗਾਜਰ ਪਾਕ ਮਠਿਆਈ ਵੀ ਬਣਾਈ ਜਾਂਦੀ ਹੈ। ਗਾਜਰ ਅਤੇ ਸ਼ਲਗਮ ਦਾ ਅਚਾਰ ਵੀ ਪਾਇਆ ਜਾਂਦਾ ਹੈ। ਪੰਜਾਬ ਕੈਰਟ ਰੈਡ, ਪੰਜਾਬ ਬਲੈਕ ਬਿਊਟੀ ਅਤੇ ਪੀ ਸੀ-34 ਗਾਜਰ ਦੀਆਂ ਉੱਨਤ ਕਿਸਮਾਂ ਹਨ। ਗਾਜਰ ਦਾ ਇਕ ਏਕੜ ਵਿਚ ਪੰਜ ਕਿਲੋ ਬੀਜ ਪਾਇਆ ਜਾਵੇ। ਐਲ-1 ਸ਼ਲਗਮ ਦੀ ਸਿਫ਼ਾਰਸ਼ ਕੀਤੀ ਕਿਸਮ ਹੈ।

ਸ਼ਲਗਮ ਦਾ ਇਕ ਏਕੜ ਵਿਚ ਦੋ ਕਿਲੋ ਬੀਜ ਪਾਇਆ ਜਾਵੇ। ਮੂਲੀ ਦੀ ਤਾਂ ਹੁਣ ਸਾਰਾ ਸਾਲ ਕਾਸ਼ਤ ਕੀਤੀ ਜਾ ਸਕਦੀ ਹੈ। ਹੁਣ ਪੰਜਾਬ ਪਸੰਦ, ਜਪਾਨੀ ਵਾਈਟ ਅਤੇ ਆਰ ਬੀ -21 ਕਿਸਮਾਂ ਦੀ ਬਿਜਾਈ ਕੀਤੀ ਜਾਵੇ। ਇਸ ਦਾ ਵੀ ਪੰਜ ਕਿਲੋ ਬੀਜ ਪ੍ਰਤੀ ਏਕੜ ਪਾਇਆ ਜਾਵੇ। ਜਿਵੇਂ ਪਹਿਲਾਂ ਲਿਖਿਆ ਸੀ ਸਬਜ਼ੀਆਂ ਲਈ ਦੇਸੀ ਰੂੜੀ ਜ਼ਰੂਰੀ ਹੈ। ਫਿਰ ਵੀ ਬਿਜਾਈ ਸਮੇਂ 55 ਕਿਲੋ ਯੂਰੀਆ ਅਤੇ 75 ਕਿਲੋ ਸੁਪਰਫਾਸਫ਼ੇਟ ਪ੍ਰਤੀ ਏਕੜ ਪਾਇਆ ਜਾਵੇ। ਹਰੇ ਪੌਤਿਆਂ ਵਾਲੀਆਂ ਸਬਜ਼ੀਆਂ ਵਿਚ ਵਧੇਰੇ ਖ਼ੁਰਾਕੀ ਤੱਤ ਹੁੰਦੇ ਹਨ। ਇਨ੍ਹਾਂ ਵਿਚ ਪਾਲਕ, ਮੇਥੀ, ਸਲਾਦ ਅਤੇ ਧਨੀਆਂ ਮੁੱਖ ਹਨ। ਪਾਲਕ ਦੀ ਬਿਜਾਈ ਵੀ ਹੁਣ ਕੀਤੀ ਜਾ ਸਕਦੀ ਹੈ।







ਪੰਜਾਬ ਗਰੀਨ ਕਿਸਮ ਬੀਜਣੀ ਚਾਹੀਦੀ ਹੈ। ਇਕ ਏਕੜ ਵਿਚ ਪੰਜ ਕਿਲੋ ਬੀਜ ਪਾਇਆ ਜਾਵੇ। ਪੰਜਾਬੀ ਸਲਾਦ ਦੀ ਬਹੁਤ ਘੱਟ ਵਰਤੋਂ ਕਰਦੇ ਹਨ। ਇਸ ਦੇ ਕੁਝ ਬੂਟੇ ਘਰ ਵਿਚ ਜ਼ਰੂਰ ਲਗਾਏ ਜਾਣ। ਪੰਜਾਬ ਲੈਟਸ-1 ਕਿਸਮ ਦੀ ਬਿਜਾਈ ਕੀਤੀ ਜਾਵੇ। ਇਸੇ ਤਰ੍ਹਾਂ ਮੇਥੀ ਦੀ ਵੀ ਬਿਜਾਈ ਕੀਤੀ ਜਾਵੇ। ਇਸ ਦੀ ਸਬਜ਼ੀ ਲਈ ਜਾਂ ਰੋਟੀਆਂ ਵਿਚ ਪਾਉਣ ਲਈ ਵਰਤੋਂ ਕੀਤੀ ਜਾਂਦੀ ਹੈ। ਕਸੂਰੀ ਸੁਪਰੀਮ ਉੱਨਤ ਕਿਸਮਾਂ ਹਨ। ਇਕ ਏਕੜ ਲਈ 10 ਕਿਲੋ ਬੀਜ ਚਾਹੀਦਾ ਹੈ। ਇਸ ਨੂੰ ਸੁਕਾ ਕੇ ਵੀ ਰੱਖਿਆ ਜਾਂਦਾ ਹੈ ਤੇ ਸਬਜ਼ੀਆਂ ਵਿਚ ਵਰਤੋਂ ਕੀਤੀ ਜਾਂਦੀ ਹੈ।

ਧਨੀਏ ਦੀ ਪੰਜਾਬ ਸੁਗੰਧ ਉੱਨਤ ਕਿਸਮ ਹੈ। ਇਸ ਦਾ ਵੀ ਇਕ ਏਕੜ ਵਿਚ 10 ਕਿਲੋ ਬੀਜ ਪੈਂਦਾ ਹੈ। ਬੀਜ ਨੂੰ ਬੀਜਣ ਲਈ ਮਸਲਣਾ ਜ਼ਰੂਰੀ ਹੈ ਤਾਂ ਜੋ ਇਸ ਦੇ ਤਿੰਨ ਜਾਂ ਚਾਰ ਟੁਕੜੇ ਹੋ ਸਕਣ। ਉਮੀਦ ਹੈ ਇਸ ਵਾਰ ਤੁਸੀਂ ਸਬਜ਼ੀਆਂ ਦੀ ਬਗ਼ੀਚੀ ਜ਼ਰੂਰ ਬਣਾਵੋਗੇ ਅਤੇ ਤਾਜ਼ੀਆਂ ਜ਼ਹਿਰ ਰਹਿਤ ਸਬਜ਼ੀਆਂ ਦਾ ਅਨੰਦ ਮਾਣੋਗੇ। ਲਸਣ ਦੀ ਵਰਤੋਂ ਹਰੇਕ ਘਰ ਵਿਚ ਹੁੰਦੀ ਹੈ।

ਇਨ੍ਹੀ ਦਿਨੀ ਇਸ ਦੀ ਬਿਜਾਈ ਕੀਤੀ ਜਾ ਸਕਦੀ ਹੈ। ਪੀ-ਜੀ-17 ਉੱਨਤ ਕਿਸਮ ਹੈ। ਇਕ ਏਕੜ ਲਈ 240 ਕਿਲੋ ਨਿਰੋਗ ਤੁਰੀਆਂ ਚਾਹੀਦੀਆਂ ਹਨ। ਆਪਣੇ ਖੇਤ ਵਿਚ ਸਬਜ਼ੀ ਉਗਾਈਏ। ਤਾਜ਼ੀਆਂ ਸਬਜੀਆਂ ਨਾਲ ਸੁਆਦ ਅਤੇ ਸਿਹਤ ਵਿਚ ਵਾਧਾ ਹੋਵੇਗਾ। •

ਪੱਤਿਆਂ ਵਾਲੀਆਂ ਸਬਜ਼ੀਆਂ ਦੇ ਕੀੜਿਆਂ ਦੀ ਸਹੀ ਸਮੇਂ 'ਤੇ ਰੋਕਥਾਮ ਕਰ ਕੇ ਝਾੜ ਵਿਚ ਵਾਧਾ ਕੀਤਾ ਜਾ ਸਕਦਾ ਹੈ ਅਤੇ ਵਧ ਮੁਨਾਫ਼ਾ ਕਮਾਇਆ ਜਾ ਸਕਦਾ ਹੈ। ਇਸ ਲਈ ਇਨ੍ਹਾਂ ਕੀੜਿਆਂ ਦੇ ਹਮਲੇ ਦੀ ਸਮੇਂ ਸਿਰ ਪਛਾਣ ਕਰ ਕੇ ਸਿਫ਼ਾਰਸ਼ ਕੀਤੇ ਗਏ ਕੀਟਨਾਸ਼ਕ ਦੀ ਸਹੀ ਮਿਕਦਾਰ ਦੀ ਵਰਤੋਂ ਕਰਨੀ ਚਾਹੀਦੀ ਹੈ...



ਸਰਦ ਰੁੱਤ ਦੀਆਂ ਸਬਜ਼ੀਆਂ ਦੇ ਕੀੜੇ

• ਰਵਿੰਦਰ ਸਿੰਘ ਚੰਦੀ, ਅਮਨਦੀਪ ਕੌਰ, ਸਮਰਿਤੀ ਸ਼ਰਮਾ

ਮਨੁੱਖੀ ਭੋਜਨ ਵਿਚ ਸਬਜ਼ੀਆਂ ਦੀ ਬਹੁਤ ਮਹੱਤਤਾ ਹੈ। ਇਸ ਨੂੰ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ ਕਿਉਂਕਿ ਸਬਜ਼ੀਆਂ ਤੋਂ ਸਾਨੂੰ ਭਰਪੂਰ ਮਾਤਰਾ ਵਿਚ ਵਿਟਾਮਿਨ, ਪ੍ਰੋਟੀਨ, ਕਾਰਬੋਹਾਈਡਰੇਟਜ਼ ਅਤੇ ਹੋਰ ਜ਼ਰੂਰੀ ਤੱਤ ਮਿਲਦੇ ਹਨ। ਪੰਜਾਬ ਵਿਚ ਸਾਲ 2015-16 ਦੌਰਾਨ 2.3 ਲੱਖ ਹੈਕਟੇਅਰ ਉੱਪਰ ਸਬਜ਼ੀਆਂ ਦੀ ਕਾਸ਼ਤ ਹੋਈ, ਜਿਸ ਵਿੱਚੋਂ ਸਬਜ਼ੀਆਂ ਦੀ ਪੈਦਾਵਾਰ 45.48 ਲੱਖ ਟਨ ਸੀ ਪਰ ਜੇਕਰ ਅਸੀਂ ਪ੍ਰਤੀ ਜੀਅ ਪ੍ਰਤੀ ਦਿਨ ਸਬਜ਼ੀਆਂ ਦੀ ਖ਼ਪਤ ਵੇਖੀਏ ਤਾਂ ਇਹ 200 ਗ੍ਰਾਮ ਪ੍ਰਤੀ ਮਨੁੱਖ ਤੋਂ ਵੀ ਘੱਟ ਬਣਦੀ ਹੈ। ਇਸ ਮਨੁੱਖੀ ਮੰਗ ਨੂੰ ਪੂਰਾ ਕਰਨ ਲਈ ਸਬਜ਼ੀਆਂ ਦੀ ਪੈਦਾਵਾਰ ਨੂੰ ਦੁੱਗਣਾ ਕਰਨ ਦੀ ਲੋੜ ਹੈ। ਜੇਕਰ ਸੁਚੱਜੇ ਤਰੀਕਿਆਂ ਨਾਲ ਕੀੜਿਆਂ ਦੀ ਰੋਕਥਾਮ ਕੀਤੀ ਜਾਵੇ ਤਾਂ ਝਾੜ ਵਿਚ ਵਾਧਾ ਕਰਕੇ, ਵਧ ਮੁਨਾਫ਼ਾ ਕਮਾਇਆ ਜਾ ਸਕਦਾ ਹੈ। ਇਸ ਲਈ ਇਨ੍ਹਾਂ ਕੀੜਿਆਂ ਦੇ ਹਮਲੇ ਦੀ ਸਹੀ ਅਤੇ ਸਮੇਂ ਸਿਰ ਪਛਾਣ ਅਤੇ ਸਿਫ਼ਾਰਸ਼ ਕੀਤੇ ਗਏ ਕੀਟਨਾਸ਼ਕ ਦੀ ਸਹੀ ਮਿਕਦਾਰ ਦੀ ਵਰਤੋਂ ਕਰਨੀ ਚਾਹੀਦੀ ਹੈ। ਸਰਦ ਰੁੱਤ ਦੀਆਂ ਸਬਜ਼ੀਆਂ ਦੇ ਮੁੱਖ ਕੀੜੇ ਮਕੌੜਿਆਂ ਦੇ ਹਮਲੇ ਦੀਆਂ ਨਿਸ਼ਾਨੀਆਂ ਅਤੇ ਰੋਕਥਾਮ ਦੇ ਤਰੀਕੇ ਹੇਠਾਂ ਦਿੱਤੇ ਜਾ ਰਹੇ ਹਨ।

ਟਮਾਟਰ

ਫਲ ਦਾ ਗੜੂੰਆਂ

ਇਹ ਟਮਾਟਰ ਉੱਪਰ ਪਾਇਆ ਜਾਣ ਵਾਲਾ ਹਾਨੀਕਾਰਕ ਕੀੜਾ ਹੈ ਜੋ ਟਮਾਟਰ ਤੋਂ ਇਲਾਵਾ ਛੋਲੇ, ਨਰਮਾ, ਬਰਸੀਮ ਆਦਿ ਦਾ ਵੀ ਨੁਕਸਾਨ ਕਰਦਾ ਹੈ। ਸੁੰਡੀਆਂ ਪਹਿਲਾਂ ਪੱਤਿਆਂ ਨੂੰ ਖਾਂਦੀਆਂ ਹਨ ਅਤੇ ਬਾਅਦ ਵਿਚ ਇਹ ਸੁੰਡੀਆਂ ਵੱਡੀ ਅਵਸਥਾ ਵਿਚ ਫਲਾਂ ਵਿਚ ਮੋਰੀਆਂ ਕਰ ਕੇ ਉਨ੍ਹਾਂ ਦਾ ਨੁਕਸਾਨ ਕਰਦੀਆਂ ਹਨ। ਅਜਿਹੇ ਫਲ ਮੰਡੀਕਰਨ ਅਤੇ ਖਾਣ ਦੇ ਯੋਗ ਨਹੀਂ ਰਹਿੰਦੇ। ਇਸ ਨਾਲ ਝਾੜ ਦਾ ਵੀ ਕਾਫੀ ਨੁਕਸਾਨ ਹੋ ਜਾਂਦਾ ਹੈ।

ਰੋਕਥਾਮ : ਹੇਠ ਲਿਖੇ ਕਿਸੇ ਵੀ ਕੀਟਨਾਸ਼ਕ ਨਾਲ ਦੋ ਹਫ਼ਤੇ ਦੇ ਅੰਤਰਾਲ ਤੇ 3 ਛਿੜਕਾਅ, ਫੁੱਲ ਪੈਣ ਸਮੇਂ ਸ਼ੁਰੂ ਕਰੋ। 30 ਮਿਲੀਲਿਟਰ ਫੇਮ 480 ਐੱਸਐੱਲ (ਫਲੂਬੈਂਡੀਆਮਾਈਡ) ਜਾਂ 200 ਮਿਲੀਲਿਟਰ ਇੰਡੋਕਸਾਕਾਰਬ 14.5 ਐੱਸਸੀ ਜਾਂ 600 ਮਿਲੀਲਿਟਰ ਕਰੀਨਾ 50 ਈਸੀ (ਪਰੋਫੀਨੋਫਾਸ) ਪ੍ਰਤੀ ਏਕੜ ਦੇ ਹਿਸਾਬ ਨਾਲ 100 ਲਿਟਰ ਪਾਣੀ ਵਿਚ ਘੋਲ ਕੇ ਛਿੜਕਾਅ ਕਰੋ। ਛਿੜਕਾਅ ਤੋਂ ਪਹਿਲਾਂ ਮੰਡੀਕਰਨ ਯੋਗ ਅਤੇ ਪੱਕੇ ਹੋਏ ਫਲ ਤੋੜ ਲਵੋ। ਫੇਮ ਦੇ ਛਿੜਕਾਅ ਤੋਂ 3 ਦਿਨ, ਰਿਪਕਾਰਡ, ਸੁਮੀਸੀਡੀਨ ਅਤੇ ਡੈਸਿਸ ਤੋਂ 1 ਦਿਨ ਅਤੇ ਕਰੀਨਾ ਤੋਂ 5 ਦਿਨ ਉਡੀਕ ਦਾ ਸਮਾਂ ਰੱਖ ਕੇ ਫਲ ਤੋੜਣੇ ਚਾਹੀਦੇ ਹਨ।

ਚਿੱਟੀ ਮੱਖੀ

ਇਹ ਬਹੁਫ਼ਸਲੀ ਕੀੜਾ ਹੈ ਜੋ ਕਿ ਫ਼ਸਲਾਂ ਤੋਂ ਇਲਾਵਾ ਨਦੀਨਾਂ ਉੱਪਰ ਵੀ ਪਾਇਆ ਜਾਂਦਾ ਹੈ। ਚਿੱਟੀ ਮੱਖੀ ਦੇ ਬਾਲਗ਼ ਅਤੇ ਬੱਚੇ ਪੱਤਿਆਂ ਦਾ ਰਸ ਚੂਸ ਕੇ ਨੁਕਸਾਨ ਕਰਦੇ ਹਨ। ਹਮਲੇ ਵਾਲੇ ਬੂਟੇ ਦੋ ਤਰ੍ਹਾਂ ਨਾਲ ਪ੍ਰਭਾਵਿਤ ਹੁੰਦੇ ਹਨ, ਰਸ ਚੂਸਣ ਕਰਕੇ ਬੂਟੇ ਛੋਟੇ ਰਹਿ ਜਾਂਦੇ ਹਨ, ਦੂਜਾ ਬੂਟਿਆਂ ਦੀ ਭੋਜਨ ਬਣਾਉਣ ਵਾਲੀ ਪ੍ਰਕਿਰਿਆ ਪ੍ਰਭਾਵਿਤ ਹੋ ਜਾਂਦੀ ਹੈ ਕਿਉਂਕਿ ਪੱਤਿਆਂ ਉੱਪਰ ਕਾਲੀ ਉੱਲੀ ਲੱਗ ਜਾਂਦੀ ਹੈ। ਝਾੜ ਤੇ ਵੀ ਕਾਫੀ ਮਾੜਾ ਅਸਰ ਪੈਂਦਾ ਹੈ। ਇਹ ਕੀੜਾ ਵਿਸ਼ਾਣੂ ਰੋਗ (ਪੱਤਾ ਮਰੋੜ ਵਿਸ਼ਾਣੂ) ਵੀ ਫੈਲਾਉਂਦਾ ਹੈ।

ਰੋਕਥਾਮ : ਇਸ ਦੀ ਰੋਕਥਾਮ ਲਈ 400 ਮਿਲੀਲਿਟਰ ਮੈਲਾਥਿਆਨ 50 ਈਸੀ ਪ੍ਰਤੀ ਏਕੜ ਦੇ ਹਿਸਾਬ ਨਾਲ 100 ਲਿਟਰ ਪਾਣੀ ਵਿਚ ਘੋਲ ਕੇ ਫਲ ਪੈਣ ਤੋਂ ਪਹਿਲਾਂ ਛਿੜਕੋ।

ਚੇਪਾ

ਟਮਾਟਰ ਉੱਪਰ ਰਸ ਚੂਸਣ ਵਾਲੇ ਕੀੜਿਆਂ ਵਿੱਚੋਂ ਚੇਪਾ ਕਾਫੀ ਹੱਦ ਤਕ ਨੁਕਸਾਨ ਕਰਦਾ ਹੈ। ਬੱਚੇ ਅਤੇ ਬਾਲਗ ਦੋਨੋਂ ਟਮਾਟਰ ਦੇ ਪੱਤਿਆਂ ਦਾ ਰਸ ਚੂਸਦੇ ਹਨ ਜਿਸ ਕਾਰਨ ਬੂਟਿਆਂ ਦਾ ਵਾਧਾ ਰੁਕ ਜਾਂਦਾ ਹੈ ਅਤੇ ਉਹ ਕਮਜ਼ੋਰ ਰਹਿ ਜਾਂਦੇ ਹਨ। ਹਮਲੇ ਕਾਰਨ ਨਵੀਆਂ ਕਰੂੰਬਲਾਂ ਮੁਰਝਾਅ ਜਾਂਦੀਆਂ ਹਨ। ਬੱਦਲਵਾਈ ਅਤੇ ਠੰਡਾ ਮੌਸਮ ਇਸ ਕੀੜੇ ਦਾ ਵਾਧਾ ਕਰਦੇ ਹਨ।

ਰੋਕਥਾਮ : ਇਸ ਦੀ ਰੋਕਥਾਮ ਲਈ 400 ਮਿਲੀਲਿਟਰ ਮੈਲਾਥਿਆਨ 50 ਈਸੀ ਪ੍ਰਤੀ ਏਕੜ ਦੇ ਹਿਸਾਬ ਨਾਲ 100 ਲਿਟਰ ਪਾਣੀ ਵਿਚ ਘੋਲ ਕੇ ਫਲ ਪੈਣ ਤੋਂ ਪਹਿਲਾਂ ਛਿੜਕੋ।

ਗੋਭੀ ਜਾਤੀ ਦੀਆਂ ਸਬਜ਼ੀਆਂ

ਫੁੱਲ ਗੋਭੀ, ਬੰਦ ਗੋਭੀ, ਬਰੌਕਲੀ, ਚੀਨੀ ਬੰਦ ਗੋਭੀ

ਚਮਕੀਲੀ ਪਿੱਠ ਵਾਲਾ ਪਤੰਗਾ

ਇਹ ਕੀੜਾ ਸੰਸਾਰ ਭਰ ਵਿਚ ਫੁੱਲ ਗੋਭੀ ਅਤੇ ਬੰਦਗੋਭੀ ਦਾ ਮਸ਼ਹੂਰ ਕੀੜਾ ਹੈ। ਜਿਸ ਦਾ ਹਮਲਾ ਪੰਜਾਬ ਵਿਚ ਮੁੱਖ ਫ਼ਸਲ ਉੱਪਰ ਅਕਤੂਬਰ ਤੋਂ ਨਵੰਬਰ ਤਕ ਰਹਿੰਦਾ ਹੈ। ਸ਼ੁਰੂਆਤੀ ਅਵਸਥਾ ਵਿਚ ਸੁੰਡੀਆਂ ਪੱਤੇ ਦੇ ਹੇਠਲੇ ਪਾਸੇ ਤੇ ਸੁਰੰਗਾਂ ਬਣਾ ਕੇ ਪੱਤਿਆਂ ਦਾ ਨੁਕਸਾਨ ਕਰਦੀਆਂ ਹਨ। ਬਾਅਦ ਵਿਚ

ਗੁਰੂ ਤੇਗ ਬਹਾਦਰ ਪਬਲਿਕ ਸਕੂਲ, ਪਾਤੜਾਂ ਵਿਖੇ ਲਗਾਇਆ ਗਿਆ ਗੁਰਬਾਣੀ ਵਿਚਾਰ ਕੈਂਪ

ਪਾਤੜਾਂ, 16 ਨਵੰਬਰ
ਅਮਰਜੀਤ ਸਿੰਘ
-ਕੌਮੀ ਪੱਤ੍ਰਿਕਾ ਬਿਊਰੋ-



ਗੁਰੂ ਤੇਗ ਬਹਾਦਰ ਪਬਲਿਕ ਸਕੂਲ , ਪਾਤੜਾਂ ਵਿਖੇ ਧਾਰਮਿਕ ਕੈਂਪ ਲਗਾਇਆ ਗਿਆ। ਇਹ ਕੈਂਪ ਜਸਵਿੰਦਰ ਸਿੰਘ ਖਾਲਸਾ (ਯੂਕੇ)ਵੱਲੋਂ ਲਗਵਾਇਆ ਗਿਆ ਜਿਸ ਵਿੱਚ 1000 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ ।ਇਸ ਦੌਰਾਨ ਖਾਲਸਾ ਨੇ ਵਿਦਿਆਰਥੀਆਂ ਨੂੰ ਆਪਣੇ ਨਿੱਜੀ ਤਜਰਬੇ ਦੱਸ ਕੇ ਗੁਰਬਾਣੀ ਨਾਲ ਜੋੜਨ ਲਈ ਪ੍ਰੇਰਿਆ ਤੇ ਦੱਸਿਆ ਕਿ ਗੁਰਬਾਣੀ ਮਨੁੱਖ ਦਾ ਹਮੇਸ਼ਾ ਸਹੀ ਮਾਰਗ ਦਰਸ਼ਨ ਕਰਦੀ ਹੈ ਇਸ ਤੇ ਚੱਲਣ ਵਾਲਾ ਮਨੁੱਖ ਕਦੇ ਵੀ ਆਪਣੀ ਜ਼ਿੰਦਗੀ ਵਿੱਚ ਅਸਫ਼ਲ ਨਹੀਂ ਹੁੰਦਾ ਤੇ ਹਮੇਸ਼ਾ ਤਰੱਕੀ ਦੀਆਂ ਬੁਲੰਦੀਆਂ ਨੂੰ ਛੂਹਦਾ ਰਹਿੰਦਾ ਹੈ। ਉਹਨਾਂ ਨੇ ਬੱਚਿਆਂ ਨੂੰ ਹਰ ਰੋਜ਼ ਨਿਤਨੇਮ ਕਰਨ ਤੇ ਗੁਰਬਾਣੀ ਨਾਲ ਜੁੜਨ ਲਈ ਕਿਹਾ ਤੇ ਨਾਲ ਹੀ ਬੱਚਿਆਂ ਨੂੰ ਗੁਰਬਾਣੀ ਪੜਨ ਦਾ ਸਹੀ ਢੰਗ ਦੱਸਦਿਆ ਕਿਹਾ ਕਿ ਗੁਰਬਾਣੀ ਹਮੇਸ਼ਾ ਵਿਚਾਰ ਕੇ ਪੜ੍ਹਨੀ ਚਾਹੀਦੀ ਹੈ ।ਇਸ ਤੋਂ ਇਲਾਵਾ ਬੱਚਿਆਂ ਨੂੰ ਸਿੱਖੀ ਸਰੂਪ ਵਿੱਚ ਰਹਿਣ ਲਈ ਪ੍ਰੇਰਿਆ। ਇਸ ਦੇ ਨਾਲ ਹੀ ਹੋਰਨਾਂ ਧਰਮਾਂ ਦੇ ਬੱਚਿਆਂ ਨੂੰ ਵੀ ਆਪਣੇ -ਆਪਣੇ ਧਰਮ ਵਿੱਚ ਪਰਪੱਕ ਹੋਣ ਲਈ ਕਿਹਾ। ਇਸ ਮੌਕੇ ਤੇ ਸਕੂਲ ਦੇ ਚੇਅਰਮੈਨ ਸੁਖਜੀਤ ਸਿੰਘ ਕਾਲੇਕਾ ਨੇ ਵੀ ਬੱਚਿਆਂ ਨੂੰ ਪਰਮਾਤਮਾ ਨਾਲ ਜੁੜਨ ਲਈ ਪ੍ਰੇਰਿਆ ਤੇ ਨਾਲ ਹੀ ਦੱਸਿਆ ਕਿ ਜੇ ਕੋਈ ਪਰਮਾਤਮਾ ਦਾ ਬਣ ਜਾਂਦਾ ਹੈ ਤਾਂ ਗੁਰੂ ਉਸਦੇ ਸਾਰੇ ਕਾਰਜ ਸਵਾਰ ਦਿੰਦਾ ਹੈ।ਮਨੁੱਖ ਕਿਸੇ ਵੀ ਧਰਮ , ਜਾਤ ਜਾਂ ਮਜ਼ਹਬ ਦਾ ਹੋਵੇ ,ਪਰਮਾਤਮਾ ਸਭ ਨੂੰ ਬਰਾਬਰ ਪਿਆਰ ਕਰਦਾ ਹੈ।ਸਕੂਲ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਨੇ ਵੀ ਬੱਚਿਆਂ ਨੂੰ ਸਿੱਖੀ ਸਰੂਪ ਵਿੱਚ ਰਹਿਣ ਲਈ ਉਤਸ਼ਾਹਿਤ ਕੀਤਾ ਤੇ ਹਰ ਰੋਜ਼ ਨਿਤਨੇਮ ਕਰਨ ਲਈ ਪ੍ਰੇਰਿਆ ਤੇ ਦੱਸਿਆ ਕਿ ਜੋ ਮਨੁੱਖ ਗੁਰਬਾਣੀ ਦੇ ਰਸਤੇ ਤੇ ਚੱਲਦਾ ਹੈ ਸ਼ੈਤਾਨ ਉਸ ਮਨੁੱਖ ਦੇ ਨੇੜੇ ਨਹੀਂ ਆਉਂਦਾ।

ਇਸ ਮੌਕੇ ਸਕੂਲ ਸਕੂਲ ਮੈਨੇਜਰ ਗੁਰਪਿੰਦਰ ਸਿੰਘ ,ਭੋਲਾ ਸਿੰਘ , ਕਰਨੈਲ ਸਿੰਘ , ਜਗਰੂਪ ਸਿੰਘ ,ਰਾਮ ਸਿੰਘ , ਦਰਬਾਰਾ ਸਿੰਘ,ਸਮੂਹ ਕਮੇਟੀ ਮੈਂਬਰ ਸਾਹਿਬਾਨ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

ਪੰਜਾਬੀ ਯੂਨੀਵਰਸਿਟੀ ਦੇ ਯੁਵਕ ਮੇਲੇ 2026 ਵਿੱਚ ਜਨ-ਗਣਨਾ ਫੇਜ਼-2 ਬਾਰੇ ਜਾਗਰੂਕਤਾ ਲਈ ਵਿਸ਼ੇਸ਼ ਸਟਾਲ ਸਥਾਪਿਤ

ਪਟਿਆਲਾ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਚੱਲ ਰਹੇ ਸਲਾਨਾ ਯੁਵਕ ਮੇਲੇ (ਯੂਥ ਫੈਸਟੀਵਲ) ਦੌਰਾਨ ਦੇਸ਼ ਦੀ ਆਗਾਮੀ ਮਰਦਮਸ਼ੁਮਾਰੀ ਦੇ ਦੂਜੇ ਪੜਾਅ (Census Phase-B: Population Enumeration) ਦੇ ਸਬੰਧ ਵਿੱਚ ਨੌਜਵਾਨਾਂ ਅਤੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਪ੍ਰਚਾਰ ਸਟਾਲ ਲਗਾਇਆ ਗਿਆ ਹੈ। ਇਸ ਸਟਾਲ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਜਨਗਣਨਾ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਅਤੇ ਇਸ ਰਾਸ਼ਟਰੀ ਮੁਹਿੰਮ ਵਿੱਚ ਹਰ ਨਾਗਰਿਕ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਉਣਾ ਹੈ।

ਇਸ ਦੌਰਾਨ ਸੈਂਸਸ ਵਿਭਾਗ ਦੇ ਅਧਿਕਾਰੀ ਸ੍ਰੀ ਅੰਕੁਸ਼ ਸ਼ਰਮਾ, ਐਸ.ਆਈ. ਗ੍ਰੇਡ-1, ਪ੍ਰੋ. ਵਿਸ਼ਾਲ ਗੋਇਲ, ਡਾਇਰੈਕਟਰ, ਪੰਜਾਬੀ ਯੂਨੀਵਰਸਿਟੀ ,ਪਟਿਆਲਾ, ਸੈਂਸਜ ਮਾਸਟਰ ਟ੍ਰੇਨਰ ਨਿਸ਼ੂ ਸ਼ਰਮਾ ਅਤੇ ਸਪੈਸ਼ਲ ਚਾਰਜ ਸੈਂਸਜ ਅਫਸਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਮਨਪ੍ਰੀਤ ਸਿੰਘ ਖੁਡੈਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਸਟਾਲ 'ਤੇ ਪਹੁੰਚ ਕੇ ਜਾਗਰੂਕਤਾ ਗਤੀਵਿਧੀਆਂ ਦਾ ਜਾਇਜ਼ਾ ਲਿਆ ਅਤੇ ਨੌਜਵਾਨਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ।

ਇਸ ਸਟਾਲ ਰਾਹੀਂ ਯੁਵਕ ਮੇਲੇ ਵਿੱਚ ਪਹੁੰਚ ਰਹੇ ਹਜ਼ਾਰਾਂ ਵਿਦਿਆਰਥੀਆਂ, ਅਧਿਆਪਕਾਂ ਅਤੇ ਦਰਸ਼ਕਾਂ ਨੂੰ ਮਰਦਮਸ਼ੁਮਾਰੀ ਦੀਆਂ ਮਹੱਤਵਪੂਰਨ ਮਿਤੀਆਂ ਬਾਰੇ ਵਿਸ਼ੇਸ਼ ਤੌਰ 'ਤੇ ਜਾਗਰੂਕ ਕੀਤਾ ਜਾ ਰਿਹਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਜਨਗਣਨਾ ਦੇ ਇਸ ਪੜਾਅ ਤਹਿਤ ਸੈਲਫ ਐਨੂਮਰੇਸ਼ਨ (website: se.census.gov.in ਤੇ ਖੁਦ ਜਨਗਣਨਾ ਫਾਰਮ ਭਰਨ) ਦੀ ਪ੍ਰਕਿਰਿਆ 16.11.2026 ਤੋਂ 30.11.2026 ਤੱਕ ਚੱਲੇਗੀ। ਇਸ ਤੋਂ ਬਾਅਦ, ਘਰ-ਘਰ ਜਾ ਕੇ ਕੀਤੀ ਜਾਣ ਵਾਲੀ ਮਰਦਮਸ਼ੁਮਾਰੀ (Door to Door Census) ਦੀ ਮੁਹਿੰਮ 01.12.2026 ਤੋਂ 04.01.2027 ਤੱਕ ਚਲਾਈ ਜਾਵੇਗੀ।

ਸਟਾਲ 'ਤੇ ਮੌਜੂਦ ਅਧਿਕਾਰੀਆਂ ਅਤੇ ਵਾਲੰਟੀਅਰਾਂ ਵੱਲੋਂ ਨੌਜਵਾਨਾਂ ਨੂੰ ਜਾਗਰੂਕਤਾ ਸਮੱਗਰੀ (ਪੈਂਫਲੇਟ ਅਤੇ ਬਰੋਸ਼ਰ) ਵੰਡੀ ਜਾ ਰਹੀ ਹੈ ਤਾਂ ਜੋ ਉਹ ਇਹਨਾਂ ਮਿਤੀਆਂ ਦੌਰਾਨ ਆਪਣੇ ਪਰਿਵਾਰਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਸਹੀ ਅੰਕੜੇ ਦਰਜ ਕਰਵਾਉਣ ਲਈ ਪ੍ਰੇਰਿਤ ਕਰ ਸਕਣ।

ਸੈਂਸਸ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਮਰਦਮਸ਼ੁਮਾਰੀ ਦਾ ਦੂਜਾ ਪੜਾਅ ਦੇਸ਼ ਦੇ ਭਵਿੱਖ ਦੀਆਂ ਯੋਜਨਾਵਾਂ, ਲੋਕ ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਉਲੀਕਣ ਲਈ ਬੇਹੱਦ ਮਹੱਤਵਪੂਰਨ ਹੈ। ਨੌਜਵਾਨ ਦੇਸ਼ ਦੀ ਤਬਦੀਲੀ ਦੇ ਸਭ ਤੋਂ ਵੱਡੇ ਵਾਹਕ ਹਨ, ਇਸ ਲਈ ਯੂਥ ਫੈਸਟੀਵਲ ਵਰਗਾ ਪਲੇਟਫਾਰਮ ਇਸ ਰਾਸ਼ਟਰੀ ਕਾਰਜ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਬਹੁਤ ਸਾਰਥਕ ਸਿੱਧ ਹੋ ਰਿਹਾ ਹੈ।

ਯੂਨੀਵਰਸਿਟੀ ਪ੍ਰਸ਼ਾਸਨ ਅਤੇ ਮੇਲੇ ਵਿੱਚ ਆਏ ਪਤਵੰਤੇ ਸੱਜਣਾਂ ਵੱਲੋਂ ਵੀ ਇਸ ਵਿਲੱਖਣ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਕੀਤੀ ਗਈ। ਵਿਭਾਗ ਵੱਲੋਂ ਸਮੂਹ ਨੌਜਵਾਨਾਂ ਅਤੇ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਮਰਦਮਸ਼ੁਮਾਰੀ ਫੇਜ਼-2 ਦੀਆਂ ਇਹਨਾਂ ਮਿਤੀਆਂ ਨੂੰ ਨੋਟ ਰੱਖਣ ਅਤੇ ਗਣਨਾਕਾਰਾਂ (enumerators) ਨੂੰ ਸਹੀ ਅਤੇ ਮੁਕੰਮਲ ਜਾਣਕਾਰੀ ਦੇ ਕੇ ਦੇਸ਼ ਦੇ ਵਿਕਾਸ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ।

ਨੈਸ਼ਨਲ ਪੱਧਰ 'ਤੇ ਗਤਕੇ ਵਿੱਚ ਸੋਨ ਤਮਗਾ ਜਿੱਤਣ ਵਾਲੇ ਜਗਜੋਤ ਸਿੰਘ ਦਾ ਪਰਮਿੰਦਰ ਸਿੰਘ ਖਾਲਸਾ ਵੱਲੋਂ ਵਿਸ਼ੇਸ਼ ਸਨਮਾਨ



ਮੁਕੇਰੀਆਂ, 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਨੈਸ਼ਨਲ ਪੱਧਰ 'ਤੇ ਗਤਕੇ ਦੀ ਖੇਡ ਵਿੱਚ ਸੋਨ ਤਮਗਾ ਜਿੱਤ ਕੇ ਪੰਜਾਬ ਅਤੇ ਮੁਕੇਰੀਆਂ ਹਲਕੇ ਦਾ ਨਾਮ ਰੌਸ਼ਨ ਕਰਨ ਵਾਲੇ ਪਿੰਡ ਕੁਲੀਆਂ ਲੁਬਾਣਾ ਦੇ ਹੋਣਹਾਰ ਨੌਜਵਾਨ ਜਗਜੋਤ ਸਿੰਘ ਪੁੱਤਰ ਜਗਦੀਸ਼ ਸਿੰਘ ਦਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਮੁਕੇਰੀਆਂ ਹਲਕਾ ਇੰਚਾਰਜ ਪਰਮਿੰਦਰ ਸਿੰਘ ਖਾਲਸਾ ਵੱਲੋਂ ਪਾਰਟੀ ਦਫ਼ਤਰ ਵਿਖੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਜਗਜੋਤ ਸਿੰਘ ਨੂੰ ਗੁਰੂ ਮਹਾਰਾਜ ਜੀ ਦੀ ਬਖ਼ਸ਼ਿਸ਼ ਸਿਰੋਪਾਓ ਅਤੇ ਨਕਦ ਰਾਸ਼ੀ ਭੇਟ ਕਰਕੇ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਤੋਂ ਇਲਾਵਾ ਨੈਸ਼ਨਲ ਪੱਧਰ 'ਤੇ ਸੋਨ ਤਮਗਾ ਪ੍ਰਾਪਤ ਕਰਨ ਦੀ ਖੁਸ਼ੀ ਵਿੱਚ ਜਗਜੋਤ ਸਿੰਘ ਦੀ ਮਾਤਾ ਜੀ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਪਰਮਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਗਤਕਾ ਸਾਡੀ ਪਿਤਾ-ਪੁਰਖੀ ਅਤੇ ਅਮੀਰ ਸਿੱਖ ਵਿਰਾਸਤ ਨਾਲ ਜੁੜੀ ਹੋਈ ਖੇਡ ਹੈ, ਜੋ ਸਾਨੂੰ ਆਪਣੇ ਇਤਿਹਾਸ, ਸੱਭਿਆਚਾਰ ਅਤੇ ਸਿੱਖੀ ਸਿਧਾਂਤਾਂ ਨਾਲ ਜੋੜਦੀ ਹੈ। ਇਹ ਖੇਡ ਨੌਜਵਾਨਾਂ ਵਿੱਚ ਅਨੁਸ਼ਾਸਨ, ਸਰੀਰਕ ਤੰਦਰੁਸਤੀ, ਆਤਮ-ਵਿਸ਼ਵਾਸ ਅਤੇ ਹਿੰਮਤ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕਰਦੀ ਹੈ।

ਉਨ੍ਹਾਂ ਕਿਹਾ ਕਿ ਜਗਜੋਤ ਸਿੰਘ ਵਰਗੇ ਹੋਣਹਾਰ ਨੌਜਵਾਨ ਸਾਡੇ ਸਮਾਜ ਦਾ ਮਾਣ ਹਨ। ਪੰਜਾਬ ਸਰਕਾਰ ਨੂੰ ਅਜਿਹੀਆਂ ਪ੍ਰਤਿਭਾਵਾਂ ਦੀ ਸਮੇਂ ਸਿਰ ਪਹਿਚਾਣ ਕਰਕੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਅਤੇ ਉਤਸ਼ਾਹ ਦੇਣਾ ਚਾਹੀਦਾ ਹੈ। ਸਰਕਾਰ ਵੱਲੋਂ ਇਨ੍ਹਾਂ ਖਿਡਾਰੀਆਂ ਦੀ ਅਣਦੇਖੀ ਕਰਨਾ ਨਿਰਾਸ਼ਾਜਨਕ ਹੈ।

ਨਾਭਾ ਦੇ ਲੋਕਾਂ ਦੀ ਜਿੱਤ ਵਿਰੋਧ ਤੋਂ ਬਾਅਦ ਸਿਵਲ ਹਸਪਤਾਲ ਦਾ ਪਿਛਲਾ ਗੇਟ ਖੁੱਲ੍ਹਿਆ, ਹੁਣ ਜਾਮ 'ਚ ਨਹੀਂ ਫਸਣਗੀਆਂ ਐਂਬੂਲੈਂਸਾਂ

ਨਾਭਾ, 16 ਨਵੰਬਰ/
-ਕੌਮੀ ਪੱਤ੍ਰਿਕਾ ਬਿਊਰੋ-

ਨਾਭਾ ਸ਼ਹਿਰ ਦੇ ਲੋਕਾਂ ਲਈ ਰਾਹਤ ਭਰੀ ਖ਼ਬਰ ਸਾਹਮਣੇ ਆਈ ਹੈ। ਸਿਵਲ ਹਸਪਤਾਲ ਨਾਭਾ ਦਾ ਲੰਬੇ ਸਮੇਂ ਤੋਂ ਬੰਦ ਪਿਆ ਪਿਛਲਾ ਗੇਟ ਆਖ਼ਰਕਾਰ ਪ੍ਰਸ਼ਾਸਨ ਵੱਲੋਂ ਖੋਲ੍ਹ ਦਿੱਤਾ ਗਿਆ ਹੈ। ਗੇਟ ਖੁੱਲ੍ਹਣ ਨਾਲ ਹੁਣ ਐਂਬੂਲੈਂਸਾਂ ਨੂੰ ਬਾਜ਼ਾਰ ਦੇ ਟ੍ਰੈਫਿਕ ਜਾਮ ਵਿੱਚ ਫਸਣ ਤੋਂ ਰਾਹਤ ਮਿਲੇਗੀ ਅਤੇ ਮਰੀਜ਼ਾਂ ਨੂੰ ਵੀ ਹਸਪਤਾਲ ਪਹੁੰਚਣ ਲਈ ਆਸਾਨ ਰਸਤਾ ਮਿਲੇਗਾ।

ਜ਼ਿਕਰਯੋਗ ਹੈ ਕਿ ਸਿਵਲ ਹਸਪਤਾਲ ਨਾਭਾ ਵਿਖੇ ਆਉਣ ਵਾਲੀਆਂ ਐਂਬੂਲੈਂਸਾਂ ਨੂੰ ਬਾਜ਼ਾਰ ਵਿੱਚ ਭਾਰੀ ਭੀੜ ਅਤੇ ਟ੍ਰੈਫਿਕ ਜਾਮ ਕਾਰਨ ਅਕਸਰ ਕਾਫ਼ੀ ਸਮਾਂ ਇੰਤਜ਼ਾਰ ਕਰਨਾ ਪੈਂਦਾ ਸੀ। ਇਸ ਕਾਰਨ ਗੰਭੀਰ ਹਾਲਤ ਵਿੱਚ ਹਸਪਤਾਲ ਪਹੁੰਚਣ ਵਾਲੇ ਮਰੀਜ਼ਾਂ ਨੂੰ ਵੀ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਤੋਂ ਇਲਾਵਾ ਸ਼ਹਿਰ ਵਾਲੇ ਪਾਸੇ ਸਥਿਤ ਪਿਛਲਾ ਗੇਟ ਬੰਦ ਹੋਣ ਕਾਰਨ ਆਮ ਲੋਕਾਂ ਲਈ ਵੀ ਹਸਪਤਾਲ ਪਹੁੰਚਣਾ ਮੁਸ਼ਕਲ ਹੋ ਗਿਆ ਸੀ। ਦੱਸਿਆ ਜਾਂਦਾ ਹੈ ਕਿ ਇਸ ਗੇਟ ਨੂੰ ਵਿਧਾਇਕ ਦੇਵ ਮਾਨ ਵੱਲੋਂ ਪੱਕੇ ਤੌਰ 'ਤੇ ਬੰਦ ਕਰਵਾਇਆ ਗਿਆ ਸੀ, ਜਿਸ ਦਾ ਸਥਾਨਕ ਨਿਵਾਸੀਆਂ ਵੱਲੋਂ ਲਗਾਤਾਰ ਵਿਰੋਧ ਕੀਤਾ ਜਾ ਰਿਹਾ ਸੀ। ਵੀਰਵਾਰ ਨੂੰ ਸਾਬਕਾ ਕੈਬਨਿਟ ਮੰਤਰੀ ਸਾਧੂ ਸਿੰਘ ਧਰਮਸੋਤ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵੱਲੋਂ ਸਥਾਨਕ ਨਿਵਾਸੀਆਂ ਦੇ ਸਹਿਯੋਗ ਨਾਲ ਗੇਟ ਦੇ ਬਾਹਰ ਰੋਸ ਧਰਨਾ ਦਿੱਤਾ ਗਿਆ ਸੀ। ਇਸ ਧਰਨੇ ਦੀ ਕਵਰੇਜ ਪ੍ਰਮੁੱਖਤਾ ਨਾਲ ਪੀਟੀਸੀ ਨਿਊਜ਼ ਵੱਲੋਂ ਵੀ ਕੀਤੀ ਗਈ। ਧਰਨੇ ਤੋਂ ਅਗਲੇ ਹੀ ਦਿਨ ਸ਼ੁੱਕਰਵਾਰ ਨੂੰ ਪ੍ਰਸ਼ਾਸਨ ਵੱਲੋਂ ਜੇਸੀਬੀ ਮਸ਼ੀਨ ਦੀ ਮਦਦ ਨਾਲ ਕੰਧ ਤੋੜ ਕੇ ਗੇਟ ਖੋਲ੍ਹ ਦਿੱਤਾ ਗਿਆ। ਹੁਣ ਇਸ ਰਸਤੇ ਰਾਹੀਂ ਐਂਬੂਲੈਂਸਾਂ ਦੀ ਆਵਾਜਾਈ ਵੀ ਸ਼ੁਰੂ ਹੋ ਗਈ ਹੈ। ਹਾਲਾਂਕਿ ਇਸ ਮਾਮਲੇ ਵਿੱਚ ਸਵਾਲ ਇਹ ਵੀ ਉੱਠ ਰਿਹਾ ਹੈ ਕਿ ਲੋਕਾਂ ਅਤੇ ਮਰੀਜ਼ਾਂ ਦੀ ਸਹੂਲਤ ਲਈ ਬਣੇ ਇਸ ਗੇਟ ਨੂੰ ਬੰਦ ਕਰਨ ਦੀ ਲੋੜ ਕਿਉਂ ਪਈ ਸੀ ਅਤੇ ਵਿਧਾਇਕ ਦੇਵ ਮਾਨ ਵੱਲੋਂ ਇਸ ਸਬੰਧੀ ਹੁਣ ਤੱਕ ਕੋਈ ਸਪੱਸ਼ਟੀਕਰਨ ਕਿਉਂ ਨਹੀਂ ਦਿੱਤਾ ਗਿਆ।

ਗੇਟ ਖੁੱਲ੍ਹਣ ਤੋਂ ਬਾਅਦ ਸਥਾਨਕ ਨਿਵਾਸੀਆਂ ਅਤੇ ਦੁਕਾਨਦਾਰਾਂ ਨੇ ਕਿਹਾ ਕਿ ਧਰਨੇ ਤੋਂ ਬਾਅਦ ਆਖ਼ਰਕਾਰ ਪ੍ਰਸ਼ਾਸਨ ਦੀ ਨੀਂਦ ਖੁੱਲ੍ਹੀ ਹੈ ਅਤੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਪੂਰੀ ਹੋਈ ਹੈ। ਉਨ੍ਹਾਂ ਕਿਹਾ ਕਿ ਹੁਣ ਮਰੀਜ਼ ਇਸ ਰਸਤੇ ਰਾਹੀਂ ਆਸਾਨੀ ਨਾਲ ਹਸਪਤਾਲ ਪਹੁੰਚ ਕੇ ਆਪਣਾ ਇਲਾਜ ਕਰਵਾ ਸਕਣਗੇ।

ਸਮਾਧੀ ਵਾਲੀ ਸਰਕਾਰ ਸਿੱਧ ਬਾਬਾ ਬਾਲਕ ਨਾਥ ਮੰਦਰ ਵਿਖੇ 33ਵਾਂ ਬਰਸੀ ਸਮਾਗਮ ਤੇ ਵਿਸ਼ਾਲ ਭੰਡਾਰਾ ਕੱਲ

ਨੂਰਪੁਰਬੇਦੀ 16 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਮਾਧੀ ਵਾਲੀ ਸਰਕਾਰ ਸਿੱਧ ਬਾਬਾ ਬਾਲਕ ਨਾਥ ਮੰਦਰ, ਝਾਂਡੀਆਂ ਕਲਾਂ ਵਿਖੇ ਸਾਲਾਨਾ 33ਵੀਂ ਬਰਸੀ ਅਤੇ ਵਿਸ਼ਾਲ ਭੰਡਾਰੇ ਦਾ ਸਮਾਗਮ ਬਹੁਤ ਹੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਇਹ ਧਾਰਮਿਕ ਸਮਾਗਮ 15 ਨਵੰਬਰ ਨੂੰ ਆਯੋਜਿਤ ਕੀਤਾ ਜਾਵੇਗਾ। ਪ੍ਰਬੰਧਕਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਇਸ ਮੌਕੇ ਚੌਕੀ ਸ਼ਾਮ 6 ਵਜੇ ਤੋਂ ਸ਼ੁਰੂ ਹੋਵੇਗੀ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਾਮਿਲ ਹੋਣਗੀਆਂ।

ਇਸ ਮੌਕੇ ਧਾਰਮਿਕ ਅਸਥਾਨ ਦੇ ਗੱਦੀਨਸ਼ੀਨ ਭਗਤ ਬਾਲ ਸਿਕੰਦਰ ਜੀ ਸੰਗਤਾਂ ਨੂੰ ਆਪਣੇ ਅੰਮ੍ਰਿਤਮਈ ਉਪਦੇਸ਼ਾਂ ਨਾਲ ਨਿਹਾਲ ਕਰਨਗੇ। ਅੱਜ ਸਮਾਗਮ ਦੀ ਤਿਆਰੀ ਬੈਠਕ ਦੌਰਾਨ ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੌਰਾਨ ਪ੍ਰਸਿੱਧ ਕਲਾਕਾਰਾਂ ਓਂਕਾਰ ਵਾਲੀਆ, ਹਰਮੇਸ਼ ਰੰਗੀਲਾ, ਗੁਲਾਮ ਯੁਵਰਾਜ ਪਟਿਆਲਾ ਅਤੇ ਸਰਵਣ ਫ਼ਰਜੀ ਆਪਣੀ ਸੁਰੀਲੀ ਆਵਾਜ਼ ਵਿੱਚ ਭੇਟਾਂ ਗਾ ਕੇ ਗੁਰੂ ਮਹਿਮਾ ਦਾ ਗੁਣਗਾਨ ਕਰਨਗੇ।

ਪ੍ਰਬੰਧਕਾਂ ਨੇ ਦੱਸਿਆ ਕਿ ਇਸ ਮੌਕੇ ਭਗਤ ਰਾਮ ਕਿਸ਼ਨ ਜੀ (ਸਮਾਧੀ ਵਾਲੇ) ਅਤੇ ਭਗਤ ਵੀਰ ਚੰਦ ਜੀ (ਸਮਾਧੀ ਵਾਲੇ) ਨੂੰ ਵੀ ਯਾਦ ਕੀਤਾ ਜਾਵੇਗਾ। ਸਮਾਗਮ ਦੇ ਅੰਤ ਵਿੱਚ ਬਾਬਾ ਜੀ ਦਾ ਲੰਗਰ ਅਤੁੱਟ ਵਰਤੇਗਾ।

ਇਸ ਬੈਠਕ 'ਚ ਨਰਿੰਦਰ ਸਰਥਲੀ, ਹਰਜੀ ਰਾਮ, ਸੁਰਿੰਦਰ ਝਾਂਡੀਆਂ, ਨਵੀਨ ਅਟਵਾਲ, ਮੰਗਲ ਰਾਮ ਸੈਣੀਮਾਜਰਾ, ਵਿੱਕੀ ਝਾਂਡੀਆਂ, ਦੀਪੂ ਝਾਂਡੀਆਂ, ਵਿਜੇ ਅਟਵਾਲ ਸਰਥਲੀ ਤੇ ਭਾਵੇਸ਼ ਅਟਵਾਲ ਆਦਿ ਸੇਵਾਦਾਰ ਹਾਜ਼ਰ ਸਨ।

ਬ੍ਰਾਹਮਣ ਵੈੱਲਫੇਅਰ ਬੋਰਡ ਮੋਰਿੰਡਾ ਦੇ ਪ੍ਰਧਾਨ ਰਾਹੁਲ ਸ਼ਰਮਾ ਨੂੰ ਸਦਮਾ, ਪਿਤਾ ਅਨਿਲ ਸ਼ਰਮਾ ਦਾ ਦਿਹਾਂਤ

ਮੋਰਿੰਡਾ, 16 ਨਵੰਬਰ
**-ਕੌਮੀ ਪੱਤ੍ਰਿਕਾ ਬਿਊਰੋ



ਕਬਜ਼ ਨੂੰ ਨਾ ਕਰੋ ਨਜ਼ਰਅੰਦਾਜ਼

ਕਬਜ਼ ਇਨ੍ਹਾਂ ਬਿਮਾਰੀਆਂ ਦੀ ਜੜ੍ਹ ਹੈ ਜਿਵੇਂ ਤੇਜ਼ਾਬ, ਐਸਿਡੀਟੀ, ਬਦਹਜ਼ਮੀ, ਪੇਟ, ਗੈਸ, ਖੱਟੇ ਡਕਾਰ, ਪੇਟ 'ਚ ਸੋਜ ਬਵਾਸੀਰ, ਸਿਰ ਦਰਦ, ਚਿੜਚਿੜਾਪਨ, ਬੇਚੈਨੀ,ਘਬਰਾਹਟ ,ਚੱਕਰ ਆਉਣੇ ਆਦਿ...

ਇਨਸਾਨ ਆਪਣੀ ਸਿਹਤ ਦਾ ਪੂਰੀ ਤਰ੍ਹਾਂ ਖ਼ਿਆਲ ਨਹੀਂ ਰੱਖਦਾ ਜਿਸ ਕਾਰਨ ਛੋਟੀਆਂ-ਛੋਟੀਆਂ ਬਿਮਾਰੀਆਂ ਗੰਭੀਰ ਹੋ ਜਾਂਦੀਆਂ ਹਨ। ਜੇ ਉਨ੍ਹਾਂ ਦਾ ਸਮੇਂ ਸਿਰ ਇਲਾਜ ਕੀਤਾ ਜਾਵੇ ਤਾਂ ਬਿਮਾਰੀਆਂ ਨੂੰ ਅਸਾਨੀ ਨਾਲ ਰੋਕਿਆ ਜਾ ਸਕਦਾ ਹੈ। ਮਨੁੱਖੀ ਸਰੀਰ 'ਚ ਆਮ ਬਿਮਾਰੀਆਂ ਦੇ ਨਾਲ-ਨਾਲ ਕਬਜ਼ ਦੀ ਬਿਮਾਰੀ ਵੱਡੀ ਗਿਣਤੀ 'ਚ ਪਾਈ ਜਾਂਦੀ ਹੈ। ਕਬਜ਼ ਹੋਰ ਵੀ ਅਨੇਕਾਂ ਬਿਮਾਰੀਆਂ ਨੂੰ ਜਨਮ ਦਿੰਦੀ ਹੈ ਜਿਵੇਂ ਤੇਜ਼ਾਬ, ਐਸਿਡੀਟੀ, ਬਦਹਜ਼ਮੀ, ਪੇਟ, ਗੈਸ, ਖੱਟੇ ਡਕਾਰ, ਪੇਟ 'ਚ ਸੋਜ ਬਵਾਸੀਰ, ਸਿਰ ਦਰਦ, ਚਿੜਚਿੜਾਪਨ, ਬੇਚੈਨੀ ਆਦਿ ਬਿਮਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਕਾਰਨ

ਇਸ ਦਾ ਮੁੱਖ ਕਾਰਨ ਫਾਸਟ ਫੂਡ, ਤਲੀਆਂ ਹੋਈਆਂ ਚੀਜ਼ਾਂ, ਮੈਦੇ ਤੋਂ ਬਣੀਆਂ ਚੀਜ਼ਾਂ, ਤੰਬਾਕੂ, ਸਿਗਰਟ, ਬੀੜੀ, ਪਾਣੀ ਦਾ ਬਦਲਣਾ, ਸਰੀਰਕ ਕਸਰਤ ਨਾ ਕਰਨਾ, ਇਕ ਸੀਟ 'ਤੇ ਬੈਠ ਕੇ ਕੰਮ ਕਰਨਾ ਆਦਿ ਨਾਲ ਕਬਜ਼ ਹੋ ਸਕਦੀ ਹੈ।

ਇਲਾਜ

ਸਵੇਰੇ ਉੱਠ ਕੇ ਕੋਸੇ ਪਾਣੀ ਦਾ ਸੇਵਨ ਕਰਨਾ, ਦਿਨ 'ਚ ਘੱਟੋ-ਘੱਟ 8-10 ਗਲਾਸ ਪਾਣੀ ਜ਼ਰੂਰ ਪੀਓ, ਫਾਇਬਰ ਯੁਕਤ ਭੋਜਨ ਦੀ ਵਰਤੋਂ ਕਰੋ, ਤਰਲ ਚੀਜ਼ਾਂ ਦੀ ਜ਼ਿਆਦਾ ਵਰਤੋਂ ਕਰੋ, ਸੰਤਰਾ, ਪਪੀਤਾ, ਅੰਬ ਆਦਿ ਦਾ ਸੇਵਨ ਕਰਨ ਨਾਲ ਇਸ ਬਿਮਾਰੀ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।

- ਰੋਜ਼ ਘੱਟੋ-ਘੱਟ 5-6 ਕਿਲੋਮੀਟਰ ਸੈਰ ਕਰੋ, ਕੋਲਡ ਡਰਿੰਕਸ ਤੇ ਆਇਸ ਕਰੀਮ ਤੋਂ ਪਰਹੇਜ਼ ਰੱਖੋ।
- ਸ਼ਾਮ ਦਾ ਖਾਣਾ ਸੌਣ ਤੋਂ ਲਗਪਗ ਤਿੰਨ ਘੰਟੇ ਪਹਿਲਾਂ ਖਾਓ। ਦੁੱਧ, ਦਹੀ, ਲੱਸੀ ਦੀ ਵਰਤੋਂ ਵੱਧ ਤੋਂ ਵੱਧ ਕਰੋ, ਹੋ ਸਕੇ ਤਾਂ ਅੰਗਰੇਜੀ ਦਵਾਈਆਂ ਤੋਂ ਪਰਹੇਜ਼ ਕਰੋ। ਜੇ ਇਨ੍ਹਾਂ ਗੱਲਾਂ ਵੱਲ ਧਿਆਨ ਦਿੱਤਾ ਜਾਵੇ ਤਾਂ ਸਾਡਾ ਸਰੀਰ ਬਿਮਾਰੀਆਂ ਤੋਂ ਮੁਕਤ ਹੋਵੇਗਾ ਤੇ ਨਾਲ ਹੀ ਸਾਡੀ ਸਿਹਤ ਵਧੀਆ ਅਤੇ ਤੰਦਰੁਸਤ ਰਹੇਗੀ।



ਡ੍ਰਾਈਫਰੂਟ 'ਚ ਸਭ ਤੋਂ ਵਧੀਆ ਮਖਾਣੇ

ਮਖਾਣੇ ਸਰੀਰ ਦੀਆਂ ਕਈ ਬਿਮਾਰੀਆਂ ਨੂੰ ਖ਼ਤਮ ਕਰਦੇ ਹਨ। ਸਰਦੀਆਂ 'ਚ ਡ੍ਰਾਈਫਰੂਟ ਖਾਣੇ ਸਿਹਤ ਲਈ ਬਹੁਤ ਵਧੀਆ ਹਨ। ਇਸ ਨਾਲ ਸਰੀਰ ਨੂੰ ਗਰਮੀ ਮਿਲਦੀ ਹੈ। ਸਫ਼ੈਦ ਰੰਗ ਦੇ ਮਖਾਣਿਆਂ ਦਾ ਇਸਤੇਮਾਲ ਖਾਣ ਦੇ ਨਾਲ-ਨਾਲ ਪੂਜਾ 'ਚ ਵੀ ਕੀਤਾ ਜਾਂਦਾ ਹੈ ਪਰ ਇਹ ਸਿਹਤ ਲਈ ਬਹੁਤ ਵਧੀਆ ਹੁੰਦੇ ਹਨ। ਮਖਾਣੇ ਕਮਲ ਦੇ ਬੀਜ ਤੋਂ ਬਣਦੇ ਹਨ ਤੇ ਖਾਣ 'ਚ ਵੀ ਬਹੁਤ ਸੁਆਦ ਹੁੰਦੇ ਹਨ। ਇਨ੍ਹਾਂ ਨੂੰ ਨਮਕੀਨ, ਮਠਿਆਈ, ਖੀਰ ਤੇ ਸਬਜ਼ੀਆਂ 'ਚ ਪਾ ਕੇ ਵੀ ਖਾਧਾ ਜਾਂਦਾ ਹੈ। ਇਹ ਕਿਡਨੀ ਤੇ ਦਿਲ ਲਈ ਲਾਭਕਾਰੀ ਹਨ। ਆਓ ਜਾਣਦੇ ਹਾਂ ਇਨ੍ਹਾਂ ਦੇ ਫ਼ਾਇਦੇ।

ਸਰੀਰਕ ਕਮਜ਼ੋਰੀ ਕਰਨ ਦੂਰ

ਅੱਜਕੱਲ੍ਹ ਇਕ ਤਾਂ ਲੋਕ ਮੋਟਾਪੇ ਤੋਂ ਪਰੇਸ਼ਾਨ ਹਨ ਤੇ ਕਈ ਇਸ ਤਰ੍ਹਾਂ ਦੇ ਵੀ ਹਨ ਜੋ ਜ਼ਰੂਰਤ ਤੋਂ ਜ਼ਿਆਦਾ ਪਤਲੇ ਹਨ। ਮਖਾਣੇ 'ਚ ਮੌਜੂਦ ਪ੍ਰੋਟੀਨ ਮਸਲਸ ਬਣਾਉਣ ਤੇ ਫਿਟ ਰੱਖਣ 'ਚ ਮਦਦਗਾਰ ਹਨ।

ਭੁੱਖ ਘੱਟ ਲੱਗਣਾ

ਲੰਮੇ ਸਮੇਂ ਤਕ ਘਰ ਤੋਂ ਦੂਰ ਰਹਿਣ ਵਾਲੇ ਲੋਕਾਂ ਲਈ ਮਖਾਣੇ ਬਹੁਤ ਹੀ ਲਾਭਕਾਰੀ ਹਨ ਕਿਉਂਕਿ ਇਸ ਨੂੰ ਖਾਣ ਤੋਂ ਬਾਅਦ ਕਾਫ਼ੀ ਦੇਰ ਭੁੱਖ ਨਹੀਂ ਲਗਦੀ। ਇਸ 'ਚ ਕੈਲੋਰੀ ਤੇ ਸੋਡੀਅਮ ਦੀ ਮਾਤਰਾ ਘੱਟ ਹੋਣ ਕਰਕੇ ਇਸ ਨੂੰ ਕਿਸੇ ਵੀ ਸਮੇਂ ਖਾਧਾ ਜਾ ਸਕਦਾ ਹੈ।

ਬਲੱਡ ਪ੍ਰੈਸ਼ਰ

ਅੱਜਕੱਲ੍ਹ ਬਹੁਤ ਲੋਕਾਂ ਨੂੰ ਬਲੱਡ ਪ੍ਰੈਸ਼ਰ ਦੀ ਸਮੱਸਿਆ ਰਹਿੰਦੀ ਹੈ। ਇਸ ਪਰੇਸ਼ਾਨੀ 'ਚ ਮਖਾਣਿਆਂ ਦਾ ਸੇਵਨ ਕਰਨਾ ਚਾਹੀਦਾ ਹੈ ਕਿਉਂਕਿ ਇਸ 'ਚ ਸੋਡੀਅਮ ਘੱਟ ਪਰ ਪੋਟੈਸ਼ੀਅਮ ਤੇ ਮੈਗਨੀਸ਼ੀਅਮ ਵਧੀਆ ਮਾਤਰਾ 'ਚ ਹੁੰਦੀ ਹੈ।

ਹੱਡੀਆਂ ਦੇ ਲਈ ਲਾਭਦਾਇਕ

ਕੈਲਸ਼ੀਅਮ ਨਾਲ ਭਰਪੂਰ ਮਖਾਣੇ ਹੱਡੀਆਂ ਲਈ ਬਹੁਤ ਹੀ ਵਧੀਆ ਹਨ। ਜਿਸ ਤਰ੍ਹਾਂ ਅਸੀਂ ਦੇਖਦੇ ਹਾਂ ਕਿ ਹੱਡੀਆਂ ਦਾ ਕੈਂਸਰ ਬਹੁਤ ਜ਼ਿਆਦਾ ਹੋ ਰਿਹਾ ਹੈ ਤੇ ਔਰਤਾਂ 'ਚ 30 ਸਾਲ ਦੀ ਉਮਰ ਤੋਂ ਬਾਅਦ ਹੱਡੀਆਂ ਦਾ ਕਮਜ਼ੋਰ ਹੋ ਜਾਣਾ ਆਮ ਜਿਹੀ ਗੱਲ ਹੈ। ਮਖਾਣੇ ਖਾਣ ਨਾਲ ਇਨ੍ਹਾਂ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।

ਘਰੇਲੂ ਨੁਸਖ਼ੇ


ਮੂੰਹ ਦੇ ਛਾਲਿਆਂ ਦੀ ਪਰੇਸ਼ਾਨੀ ਸਾਡਾ ਖਾਣ-ਪੀਣ ਠੀਕ ਨਾ ਹੋਣਾ, ਜਿਸ ਕਰ ਕੇ ਸਾਨੂੰ ਇਸ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।

- ਜਾਮਣ ਦੇ ਕੋਮਲ ਪੱਤਿਆਂ ਨੂੰ ਪੀਸ ਕੇ ਪਾਣੀ 'ਚ ਮਿਲਾ ਕੇ ਕਰੂਲਾ ਕਰਨ ਨਾਲ ਛਾਲੇ ਠੀਕ ਹੋ ਜਾਂਦੇ ਹਨ।
- ਪਿੱਪਲ ਦੀ ਛਾਲ ਦੇ ਪੱਤਿਆਂ ਨੂੰ ਪੀਸ ਕੇ ਛਾਲਿਆਂ 'ਤੇ ਲਗਾਉਣ ਨਾਲ ਵੀ ਫ਼ਾਇਦਾ ਮਿਲਦਾ ਹੈ।
- ਅਮਰੂਦ ਦੇ ਪੱਤਿਆਂ ਨੂੰ ਖਾਣ ਨਾਲ ਵੀ ਛਾਲੇ ਠੀਕ ਹੁੰਦੇ ਹਨ।
- 50 ਗ੍ਰਾਮ ਘਿਓ ਤੇ ਉਸ 'ਚ 6 ਗ੍ਰਾਮ ਕਪੂਰ ਪਾ ਕੇ ਉਸ ਨੂੰ ਚੰਗੀ ਤਰ੍ਹਾਂ ਮਿਲਾ ਕੇ ਗਰਮ ਕਰ ਕੇ ਛਾਲਿਆਂ 'ਤੇ ਲਗਾਉਣ ਨਾਲ ਇਸ ਬਿਮਾਰੀ ਤੋਂ ਰਾਹਤ ਪਾਈ ਜਾ ਸਕਦੀ ਹੈ।
- ਇਕ ਤੋਲਾ ਹਲਦੀ ਨੂੰ ਇਕ ਲੀਟਰ ਪਾਣੀ 'ਚ ਉਬਾਲ ਕੇ ਪਾਣੀ ਠੰਢਾ ਹੋਣ 'ਤੇ ਦਿਨ 'ਚ ਦੋ ਵਾਰ ਗਰਾਰੇ ਕਰੋ ਇਸ ਨਾਲ ਦੋ ਦਿਨ 'ਚ ਹੀ ਛਾਲਿਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਇਸ ਤਰ੍ਹਾਂ ਦੇ ਘਰੇਲੂ ਨੁਸਖ਼ਿਆਂ ਨਾਲ ਇਨ੍ਹਾਂ ਪਰੇਸ਼ਾਨੀਆਂ ਤੋਂ ਬਚੋ।

ਛਾਤੀ ਦੀਆਂ ਗਿਲਟੀਆਂ ਦੇ ਕਾਰਨ



ਡਾ. ਤਰਨੀਤ ਕੌਰ ਆਨੰਦ
ਮੋਬਾਈਲ : 98141-04434



ਛਾਤੀ ਦੀਆਂ ਗਿਲਟੀਆਂ ਅੱਜਕੱਲ੍ਹ ਆਮ ਹੀ ਦੇਖਣ ਨੂੰ ਮਿਲਦੀਆਂ ਹਨ। ਇਸ ਦੀ ਨਾ ਤਾਂ ਕੋਈ ਉਮਰ ਰਹੀ ਹੈ ਤੇ ਨਾ ਹੀ ਕੋਈ ਵਿਸ਼ੇਸ਼ ਕਾਰਨ। ਬੱਚਿਆਂ ਤੋਂ ਲੈ ਕੇ ਵੱਡਿਆਂ ਤਕ ਹਰ ਉਮਰ 'ਚ ਇਸ ਬਿਮਾਰੀ ਦਾ ਸਾਹਮਣਾ ਕੀਤਾ ਜਾ ਸਕਦਾ ਹੈ। ਸ਼ਾਇਦ ਇਸ ਦਾ ਪ੍ਰਮੁੱਖ ਕਾਰਨ ਸਾਡਾ ਅੱਜਕੱਲ੍ਹ ਦਾ ਰਹਿਣ-ਸਹਿਣ ਤੇ ਖਾਣ-ਪੀਣ ਹੈ। ਅਜੋਕੇ ਸਮੇਂ 'ਚ ਹਰ ਇਕ ਵਿਅਕਤੀ ਦੌੜ-ਭੱਜ ਦੀ ਜ਼ਿੰਦਗੀ ਜੀਅ ਰਿਹਾ ਹੈ ਜਿਸ ਕਾਰਨ ਚਿੰਤਾ, ਸੋਚ-ਵਿਚਾਰ ਤੇ ਮਾਨਸਿਕ ਤਣਾਅ ਬਹੁਤ ਜ਼ਿਆਦਾ ਵੱਧ ਗਿਆ ਹੈ। ਜੋ ਕਿ ਸਾਨੂੰ ਬਿਮਾਰੀਆਂ ਵੱਲ ਧੱਕ ਰਿਹਾ ਹੈ।

ਕਾਰਨ

- ਮਾਨਸਿਕ ਤਣਾਓ।
- ਥਾਂਝਪਣ।
- ਤੇਜ਼ ਮਿਰਚ ਮਸਾਲੇ ਦੀ ਜ਼ਿਆਦਾ ਵਰਤੋਂ।
- ਮੈਦਾ-ਦਹੀਂ-ਚਾਵਲ ਦੀ ਜ਼ਿਆਦਾ ਵਰਤੋਂ।


ਲੱਛਣ

ਛਾਤੀ ਦੀ ਗਿਲਟੀ 'ਚ ਦਰਦ ਤੋਂ ਬਿਨਾਂ ਤੇ ਹੌਲੀ-ਹੌਲੀ ਵਧਦੀ ਨਜ਼ਰ ਆਉਂਦੀ ਹੈ। ਇਸ ਦਾ ਸਿੱਧਾ ਸਬੰਧ ਹਾਰਮੋਨਜ਼ ਨਾਲ ਹੈ। ਹਾਰਮੋਨਜ਼ ਦੇ ਵਧਣ-ਘੱਟਣ ਕਾਰਨ ਜੋ ਅਸੰਤੁਲਨ ਪੈਦਾ ਹੁੰਦਾ ਹੈ ਉਹ ਹੀ ਇਸ ਨੂੰ ਬਣਾਉਣ ਵਿਚ ਸਹਾਇਕ ਬਣਦਾ ਹੈ। ਇਸ ਦੀ ਪਛਾਣ ਕਲੀਨਿਕ ਜਾਂਚ ਅਲਟਰਾਸਾਊਂਡ, ਮੈਮੋਗ੍ਰਾਫੀ ਜਾਂ ਫਿਰ ਨੀਡਲ ਬਾਇਓਪਸੀ ਦੁਆਰਾ ਕੀਤੀ ਜਾਂਦੀ ਹੈ। ਗਰਭ ਕਾਲ ਦੌਰਾਨ ਇਸ ਤਰ੍ਹਾਂ ਦੀ ਗਿਲਟੀ ਵੱਧ ਜਾਂਦੀ ਹੈ। ਇਸਦਾ ਜ਼ਿਆਦਾ ਸਬੰਧ ਹਾਰਮੋਨਜ਼ ਨਾਲ ਹੁੰਦਾ ਹੈ। ਔਰਤਾਂ ਸ਼ੁਰੂਆਤੀ ਤੌਰ 'ਤੇ ਇਸ ਬਾਰੇ ਅਣਗਹਿਲੀ ਕਰਦੀਆਂ ਹਨ, ਜਿਸ ਦੇ ਕਾਰਨ ਹੀ ਇਹ ਗਿਲਟੀਆਂ ਵਧਦੀਆਂ ਜਾਂਦੀਆਂ ਤੇ ਇਨ੍ਹਾਂ ਦਾ ਇਲਾਜ ਮੁਸ਼ਕਿਲ ਹੁੰਦਾ ਜਾਂਦਾ ਹੈ। ਸਾਨੂੰ ਚਾਹੀਦਾ ਹੈ ਕਿ ਰੋਗ ਦਾ ਪਤਾ ਲਗਣ 'ਤੇ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ ਤਾਂ ਜੋ ਰੋਗ ਨੂੰ ਵਧਣ ਤੋਂ ਰੋਕਿਆ ਜਾ ਸਕੇ।

ਇਲਾਜ

ਛਾਤੀ ਦੀਆਂ ਗਿਲਟੀਆਂ ਦਾ ਇਲਾਜ ਸੰਭਵ ਹੈ। ਛਾਤੀ ਦੀਆਂ ਗਿਲਟੀਆਂ ਦਾ ਜਿੰਨਾ ਜਲਦੀ ਪਤਾ ਲੱਗ ਜਾਵੇ, ਓਨੀ ਹੀ ਜਲਦੀ ਇਲਾਜ ਕਰਵਾਉਣਾ ਚਾਹੀਦਾ ਹੈ। ਇਲਾਜ ਰਾਹੀਂ ਇਨ੍ਹਾਂ ਗਿਲਟੀਆਂ ਨੂੰ ਪੂਰੀ ਤਰ੍ਹਾਂ ਖ਼ਤਮ ਵੀ ਕੀਤਾ ਜਾ ਸਕਦਾ ਹੈ। ਸਹੀ ਸਮੇਂ, ਸਹੀ ਜਾਂਚ ਤੇ ਇਲਾਜ ਹੈ। ਦਸ਼ਮੂਲ, ਕਾਂਚਨਾਰ, ਗੁਗਲ ਗਿਲੋਅ ਆਦਿ ਅਣਗਿਣਤ ਔਸ਼ਧੀਆਂ ਇਸ ਵਿਚ ਕੰਮ ਕਰਦੀਆਂ ਹਨ। ਜੋ ਇਨ੍ਹਾਂ ਗਿਲਟੀਆਂ ਨੂੰ ਜੜ੍ਹੋਂ ਖ਼ਤਮ ਕਰਨ ਵਿਚ ਸਹਾਇਕ ਹਨ। ਛਾਤੀ ਦੀਆਂ ਗਿਲਟੀਆਂ ਨਾ ਤਾਂ ਬਹੁਤ ਭਿਆਨਕ ਬਿਮਾਰੀ ਹੈ ਅਤੇ ਨਾ ਹੀ ਮਾਮੂਲੀ ਜਿਹੀ ਕਹਿਣ ਦਾ ਭਾਵ ਇਸ ਤੋਂ ਡਰਨਾ ਅਤੇ ਇਸਨੂੰ ਅਣਦੇਖਿਆ ਕਰਨਾ ਦੋਨੋਂ ਹੀ ਗ਼ਲਤ ਹਨ। ਆਮ ਬਿਮਾਰੀਆਂ ਵਾਂਗ ਇਹ ਵੀ ਇਕ ਸਰੀਰਕ ਰੋਗ ਹੈ ਜਿਸਦਾ ਸਮੇਂ ਸਿਰ ਸੁਚੱਜੇ ਢੰਗ ਨਾਲ ਇਲਾਜ ਹੋਣਾ ਜ਼ਰੂਰੀ ਹੈ। ਆਮ ਤੌਰ 'ਤੇ

ਗਿਲਟੀਆਂ ਦੀ ਪਛਾਣ ਕਲੀਨਿਕ ਜਾਂਚ ਅਲਟਰਾਸਾਊਂਡ, ਮੈਮੋਗ੍ਰਾਫੀ ਜਾਂ ਫਿਰ ਨੀਡਲ ਬਾਇਓਪਸੀ ਦੁਆਰਾ ਕੀਤੀ ਜਾਂਦੀ ਹੈ...



ਸਰਦੀਆਂ ਵਿਚ ਦਿਲ ਦਾ ਰੱਖੋ ਖਿਆਲ

ਡਾ. ਬੇਦੀ

ਪੰਜਾਬ ਵਿਚ 1000 ਵਿੱਚੋਂ 61 ਲੋਕ ਇਸਦੇ ਮਰੀਜ਼ ਹਨ ਅਤੇ ਸਭ ਤੋਂ ਫਿਕਰ ਵਾਲੀ ਗੱਲ ਇਹ ਹੈ ਕਿ 30 ਤੋਂ 40 ਸਾਲ ਦੇ ਲੋਕਾਂ ਵਿਚ ਇਹ ਬਿਮਾਰੀ ਵੱਧ ਰਹੀ ਹੈ। ਅਨੇਕਾਂ ਉਦਾਹਰਣਾਂ, ਤਣਾਅ, ਉਦਾਸ ਜੀਵਨ-ਸ਼ੈਲੀ ਅਤੇ ਮਾੜੀ ਖ਼ੁਰਾਕ ਆਦਿ। ਸਾਡੀ ਮਾੜੀ ਜੀਵਨਸ਼ੈਲੀ ਇਸ ਦੌਰੇ ਦਾ ਕਾਰਨ ਬਣਦੀ ਹੈ। ਸਰਦੀਆਂ ਦੇ ਮੌਸਮ ਵਿਚ ਦਿਲ ਦੇ ਦੌਰੇ ਦਾ ਖ਼ਤਰਾ ਦੁੱਗਣਾ ਹੁੰਦਾ ਹੈ। ਕਈ ਕਾਰਨਾਂ ਕਰਕੇ ਸਰਦੀ ਦਿਲ ਦੇ ਮਰੀਜ਼ਾਂ ਲਈ ਜ਼ਿਆਦੀ ਮਾੜੀ ਹੁੰਦੀ ਹੈ। ਜਦੋਂ ਬੰਦਾ ਸਿੱਧਾ ਠੰਡੇ ਮੌਸਮ ਦੇ ਸੰਪਰਕ ਵਿਚ ਆਉਂਦਾ ਹੈ ਤਾਂ ਉਸਦੇ ਸਰੀਰ ਦੀਆਂ ਖ਼ੂਨ ਨਾੜੀਆਂ ਸੁੰਗੜ ਜਾਂਦੀਆਂ ਹਨ ਤਾਂ ਜੋ ਸਰੀਰ ਦੀ ਗਰਮੀ ਬਣੀ ਰਹੇ। ਇਨ੍ਹਾਂ ਸੁੰਗੜੀਆਂ ਨਾੜਾ ਕਰਕੇ ਬਲੱਡ ਪ੍ਰੈਸ਼ਰ ਵੱਧ ਜਾਂਦਾ ਹੈ। ਜਿਸਦਾ ਅਸਰ ਦਿਲ 'ਤੇ ਪੈਂਦਾ ਹੈ। ਦਿਲ ਨੂੰ ਵੱਧ ਕੰਮ ਕਰਨਾ ਪੈਂਦਾ ਹੈ। ਸੁੰਗੜੀਆਂ ਖ਼ੂਨ ਦੀਆਂ ਨਾੜਾਂ ਸਦਕਾ ਖ਼ੂਨ ਦੀ ਸਪਲਾਈ ਘੱਟ ਜਾਂਦੀ ਹੈ। ਆਮ ਹਾਲਤਾਂ ਵਿਚ ਦਿਲ ਇਸ ਸਥਿਤੀ ਨੂੰ ਸਹਿਣ ਕਰ ਲੈਂਦਾ ਹੈ ਪਰ ਜੇ ਦਿਲ ਬਿਮਾਰ ਹੈ ਤਾਂ ਦਿਲ ਦੇ ਦੌਰੇ ਦੇ ਆਸਾਰ ਵੱਧ ਜਾਂਦੇ ਹਨ। ਸਰਦੀਆਂ ਵਿਚ ਕੋਲੈਸਟ੍ਰੋਲ ਦਾ ਲੈਵਲ ਵੀ ਵੱਧ ਜਾਂਦਾ ਹੈ। ਲੋਕ ਸਰਦੀਆਂ ਵਿਚ ਸ਼ੌਂਕ ਨਾਲ ਖਾਂਦੇ-ਪੀਂਦੇ ਹਨ ਜਿਸ ਸਦਕਾ ਮਨੁੱਖ ਦਾ ਭਾਰ ਵੀ ਵੱਧਦਾ ਹੈ। ਇਨ੍ਹਾਂ ਸਭ ਕੁੱਝ ਦਾ ਮਨੁੱਖੀ ਦਿਲ ਉਪਰ ਮਾੜਾ ਅਸਰ ਪੈਂਦਾ ਹੈ। ਦਵਾਈ ਲੈਣੀ ਕਦੇ ਵੀ ਭੁੱਲਣੀ ਨਹੀਂ ਚਾਹੀਦੀ ਅਤੇ ਨਾ ਹੀ ਉਨ੍ਹਾਂ ਨਿਸ਼ਾਨੀਆਂ ਨੂੰ ਅਣਦੇਖਿਆ ਕਰਨਾ ਚਾਹੀਦਾ ਹੈ ਜੋ ਦਿਲ ਦੀ ਬਿਮਾਰੀ ਦੀ ਸ਼ੰਕਾ ਪਾਉਂਦੀਆਂ ਹਨ। ਸਹੀ ਸਲਾਹ ਲਈ ਚੰਗੇ ਡਾਕਟਰ ਕੋਲ ਜਾਣਾ ਚਾਹੀਦਾ ਹੈ। ਤੰਬਾਕੂ, ਕੌਫੀ, ਚਾਹ, ਅਲਕੋਹਲ ਤੋਂ ਪਰਹੇਜ਼ ਕਰਨਾ ਚਾਹੀਦਾ ਹੈ ਕਿਉਂਕਿ ਇਨ੍ਹਾਂ ਕਾਰਨ ਕਰਕੇ ਦਿਲ 'ਤੇ ਦਬਾਅ ਵੱਧਦਾ ਹੈ। ਧੁੱਪ ਵਿਚ ਬੈਠਣ ਨਾਲ ਮਨੁੱਖੀ ਸਰੀਰ ਨੂੰ ਵਿਟਾਮਿਨ ਡੀ ਮਿਲਦਾ ਹੈ ਜਿਹੜਾ ਮਨੁੱਖੀ ਸਿਹਤ ਲਈ ਲਾਹੇਵੰਦ ਹੈ। ਰੋਜ਼ਾਨਾ ਕਸਰਤ ਸਰਦੀਆਂ ਵਿਚ ਲਾਜ਼ਮੀ ਹੈ ਪਰ ਇਨ੍ਹਾਂ ਦਿਨਾਂ ਵਿਚ ਸੈਰ ਸੂਰਜ ਚੜ੍ਹੇ 'ਤੇ ਹੀ ਕਰਨੀ ਚਾਹੀਦੀ ਹੈ। ਇਕਦਮ ਤੇਜ਼ ਕਸਰਤ ਦਿਲ ਦੇ ਮਰੀਜ਼ਾਂ ਨੂੰ ਨਹੀਂ ਕਰਨੀ ਚਾਹੀਦੀ। ਕਿਸੇ ਮਾਹਿਰ ਦੀ ਨਿਗਰਾਨੀ ਵਿਚ ਹੀ ਕਸਰਤ ਕਰਨ ਦਾ ਫ਼ਾਇਦਾ ਹੈ।

ਦਵਾਈ ਲੈਣੀ ਕਦੇ ਵੀ ਭੁੱਲਣੀ ਨਹੀਂ ਚਾਹੀਦੀ ਅਤੇ ਨਾ ਹੀ ਉਨ੍ਹਾਂ ਨਿਸ਼ਾਨੀਆਂ ਨੂੰ ਅਣਦੇਖਿਆ ਕਰਨਾ ਚਾਹੀਦਾ ਹੈ ਜੋ ਦਿਲ ਦੀ ਬਿਮਾਰੀ ਦੀ ਸ਼ੰਕਾ ਪਾਉਂਦੀਆਂ ਹਨ। ਸਹੀ ਸਲਾਹ ਲਈ ਚੰਗੇ ਡਾਕਟਰ ਕੋਲ ਜਾਣਾ ਚਾਹੀਦਾ ਹੈ। ਤੰਬਾਕੂ, ਕੌਫੀ, ਚਾਹ, ਅਲਕੋਹਲ ਤੋਂ ਪਰਹੇਜ਼ ਕਰਨਾ ਚਾਹੀਦਾ ਹੈ...

ਵਿਟਾਮਿਨ ਡੀ ਦੀ ਘਾਟ ਨੂੰ ਅਣਦੇਖਿਆ ਨਾ ਕਰੋ

ਸਰੀਰ ਦੇ ਵਿਕਾਸ ਲਈ ਵਿਟਾਮਿਨ ਬਹੁਤ ਜ਼ਰੂਰੀ ਹੈ। ਜਦੋਂ ਸਰੀਰ 'ਚ ਵਿਟਾਮਿਨ ਡੀ ਦੀ ਘਾਟ ਹੋਣ ਲੱਗਦੀ ਹੈ ਤਾਂ ਕਈ ਤਰ੍ਹਾਂ ਦੇ ਸੰਕੇਤ ਮਿਲਣੇ ਸ਼ੁਰੂ ਹੋ ਜਾਂਦੇ ਹਨ। ਤੁਸੀ ਦੁੱਧ ਪੀਣ ਤੋਂ ਪਰਹੇਜ਼ ਕਰਦੇ ਹੋ ਤੇ ਸਹੀ ਮਾਤਰਾ 'ਚ ਧੁੱਪ ਵੀ ਨਹੀਂ ਲੈਂਦੇ ਤਾਂ ਸਰੀਰ 'ਚ ਕੈਲਸ਼ੀਅਮ ਦੇ ਨਾਲ-ਨਾਲ ਵਿਟਾਮਿਨ ਡੀ ਦੀ ਘਾਟ ਹੋ ਸਕਦੀ ਹੈ। ਇਹ ਕਾਫ਼ੀ ਗੰਭੀਰ ਸਮੱਸਿਆ ਹੈ। ਵਿਟਾਮਿਨ ਡੀ ਦੀ ਸਮੱਸਿਆ ਹੋਣ ਨਾਲ ਹੱਡੀਆਂ ਤੇ ਦੰਦ ਕਮਜ਼ੋਰ ਹੋ ਜਾਂਦੇ ਹਨ।

ਲੱਛਣ

ਹੱਡੀਆਂ ਤੇ ਮਾਸ-ਪੇਸ਼ੀਆਂ ਕਮਜ਼ੋਰ

ਹੱਡੀਆਂ 'ਚ ਦਰਦ, ਕਮਜ਼ੋਰੀ ਦੇ ਨਾਲ-ਨਾਲ ਮਾਸ-ਪੇਸ਼ੀਆਂ 'ਚ ਲਗਾਤਾਰ ਦਰਦ ਮਹਿਸੂਸ ਹੁੰਦੀ ਹੈ ਤਾਂ ਇਸ ਤਰ੍ਹਾਂ ਵਿਟਾਮਿਨ ਡੀ ਦੀ ਘਾਟ ਦੇ ਕਾਰਨ ਹੀ ਹੋ ਸਕਦਾ ਹੈ। ਵਿਟਾਮਿਨ ਡੀ ਹੱਡੀਆਂ, ਦੰਦ ਤੇ ਮਾਸ-ਪੇਸ਼ੀਆਂ ਲਈ ਬਹੁਤ ਜ਼ਰੂਰੀ ਹੈ।

ਤਣਾਅ

ਜਿਨ੍ਹਾਂ ਲੋਕਾਂ ਦੇ ਸਰੀਰ 'ਚ ਵਿਟਾਮਿਨ ਡੀ ਦੀ ਘਾਟ ਹੁੰਦੀ ਹੈ ਉਹ ਹਮੇਸ਼ਾ ਉਦਾਸ ਤੇ ਤਣਾਅਗ੍ਰਸਤ ਹੁੰਦੇ ਹਨ। ਵਿਟਾਮਿਨ ਸਾਡੇ ਮੂਡ ਨੂੰ ਠੀਕ ਤੇ ਡੀਪਰੈਸ਼ਨ 'ਚੋਂ ਬਾਹਰ ਕੱਢਣ 'ਚ ਮਦਦਗਾਰ ਹੈ।

ਜ਼ਿਆਦਾ ਪਸੀਨਾ ਆਉਣਾ

ਸਰੀਰ 'ਚ ਵਿਟਾਮਿਨ

ਕੇਂਦਰ ਨੇ ਪਾਸਪੋਰਟ ਤੇ ਵੀਜ਼ਾ ਨਿਯਮਾਂ 'ਚ ਕੀਤਾ ਬਦਲਾਅ ! ਇਨ੍ਹਾਂ ਲੋਕਾਂ ਲਈ ਜਾਰੀ ਹੋਏ ਨਵੇਂ ਹੁਕਮ

ਕੌਮੀ ਪੜ੍ਹਿਕਾ

ਨਵੀਂ ਦਿੱਲੀ 16 ਨਵੰਬਰ। ਕੇਂਦਰ ਸਰਕਾਰ ਨੇ 'ਇੰਮੀਗ੍ਰੇਸ਼ਨ ਐਂਡ ਫੌਰਨਰਜ਼ (ਐਗਜ਼ੈਂਪਸ਼ਨ) (ਅਮੈਂਡਮੈਂਟ) ਆਰਡਰ, 2026' ਲਾਗੂ ਕਰਦਿਆਂ ਭਾਰਤ ਵਿੱਚ ਰਹਿ ਰਹੇ ਵੱਖ-ਵੱਖ ਸ਼੍ਰੇਣੀਆਂ ਦੇ ਵਿਦੇਸ਼ੀ ਨਾਗਰਿਕਾਂ ਤੇ ਸ਼ਰਨਾਰਥੀਆਂ ਲਈ ਪਾਸਪੋਰਟ ਅਤੇ ਵੀਜ਼ਾ ਨਿਯਮਾਂ ਵਿੱਚ ਅਹਿਮ ਛੋਟਾਂ ਦਾ ਐਲਾਨ ਕੀਤਾ ਹੈ। ਇਹ ਨਵਾਂ ਫੈਸਲਾ ਪਾਕਿਸਤਾਨੀ ਨਾਗਰਿਕਾਂ, ਗੁਆਂਢੀ ਦੇਸ਼ਾਂ ਦੇ ਘੱਟ ਗਿਣਤੀ ਸ਼ਰਨਾਰਥੀਆਂ, ਸ਼੍ਰੀਲੰਕਾਈ ਤਮਿਲਾਂ, ਤਿੱਬਤੀਆਂ ਅਤੇ ਭਾਰਤੀ ਮੂਲ ਦੇ ਵਿਅਕਤੀਆਂ ਨੂੰ ਪ੍ਰਸ਼ਾਸਨਿਕ ਔਕੜਾਂ ਤੋਂ ਵੱਡੀ ਰਾਹਤ ਪ੍ਰਦਾਨ ਕਰਦਾ ਹੈ। ਇਸ ਦੇ ਨਾਲ ਹੀ ਭਾਰਤ, ਨੇਪਾਲ ਅਤੇ ਭੂਟਾਨ ਵਿਚਕਾਰ ਸਿੱਧੀ ਯਾਤਰਾ ਕਰਨ ਵਾਲੇ ਨਾਗਰਿਕਾਂ ਲਈ ਪਛਾਣ ਦਸਤਾਵੇਜ਼ਾਂ ਦੇ ਨਿਯਮਾਂ ਨੂੰ ਵੀ ਸਰਲ ਬਣਾਇਆ ਗਿਆ ਹੈ। ਨਵੇਂ ਜਾਰੀ ਹੁਕਮਾਂ ਅਨੁਸਾਰ ਅਫ਼ਗਾਨਿਸਤਾਨ, ਬੰਗਲਾਦੇਸ਼ ਅਤੇ ਪਾਕਿਸਤਾਨ ਤੋਂ ਧਾਰਮਿਕ ਪ੍ਰਤਾੜਨਾ ਜਾਂ ਉਸ ਦੇ ਡਰ ਕਾਰਨ 31 ਦਸੰਬਰ 2024 ਤੱਕ ਭਾਰਤ ਆਏ ਹਿੰਦੂ, ਸਿੱਖ, ਬੋਧੀ, ਜੈਨ, ਪਾਰਸੀ ਅਤੇ ਇਸਾਈ ਭਾਈਚਾਰਿਆਂ ਦੇ ਸ਼ਰਨਾਰਥੀਆਂ ਨੂੰ ਪਾਸਪੋਰਟ ਐਕਟ ਅਤੇ ਵਿਦੇਸ਼ੀ ਐਕਟ ਦੀਆਂ ਸਖ਼ਤ ਧਾਰਾਵਾਂ ਤੋਂ



ਛੋਟ ਦਿੱਤੀ ਗਈ ਹੈ। ਇਹ ਰਾਹਤ ਉਨ੍ਹਾਂ ਵਿਅਕਤੀਆਂ 'ਤੇ ਵੀ ਲਾਗੂ ਹੋਵੇਗੀ ਜੋ ਬਿਨਾਂ ਵੈਧ ਯਾਤਰਾ ਦਸਤਾਵੇਜ਼ਾਂ ਦੇ ਭਾਰਤ ਵਿੱਚ ਦਾਖਲ ਹੋਏ ਸਨ ਜਾਂ ਜਿਨ੍ਹਾਂ ਦੇ ਪਾਸਪੋਰਟਾਂ ਦੀ ਮਿਆਦ ਪੂਰੀ ਹੋ ਚੁੱਕੀ ਹੈ। ਹਾਲਾਂਕਿ, ਭਾਰਤ ਵਿੱਚ ਕਾਨੂੰਨੀ ਤੌਰ 'ਤੇ ਨਿਵਾਸ ਜਾਰੀ ਰੱਖਣ ਲਈ ਉਨ੍ਹਾਂ ਨੂੰ ਨਿਰਧਾਰਿਤ ਸ਼੍ਰੇਣੀ ਅਧੀਨ ਵੀਜ਼ਾ ਪ੍ਰਾਪਤ ਕਰਨਾ ਲਾਜ਼ਮੀ ਹੋਵੇਗਾ। ਗ੍ਰਹਿ ਮੰਤਰਾਲੇ ਨੇ ਉਨ੍ਹਾਂ ਪਾਕਿਸਤਾਨੀ ਨਾਗਰਿਕਾਂ ਲਈ ਵੀ ਨਿਯਮਾਂ ਵਿੱਚ ਨਰਮੀ ਵਰਤੀ ਹੈ ਜੋ 31 ਦਸੰਬਰ 2009 ਜਾਂ ਉਸ ਤੋਂ ਪਹਿਲਾਂ ਭਾਰਤ ਵਿੱਚ ਪੱਕੇ ਤੌਰ 'ਤੇ ਵੱਸਣ ਦੇ ਮਕਸਦ ਨਾਲ ਆਏ ਸਨ। ਪਾਕਿਸਤਾਨੀ 'ਕੰਪਿਊਟਰਾਈਜ਼ਡ ਨੇਸ਼ਨਲ ਆਈਡੈਂਟਿਟੀ ਕਾਰਡ' (3©93) ਨਾ ਹੋਣ ਕਰਕੇ ਆਪਣੇ ਯਾਤਰਾ ਦਸਤਾਵੇਜ਼ਾਂ ਦਾ ਨਵੀਨੀਕਰਨ ਕਰਵਾਉਣ ਵਿੱਚ ਅਸਮਰੱਥ ਵਿਅਕਤੀਆਂ ਨੂੰ ਇਸ ਛੋਟ ਦਾ ਲਾਭ ਲੈਣ ਲਈ ਇਹ ਸ਼ਰਤਾਂ ਤੈਅ ਕੀਤੀਆਂ ਗਈਆਂ ਹਨ ਕਿ ਵਿਅਕਤੀ ਨੇ ਪਾਕਿਸਤਾਨ ਵਿੱਚ ਰਹਿੰਦਿਆਂ ਵਿਆਹ ਨਾ ਕਰਵਾਇਆ ਹੋਵੇ ਅਤੇ ਉੱਥੇ ਕੋਈ ਅਚੱਲ ਜਾਇਦਾਦ ਨਾ ਹੋਵੇ। ਨਾਲ ਹੀ, ਪਿੱਛੇ ਪਾਕਿਸਤਾਨ ਵਿੱਚ ਛੁੱਟ ਗਏ ਪਰਿਵਾਰਕ ਮੈਂਬਰਾਂ ਦਾ ਭਾਰਤੀ ਨਾਗਰਿਕ ਹੋਣਾ ਜ਼ਰੂਰੀ ਹੈ। ਲਾਭਪਾਤਰੀ ਨੂੰ ਵਾਪਸ ਪਾਕਿਸਤਾਨ ਨਾ ਜਾਣ ਦੀ ਲਿਖਤੀ ਵਚਨਬੱਧਤਾ ਦੇਣੀ ਪਵੇਗੀ ਅਤੇ ਪੁਲਿਸ ਜਾਂ ਸੁਰੱਖਿਆ ਏਜੰਸੀਆਂ ਵੱਲੋਂ ਕੋਈ ਵੀ ਮਾੜੀ ਰਿਪੋਰਟ ਨਹੀਂ ਹੋਣੀ ਚਾਹੀਦੀ। ਮਲੇਸ਼ੀਆ ਜਾਂ ਸਿੰਗਾਪੁਰ ਦੀ ਨਾਗਰਿਕਤਾ ਛੱਡ ਕੇ 31 ਦਸੰਬਰ 2009 ਤੱਕ ਭਾਰਤ ਪਰਤੇ ਭਾਰਤੀ ਮੂਲ ਦੇ ਵਿਅਕਤੀਆਂ ਨੂੰ ਵੀ ਪਾਸਪੋਰਟ ਨਵੀਨੀਕਰਨ ਦੀਆਂ ਮੁਸ਼ਕਿਲਾਂ ਤੋਂ ਰਾਹਤ ਦਿੱਤੀ ਗਈ ਹੈ। ਦੂਜੇ ਪਾਸੇ, ਭਾਰਤ, ਨੇਪਾਲ ਅਤੇ ਭੂਟਾਨ ਦੇ ਨਾਗਰਿਕਾਂ ਲਈ ਗੁਆਂਢੀ ਦੇਸ਼ਾਂ ਵਿਚਕਾਰ ਸੜਕ ਜਾਂ ਹਵਾਈ ਮਾਰਗ ਰਾਹੀਂ ਸਿੱਧੀ ਯਾਤਰਾ ਦੌਰਾਨ ਆਮ ਪਾਸਪੋਰਟ ਦੀ ਥਾਂ ਸਰਕਾਰੀ ਵੀਜ਼ਾ ਮੈਨੂਅਲ ਵਿੱਚ ਦਰਜ ਵਿਸ਼ੇਸ਼ ਪਛਾਣ ਦਸਤਾਵੇਜ਼ਾਂ ਦੀ ਵਰਤੋਂ ਕਰਨ ਦੀ ਇਜਾਜ਼ਤ ਦਿੱਤੀ ਗਈ ਹੈ। ਹਾਲਾਂਕਿ, ਚੀਨ, ਮਕਾਊ, ਹਾਂਗਕਾਂਗ ਜਾਂ ਪਾਕਿਸਤਾਨ ਦੇ ਰਸਤੇ ਯਾਤਰਾ ਕਰਨ ਵਾਲੇ ਨੇਪਾਲੀ ਅਤੇ ਭੂਟਾਨੀ ਨਾਗਰਿਕਾਂ ਲਈ ਵੈਧ ਪਾਸਪੋਰਟ ਅਤੇ ਵੀਜ਼ਾ ਹੋਣਾ ਲਾਜ਼ਮੀ ਰਹੇਗਾ।

ਹੋਟਲ 'ਚ ਫਾਇਰਿੰਗ ਕਰਨ ਵਾਲੇ ਨੂੰ ਪੁਲਸ ਨੇ ਐਨਕਾਊਂਟਰ 'ਚ ਕਰ'ਤਾ ਢੇਰ ! 5 ਲੋਕਾਂ ਦੀ ਲਈ ਸੀ ਜਾਨ

ਕੌਮੀ ਪੜ੍ਹਿਕਾ

ਗੁਹਾਟੀ 16 ਨਵੰਬਰ। ਗੁਹਾਟੀ ਦੇ ਇਕ ਹੋਟਲ 'ਚ ਗੋਲੀਬਾਰੀ ਦੀ ਘਟਨਾ ਦਾ ਮੁੱਖ ਦੋਸ਼ੀ ਬੁੱਧਵਾਰ ਨੂੰ ਸ਼ਿਵਸਾਗਰ ਜ਼ਿਲ੍ਹੇ 'ਚ ਪੁਲਸ ਹਿਰਾਸਤ ਤੋਂ ਦੌੜਣ ਦੀ ਕੋਸ਼ਿਸ਼ ਦੌਰਾਨ ਮੁਕਾਬਲੇ 'ਚ ਮਾਰਿਆ ਗਿਾ। ਪੁਲਸ ਦੇ ਇਕ ਸੀਨੀਅਰ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਗੁਹਾਟੀ ਦੇ ਇਕ ਹੋਟਲ 'ਚ ਹੋਈ ਗੋਲੀਬਾਰੀ 'ਚ 5 ਲੋਕਾਂ ਦੀ ਜਾਨ ਗਈ ਸੀ। ਸੀਨੀਅਰ ਪੁਲਸ ਸੁਪਰਡੈਂਟ (ਐੱਸਐੱਸਪੀ) ਪਾਪੋਰੀ ਚੇਤੀਆ ਨੇ ਦੱਸਿਆ ਕਿ ਮੁਕਾਬਲਾ ਗੌਰੀਸਾਗਰ ਇਲਾਕੇ 'ਚ ਉਸ ਸਮੇਂ ਹੋਇਆ, ਜਦੋਂ ਦੋਸ਼ੀ ਨੇ ਇਕ ਹੋਰ ਮਾਮਲੇ ਦੇ ਸਿਲਸਿਲੇ 'ਚ ਸ਼ਿਵਸਾਗਰ ਲਿਜਾਇਆ ਜਾ ਰਿਹਾ ਸੀ। ਉਨ੍ਹਾਂ ਦੱਸਿਆ ਕਿ ਘਟਕਾਂਤ ਗੋਗੋਈ (34) ਨੂੰ ਗੋਲੀਬਾਰੀ ਦੇ ਮਾਮਲੇ 'ਚ ਗੁਹਾਟੀ ਦੀ ਇਕ ਅਦਾਲਤ ਵਲੋਂ ਨਿਆਇਕ ਹਿਰਾਸਤ 'ਚ ਭੇਜੇ ਜਾਣ ਦੇ ਕੁਝ ਹੀ ਘੰਟਿਆਂ ਬਾਅਦ ਮੰਗਲਵਾਰ ਨੂੰ ਸ਼ਿਵਸਾਗਰ ਪੁਲਸ ਨੇ 2024 ਦੇ ਇਕ ਬੈਂਕ ਧੋਖਾਧੜੀ ਮਾਮਲੇ 'ਚ ਗ੍ਰਿਫ਼ਤਾਰ ਕੀਤਾ ਸੀ। ਐੱਸਐੱਸਪੀ ਚੇਤੀਆ ਨੇ ਕਿਹਾ,ਉਹ ਕਈ ਤਰ੍ਹਾਂ ਦੇ ਹਥਿਆਰ ਚਲਾਉਣ 'ਚ ਮਾਹਰ ਸੀ। ਜਦੋਂ ਉਹ ਟਾਇਲਟ ਲਈ ਪੁਲਸ ਵਾਹਨ ਤੋਂ ਹੇਠਾਂ ਉਤਰਿਆ ਤਾਂ ਉਸ ਨੇ ਸਾਡੇ ਜਾਂਚ ਅਧਿਕਾਰੀ ਦਾ ਸਰਕਾਰੀ ਹਥਿਆਰ ਖੋਹਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਦੋਸ਼ੀ ਨਾਲ ਹੱਥੋਪਾਈ ਹੋਈ, ਜਿਸ 'ਚ ਸਾਡਾ ਅਧਿਕਾਰੀ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ। ਆਪਣੇ ਅਧਿਕਾਰੀ ਦੀ ਜਾਨ ਬਚਾਉਣ ਲਈ ਸ਼ਿਵਸਾਗਰ ਸਦਰ ਪੁਲਸ ਥਾਣੇ ਦੇ ਇੰਚਾਰਜ ਅਧਿਕਾਰੀ ਦੇ ਨਿੱਜੀ ਸੁਰੱਖਿਆ ਅਧਿਕਾਰੀ (ਪੀਐੱਸਓ) ਨੂੰ ਗੋਲੀ ਚਲਾਉਣੀ ਪਈ।" ਐੱਸਐੱਸਪੀ ਨੇ ਦੱਸਿਆ ਕਿ ਗੋਲੀ ਲੱਗਣ ਨਾਲ ਜ਼ਖਮੀ ਹੋਏ ਗੋਗੋਈ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਚੇਤੀਆ ਨੇ ਦੱਸਿਆ ਕਿ ਜ਼ਖਮੀ ਪੁਲਸ ਅਧਿਕਾਰੀ ਦਾ ਸਥਾਨਕ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਐੱਸਐੱਸਪੀ ਨੇ ਕਿਹਾ,ਗੋਗੋਈ ਅਪਰਾਧਿਕ ਮਾਨਸਿਕਤਾ ਵਾਲਾ ਵਿਅਕਤੀ ਸੀ। ਉਹ ਸਾਡੇ ਅਧਿਕਾਰੀਆਂ ਲਈ ਖ਼ਤਰਾ ਸੀ। ਨਿੱਜੀ ਸੁਰੱਖਿਆ ਅਧਿਕਾਰੀ ਨੂੰ ਸਟੇਸ਼ਨ ਦੇ ਇੰਚਾਰਜ ਅਧਿਕਾਰੀ ਦੀ ਰੱਖਿਆ ਲਈ ਗੋਲੀ ਚਲਾਉਣੀ ਪਈ। ਗੋਲੀਬਾਰੀ ਦੇ ਬੋਰਾ ਸਰਵਿਸ ਇਲਾਕੇ 'ਚ ਸਥਿਤ 'ਹੋਟਲ ਬਿਲਾਸ ਇਨ' 'ਚ 26 ਅਕਤੂਬਰ ਦੀ ਰਾਤ ਨੂੰ ਹੋਟਲ ਦੇ ਪ੍ਰਬੰਧਨ ਨੂੰ ਲੈ ਕੇ ਜਾਇਦਾਦ ਦੇ ਮਾਲਕਾਂ ਅਤੇ ਪੱਟਾਧਾਰਕਾਂ ਵਿਚਾਲੇ ਹੋਏ ਵਿਵਾਦ ਦੌਰਾਨ ਗੋਲੀਬਾਰੀ ਦੀ ਘਟਨਾ ਹੋਈ ਸੀ। ਇਸ 'ਚ ਇਕ ਕਾਰੋਬਾਰੀ ਪਰਿਵਾਰ ਦੇ ਚਾਰ ਮੈਂਬਰਾਂ ਸਮੇਤ ਪੰਜ ਲੋਕਾਂ ਦੀ ਮੌਤ ਹੋ ਗਈ ਅਤੇ ਇਕ ਹੋਰ ਵਿਅਕਤੀ ਜ਼ਖਮੀ ਹੋ ਗਿਆ ਸੀ। ਘਟਨਾ ਦੇ ਤੁਰੰਤ ਬਾਅਦ ਪੱਟਾਧਾਰਕ ਗੋਗੋਈ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਉਸ ਕੋਲੋਂ ਇਕ ਲਾਇਸੈਂਸੀ .32-ਬੋਰ ਦੀ ਪਿਸਤੌਲ ਜ਼ਬਤ ਕੀਤੀ ਗਈ, ਜਿਸ ਦਾ ਇਸਤੇਮਾਲ ਇਸ ਅਪਰਾਧ 'ਚ ਕੀਤਾ ਗਿਆ ਸੀ।

12 ਕਾਲਜਾਂ ਵਿਰੁੱਧ ਰੈਗਿੰਗ ਦੀਆਂ ਸ਼ਿਕਾਇਤਾਂ, ਲਗਭਗ 100 ਵਿਦਿਆਰਥੀਆਂ 'ਤੇ ਲੱਗੇ ਗੰਭੀਰ ਦੋਸ਼

ਕੌਮੀ ਪੜ੍ਹਿਕਾ

ਨੈਸ਼ਨਲ ਡੈਸਕ 16 ਨਵੰਬਰ। ਰਾਜਸਥਾਨ ਦੇ 12 ਮੈਡੀਕਲ ਕਾਲਜਾਂ ਤੋਂ ਰੈਗਿੰਗ ਅਤੇ ਮਾਨਸਿਕ ਪਰੇਸ਼ਾਨੀ ਦੀਆਂ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ, ਜਿਸ ਕਾਰਨ ਯੂਨਾਈਟਿਡ ਡਾਕਟਰਜ਼ ਫਰੰਟ ਨੇ ਰਾਜ ਸਰਕਾਰ ਦੇ ਦਖਲ ਦੀ ਮੰਗ ਕੀਤੀ ਹੈ। ਡਾਕਟਰਾਂ ਦੀ ਸੰਸਥਾ ਨੇ ਮੈਡੀਕਲ ਸਿੱਖਿਆ ਡਾਇਰੈਕਟੋਰੇਟ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਆਪਣੇ ਅਧੀਨ ਸੰਸਥਾਵਾਂ ਨੂੰ ਰੈਗਿੰਗ ਵਿਰੋਧੀ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਨਿਰਦੇਸ਼ ਦੇਵੇ। ਹਾਲ ਹੀ ਵਿੱਚ, ਜੋਧਪੁਰ ਦੇ ਡਾ. ਸੰਪੂਰਨਾਨੰਦ ਮੈਡੀਕਲ ਕਾਲਜ ਵਿੱਚ ਕਾਰਵਾਈ ਕੀਤੀ ਗਈ ਸੀ, ਜਿੱਥੇ 19 ਸੀਨੀਅਰ ਵਿਦਿਆਰਥੀਆਂ ਨੂੰ MBBS ਵਿਦਿਆਰਥੀਆਂ ਦੀ ਰੈਗਿੰਗ ਕਰਨ ਕਾਰਨ ਮੁਅੱਤਲ ਕੀਤਾ ਗਿਆ ਸੀ। ਇਹ ਕਾਰਵਾਈ ਕਾਲਜ ਪ੍ਰਸ਼ਾਸਨ ਅਤੇ ਇਸਦੀ ਰੈਗਿੰਗ ਵਿਰੋਧੀ ਕਮੇਟੀ ਦੁਆਰਾ ਕੀਤੀ ਗਈ ਜਾਂਚ ਤੋਂ ਬਾਅਦ ਕੀਤੀ ਗਈ। ਇੱਕ ਪੋਸਟ ਗ੍ਰੈਜੂਏਟ ਰੈਜ਼ੀਡੈਂਟ ਡਾਕਟਰ ਸਮੇਤ ਪੰਜ ਵਿਦਿਆਰਥੀਆਂ ਨੂੰ ਤਿੰਨ ਮਹੀਨਿਆਂ ਲਈ ਮੁਅੱਤਲ ਕਰ ਦਿੱਤਾ ਗਿਆ ਸੀ, ਜਦੋਂ ਕਿ 14 ਹੋਰਾਂ ਨੂੰ ਇੱਕ ਮਹੀਨੇ ਲਈ ਮੁਅੱਤਲ ਕਰ ਦਿੱਤਾ ਗਿਆ ਸੀ। ਕਾਲਜ ਦੁਆਰਾ ਦਿੱਤੀ ਗਈ ਜਾਣਕਾਰੀ ਅਨੁਸਾਰ, ਮੁਅੱਤਲ ਕੀਤੇ ਗਏ ਵਿਦਿਆਰਥੀਆਂ ਨੂੰ ਮੁਅੱਤਲੀ ਦੌਰਾਨ ਕਲੀਨਿਕਲ ਪੋਸਟਿੰਗ ਅਤੇ ਅਕਾਦਮਿਕ ਗਤੀਵਿਧੀਆਂ ਦੇ ਨਾਲ-ਨਾਲ ਹੋਸਟਲ, ਲਾਇਬ੍ਰੇਰੀ ਅਤੇ ਗੀਡਿੰਗ ਰੂਮ ਦੀ ਵਰਤੋਂ ਕਰਨ ਤੋਂ ਰੋਕ ਦਿੱਤਾ ਗਿਆ ਹੈ। ਪਹਿਲੇ ਸਾਲ ਦੇ MBBS ਵਿਦਿਆਰਥੀਆਂ ਦੁਆਰਾ ਨੈਸ਼ਨਲ ਮੈਡੀਕਲ ਕਮਿਸ਼ਨ ਨੂੰ ਪੱਤਰ ਲਿਖਣ ਅਤੇ ਨੈਸ਼ਨਲ ਐਂਟੀ-ਰੈਗਿੰਗ ਹੈਲਪਲਾਈਨ ਨੂੰ ਸ਼ਿਕਾਇਤ ਕਰਨ ਤੋਂ ਬਾਅਦ ਜਾਂਚ ਸ਼ੁਰੂ ਕੀਤੀ ਗਈ ਸੀ। ਜੂਨੀਅਰਾਂ ਨੇ ਦੋਸ਼ ਲਗਾਇਆ ਕਿ ਸੀਨੀਅਰਾਂ ਨੇ ਅਣਉਚਿਤ ਵਿਵਹਾਰ ਕੀਤਾ ਅਤੇ ਉਨ੍ਹਾਂ 'ਤੇ ਬੈਂਸ ਕਹਿਣ ਲਈ ਦਬਾਅ ਪਾਇਆ। ਬਾੜਮੇਰ ਮੈਡੀਕਲ ਕਾਲਜ ਨੇ ਹਾਲ ਹੀ ਵਿੱਚ ਪਹਿਲੇ ਸਾਲ ਦੇ ਵਿਦਿਆਰਥੀਆਂ ਦੀਆਂ ਸ਼ਿਕਾਇਤਾਂ ਤੋਂ ਬਾਅਦ 80 ਸੀਨੀਅਰ ਐਮਬੀਬੀਐਸ ਵਿਦਿਆਰਥੀਆਂ, ਜਿਨ੍ਹਾਂ ਵਿੱਚ 15 ਵਿਦਿਆਰਥਣਾਂ ਵੀ ਸ਼ਾਮਲ ਸਨ, ਵਿਰੁੱਧ ਅਨੁਸ਼ਾਸਨੀ ਕਾਰਵਾਈ ਕੀਤੀ। ਤੇਰਾਂ ਵਿਦਿਆਰਥੀਆਂ ਨੂੰ ਹੋਸਟਲ ਤੋਂ ਕੱਢ ਦਿੱਤਾ ਗਿਆ, ਜਦੋਂ ਕਿ ਬਾਕੀਆਂ ਨੂੰ ਅਕਾਦਮਿਕ ਗਤੀਵਿਧੀਆਂ ਤੋਂ ਮੁਅੱਤਲ ਕਰ ਦਿੱਤਾ ਗਿਆ ਅਤੇ ਇੱਕ ਸਾਲ ਲਈ ਸੱਭਿਆਚਾਰਕ ਅਤੇ ਖੇਡ ਸਮਾਗਮਾਂ ਤੋਂ ਪਾਬੰਦੀ ਲਗਾਈ ਗਈ। ਮੁੱਖ ਮੰਤਰੀ ਭਜਨ ਲਾਲ ਸ਼ਰਮਾ, ਪੁਲਿਸ ਡਾਇਰੈਕਟਰ ਜਨਰਲ ਅਤੇ ਡੀਐਮਈ ਨੂੰ ਲਿਖੇ ਇੱਕ ਪੱਤਰ ਵਿੱਚ, ਯੂਡੀਐਫ ਦੇ ਚੇਅਰਪਰਸਨ ਡਾ. ਲਕਸ਼ਯ ਮਿੱਤਲ ਨੇ ਬਿਨਾਂ ਕਿਸੇ ਭੇਦਭਾਵ ਦੇ ਜਾਂਚ ਅਤੇ ਤੁਰੰਤ ਕਾਰਵਾਈ ਦੀ ਮੰਗ ਕੀਤੀ। ਸੰਗਠਨ ਨੇ ਕਿਹਾ ਕਿ ਰਾਜ ਭਰ ਦੇ ਮੈਡੀਕਲ ਕਾਲਜਾਂ ਤੋਂ ਮਿਲੀਆਂ ਸ਼ਿਕਾਇਤਾਂ ਵਿੱਚ ਇਹ ਦੋਸ਼ ਸ਼ਾਮਲ ਹਨ ਕਿ ਜੂਨੀਅਰਾਂ ਨੂੰ ਰਾਤ ਨੂੰ ਹੋਸਟਲਾਂ ਵਿੱਚ ਬੁਲਾਇਆ ਜਾਂਦਾ ਸੀ, ਦੁਰਵਿਵਹਾਰ ਕੀਤਾ ਜਾਂਦਾ ਸੀ, ਉਨ੍ਹਾਂ ਦੇ ਵਾਲ ਕੱਟਣ ਲਈ ਮਜਬੂਰ ਕੀਤਾ ਜਾਂਦਾ ਸੀ ਅਤੇ ਉਨ੍ਹਾਂ ਦੇ ਮੋਬਾਈਲ ਫੋਨ ਜ਼ਬਤ ਕੀਤੇ ਜਾਂਦੇ ਸਨ। ਕੁਝ ਵਿਦਿਆਰਥੀਆਂ ਨੂੰ ਸ਼ਿਕਾਇਤ ਕਰਨ 'ਤੇ ਕਰੀਅਰ ਬਰਬਾਦ ਕਰਨ ਦੀ ਧਮਕੀ ਵੀ ਦਿੱਤੀ ਗਈ ਸੀ। ਯੂਡੀਐਫ ਨੇ ਕੋਟਾ, ਜੋਧਪੁਰ, ਭੀਲਵਾੜਾ, ਚਿਤੌੜਗੜ੍ਹ, ਬੀਕਾਨੇਰ, ਜੈਪੁਰ, ਦੌਸਾ, ਸਵਾਈ ਮਾਧੋਪੁਰ, ਪਾਲੀ ਅਤੇ ਬਾੜਮੇਰ ਵਿੱਚ ਮੈਡੀਕਲ ਸੰਸਥਾਵਾਂ ਦਾ ਨਾਮ ਦਿੱਤਾ ਜਿੱਥੇ ਰੈਗਿੰਗ ਦੀਆਂ ਕਈ ਘਟਨਾਵਾਂ ਵਾਪਰੀਆਂ। ਡਾਕਟਰਾਂ ਦੇ ਸੰਗਠਨ ਨੇ ਰਾਜ ਦੇ 11 ਕਾਲਜਾਂ ਦੀ ਪਛਾਣ ਕੀਤੀ ਹੈ ਜਿੱਥੇ ਕਾਰਵਾਈ ਦੀ ਲੋੜ ਹੈ। ਡਾ. ਮਿੱਤਲ ਨੇ ਕਿਹਾ, ਜੇਕਰ ਜਾਂਚ ਸੰਸਥਾਗਤ ਲਾਪਰਵਾਹੀ ਜਾਂ ਸ਼ਿਕਾਇਤਾਂ 'ਤੇ ਤੁਰੰਤ ਜਵਾਬ ਨਾ ਦੇਣ ਦੀ ਪੁਸ਼ਟੀ ਕਰਦੀ ਹੈ

ਸੰਗਰੂਰ 'ਚ ਰੰਧਾਵਾ ਦਾ ਤਿੱਖਾ ਬਿਆਨ, ਕਿਹਾ- 'ਪੰਜਾਬ 'ਚ ਬਦਲਾਅ ਨਹੀਂ, ਇਨ੍ਹਾਂ ਨੇ ਪੰਜਾਬ ਹੀ ਖਤਮ ਕਰ ਦਿੱਤਾ'

ਸੰਗਰੂਰ 16 ਨਵੰਬਰ। ਰਾਹੁਲ ਗਾਂਧੀ ਦੀ ਸੰਗਰੂਰ ਰੈਲੀ ਦੌਰਾਨ ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਆਪਣੀ



ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਸੇ ਧਰਤੀ ਸੰਗਰੂਰ ਤੋਂ 1957 'ਚ ਸਰਦਾਰ ਤੇਜਾ ਸਿੰਘ ਸੁਤੰਤਰ ਸੰਸਦ ਸਨ। ਪਾਰਲੀਮੈਂਟ ਸੈਸ਼ਨ ਦੌਰਾਨ ਹਾਊਸ ਦੇ ਅੰਦਰ ਹੀ ਉਨ੍ਹਾਂ ਦੀ ਮੌਤ ਹੋ ਗਈ ਸੀ। ਜਦੋਂ ਉਨ੍ਹਾਂ ਦਾ ਝੋਲਾ ਦੇਖਿਆ ਗਿਆ ਤਾਂ ਉਸ 'ਚੋਂ ਸਿਰਫ 2 ਰੋਟੀਆਂ ਅਤੇ ਅੰਬ ਦਾ ਆਚਾਰ ਨਿਕਲਿਆ ਸੀ। ਉਨ੍ਹਾਂ ਕਿਹਾ ਅੱਜ ਦਾ ਮੁੱਖ ਮੰਤਰੀ ਜੋ ਸੰਗਰੂਰ ਤੋਂ ਸਾਬਕਾ ਸੰਸਦ ਮੈਂਬਰ ਵੀ ਰਿਹਾ, ਜਦੋਂ ਬਾਹਰੋਂ ਆਇਆ ਸੀ ਤਾਂ ਉਸ ਦੇ ਬੈਗ 'ਚੋਂ ਸ਼ਰਾਬ ਦੀਆਂ ਬੋਤਲਾਂ ਨਿਕਲੀਆਂ ਸਨ। ਇਸ ਦੌਰਾਨ ਸੁਖਜਿੰਦਰ ਸਿੰਘ ਰੰਧਾਵਾ ਨੇ ਅਮਿਤ ਸ਼ਾਹ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਸ਼ਾਹ ਭਾਸ਼ਣ ਦੇ ਕੇ ਗਏ ਹਨ ਕਿ ਪੰਜਾਬ 'ਚ ਭਾਜਪਾ ਸਰਕਾਰ ਬਣਾਵਾਂਗੇ, ਅੱਤਵਾਦ ਅਤੇ ਨਸ਼ਾ ਖਤਮ ਕਰਾਂਗੇ। ਉਨ੍ਹਾਂ ਕਿਹਾ ਮੈਂ ਅਮਿਤ ਸ਼ਾਹ ਨੂੰ ਕਹਿਣਾ ਚਾਹੁੰਦਾ ਹਾਂ ਕਿ ਤੇਰੀਆਂ ਦੋ ਸਟੇਟਾਂ ਗੁਜਰਾਤ ਅਤੇ ਅਸਾਮ, ਦੋਵਾਂ 'ਚ ਗੈਂਗਸਟਰ ਬੈਠੇ ਨੇ ਜੋ ਮੌਤ ਦਾ ਫਰਮਾਨ ਜਾਰੀ ਕਰਦੇ ਹਨ ਅਤੇ ਨਸ਼ਾ ਵੇਚਦੇ ਹਨ, ਪਹਿਲਾਂ ਉਨ੍ਹਾਂ 'ਚੋਂ ਨਸ਼ਾ ਖਤਮ ਕਰੋ। ਰੰਧਾਵਾ ਨੇ ਅੱਗੇ ਕਿਹਾ ਕਿ ਪੰਜਾਬ 'ਚ ਇਹ ਹਾਲਾਤ ਹੋ ਗਏ ਹਨ ਕਿ ਬੱਚੇ ਨਸ਼ੇ 'ਚ ਹਨ ਅਤੇ ਮਾਂ-ਬਾਪ ਡਰਦੇ ਹੋਏ ਬੱਚਿਆਂ ਨੂੰ ਬਾਹਰ ਭੇਜ ਰਹੇ ਹਨ। ਬਜ਼ੁਰਗਾਂ ਨੂੰ 10 ਸਾਲ ਬਾਅਦ ਕੰਧਾ ਦੇਣ ਲਈ ਵੀ ਕੋਈ ਨਹੀਂ ਹੋਵੇਗਾ। ਉਨ੍ਹਾਂ ਕਿਹਾ ਪੰਜਾਬ ਦੀ ਜਵਾਨੀ ਬਾਹਰ ਜਾ ਰਹੀ ਹੈ। ਇਨ੍ਹਾਂ ਲੋਕਾਂ ਨੇ ਪੰਜਾਬ ਦਾ ਬਦਲਾਅ